Samaj Weekly
ਸਮਾਜ ਵੀਕਲੀ
Punjabi, Hindi & English Newspaper - UK & EU Edition
Vol : 5 : # ਅੰਕ 20 17/07/2026 www.samajweekly.com samajweekly @samajweekly samajweekly

# ਅਮਰੀਕਾ ਨੇ ਇਰਾਨ 'ਤੇ ਫਿਰ ਕੀਤੀ ਏਅਰਸਟ੍ਰਾਈਕ, ਜਵਾਬੀ ਕਾਰਵਾਈ ਵਜੋਂ ਤਹਿਰਾਨ ਨੇ ਬਹਿਰੀਨ ਅਤੇ ਕੁਵੈਤ ਨੂੰ ਬਣਾਇਆ ਨਿਸ਼ਾਨਾ

## ਜੌਰਡਨ ਨੇ ਇਰਾਨ ਦੀਆਂ ਤਿੰਨ ਮਿਜ਼ਾਈਲਾਂ ਸੁੱਟੀਆਂ

ਅਮਰੀਕਾ ਨੇ ਵੀਰਵਾਰ ਤੜਕੇ ਇਰਾਨ ਵਿੱਚ ਫੌਜੀ ਟਿਕਾਣਿਆਂ 'ਤੇ ਇੱਕ ਵਾਰ ਫਿਰ ਹਵਾਈ ਹਮਲੇ ਕੀਤੇ। ਅਮਰੀਕੀ ਸੈਂਟਰਲ ਕਮਾਂਡ ਅਨੁਸਾਰ, ਇਨ੍ਹਾਂ ਹਮਲਿਆਂ ਵਿੱਚ ਸਿਸਤਾਨ-ਬਲੋਚਿਸਤਾਨ ਸਥਿਤ ਮਿਜ਼ਾਈਲ ਲਾਂਚ ਸਾਈਟਾਂ, ਰੱਖਿਆ ਟਿਕਾਣਿਆਂ ਅਤੇ 388ਵੀਂ ਬ੍ਰਿਗੇਡ ਦੀਆਂ ਬੈਰਕਾਂ ਨੂੰ ਨਿਸ਼ਾਨਾ ਬਣਾਇਆ ਗਿਆ। ਇਸ ਦੇ ਜਵਾਬ ਵਿੱਚ, ਇਰਾਨ ਨੇ ਬਹਿਰੀਨ, ਕੁਵੈਤ ਅਤੇ ਜੌਰਡਨ ਵਿਚ ਅਮਰੀਕੀ ਫੌਜੀ ਅੱਡਿਆਂ 'ਤੇ ਮਿਜ਼ਾਈਲ ਅਤੇ ਡਰੋਨ ਹਮਲੇ ਕਰਨ ਦਾ ਦਾਅਵਾ ਕੀਤਾ। ਬਹਿਰੀਨ ਅਤੇ ਕੁਵੈਤ ਵਿੱਚ ਮਿਜ਼ਾਈਲ ਚੇਤਾਵਨੀਆਂ ਜਾਰੀ ਕੀਤੀਆਂ ਗਈਆਂ, ਜਦਕਿ ਜੌਰਡਨ ਨੇ ਇਰਾਨ ਦੀਆਂ ਤਿੰਨ ਮਿਜ਼ਾਈਲਾਂ ਨੂੰ ਡੇਗਣ ਦੀ ਸੂਚਨਾ ਦਿੱਤੀ। ਇਸ ਦੌਰਾਨ, ਇਰਾਨੀ ਸੰਸਦ ਦੇ ਸਪੀਕਰ ਮੁਹੰਮਦ ਬਾਘੇਰ ਘਾਲੀਬਾਫ ਨੇ ਕਿਹਾ ਕਿ ਜੇਕਰ ਅਮਰੀਕਾ ਪਿੱਛੇ ਨਹੀਂ ਹਟਦਾ, ਤਾਂ ਇਰਾਨ ਇੱਕ ਵੱਡੇ ਫੌਜੀ ਟਕਰਾਅ ਲਈ ਤਿਆਰ ਹੈ। ਨਾਲ ਹੀ, ਰੈਵੋਲਿਊਸ਼ਨਰੀ ਗਾਰਡ ਨੇ ਚੇਤਾਵਨੀ ਦਿੱਤੀ ਕਿ ਜੇਕਰ ਲੋੜ ਪਈ ਤਾਂ ਮੱਧ ਪੂਰਬ ਤੋਂ ਤੇਲ ਅਤੇ ਗੈਸ ਦੀ ਬਰਾਮਦ ਨੂੰ ਰੋਕਿਆ ਜਾ ਸਕਦਾ ਹੈ। ਇਰਾਨ ਦੇ ਸਿਹਤ ਮੰਤਰਾਲੇ ਨੇ ਦਾਅਵਾ ਕੀਤਾ ਹੈ ਕਿ ਹਾਲੀਆ ਅਮਰੀਕੀ ਹਵਾਈ ਹਮਲਿਆਂ ਵਿੱਚ 35 ਤੋਂ ਵੱਧ ਲੋਕ ਮਾਰੇ ਗਏ ਹਨ।

**ਅਮਰੀਕੀ ਹਵਾਈ ਹਮਲਿਆਂ ਨਾਲ ਈਰਾਨ 'ਚ 30 ਤੋਂ ਵੱਧ ਜਣਿਆਂ ਦੀ ਮੌਤ**

ਈਰਾਨੀ ਸਰਕਾਰ ਨੇ ਦਾਅਵਾ ਕੀਤਾ ਹੈ ਕਿ ਹਾਲ ਹੀ ਦੇ ਦਿਨਾਂ 'ਚ ਈਰਾਨ 'ਤੇ ਅਮਰੀਕੀ ਹਵਾਈ ਹਮਲਿਆਂ 'ਚ 30 ਤੋਂ ਵੱਧ ਜਣੇ ਮਾਰੇ ਗਏ ਹਨ। ਇਹ ਬਿਆਨ ਈਰਾਨ ਦੇ ਸਿਹਤ ਮੰਤਰਾਲੇ ਦੇ ਬੁਲਾਰੇ ਵੱਲੋਂ ਰਾਤ ਭਰ ਕੀਤੇ ਗਏ ਅਮਰੀਕੀ ਹਵਾਈ ਹਮਲਿਆਂ 'ਚ 260 ਤੋਂ ਵੱਧ ਜਣੇ ਜ਼ਖਮੀ ਹੋਣ ਦੀ ਰਿਪੋਰਟ ਤੋਂ ਬਾਅਦ ਆਇਆ ਹੈ। ਹਾਲਾਂਕਿ, ਫਾਤੇਮੇਹ



ਮੋਹਾਜੇਰਾਨੀ ਨੇ ਉਸ ਸਮੇਂ ਦਾ ਜ਼ਿਕਰ ਨਹੀਂ ਕੀਤਾ ਜਿਸ ਸਮੇਂ ਲਈ ਉਨ੍ਹਾਂ ਨੇ 30 ਤੋਂ ਵੱਧ ਮੌਤਾਂ ਦਾ ਜ਼ਿਕਰ ਕੀਤਾ ਸੀ। ਈਰਾਨ ਨੇ ਅਮਰੀਕਾ ਅਤੇ ਇਜ਼ਰਾਈਲ ਨਾਲ ਚੱਲ ਰਹੇ ਟਕਰਾਅ ਦੌਰਾਨ ਰੁਕ-ਰੁਕ ਕੇ ਸਿਰਫ ਜ਼ਖਮੀਆਂ ਦੇ ਅੰਕੜੇ ਜਾਰੀ ਕੀਤੇ ਹਨ। ਈਰਾਨੀ ਫੌਜ ਨੇ ਕਿਹਾ ਹੈ ਕਿ ਈਰਾਨ ਸ਼ਹਿਰ 'ਚ ਬਮਪੁਰ ਗੈਰੀਸਨ 'ਤੇ ਅਮਰੀਕੀ ਹਮਲੇ ਦਾ ਢੁਕਵੇਂ ਸਮੇਂ 'ਤੇ ਫੈਸਲਾਕੁੰਨ ਜਵਾਬ ਦਿੱਤਾ ਜਾਵੇਗਾ। ਫੌਜ ਨੇ ਹਮਲੇ ਨੂੰ ਕਾਇਰਤਾਪੂਰਨ ਹਮਲਾ ਦੱਸਿਆ ਹੈ। ਫੌਜ ਦੇ ਮੁਤਾਬਕ, ਅਮਰੀਕੀ ਫੌਜਾਂ ਨੇ ਬਾਮਪੁਰ 'ਚ ਫੌਜੀ ਬੈਰਕਾਂ 'ਤੇ 13 ਮਿਜ਼ਾਈਲਾਂ ਦਾਗੀਆਂ। ਹਮਲੇ 'ਚ 388ਵੀਂ ਬ੍ਰਿਗੇਡ ਦੇ ਸੱਤ ਸੈਨਿਕ ਮਾਰੇ ਗਏ ਅਤੇ ਕਈ ਹੋਰ ਜ਼ਖਮੀ ਹੋ ਗਏ। ਫੌਜ ਦਾ ਦੋਸ਼ ਹੈ ਕਿ ਅਮਰੀਕੀ ਹਮਲੇ ਵੱਧ ਤੋਂ ਵੱਧ ਜਾਨੀ ਨੁਕਸਾਨ ਦੇ ਉਦੇਸ਼ ਨਾਲ ਕੀਤੇ ਗਏ ਸਨ, ਜਿਸ 'ਚ ਫੌਜੀ ਅੱਡੇ ਦੇ ਗੈਸਟਹਾਊਸ, ਸੁਰੱਖਿਆ ਚੌਕੀਆਂ ਅਤੇ ਰਿਹਾਇਸ਼ੀ ਸਹੂਲਤਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਅਮਰੀਕਾ ਨੇ ਈਰਾਨ ਦੇ ਪੱਛਮੀ ਖੁਜ਼ੇਸਤਾਨ ਸੂਬੇ ਦੇ ਹੋਵੇਜ਼ੇਹ ਖੇਤਰ 'ਚ ਇੱਕ ਕਣਕ ਭੰਡਾਰਨ ਸਹੂਲਤ 'ਤੇ ਹਮਲਾ ਕੀਤਾ ਹੈ। ਸੂਬਾਈ ਡਿਪਟੀ ਗਵਰਨਰ ਨੇ ਇਸਦੀ ਜਾਣਕਾਰੀ ਸਰਕਾਰੀ ਫਾਰਸ ਨਿਊਜ਼ ਏਜੰਸੀ ਨੂੰ ਦਿੱਤੀ। ਅਧਿਕਾਰੀ ਦੇ ਮੁਤਾਬਕ, ਰਾਤ ਦੇ ਸਮੇਂ ਹੋਏ ਹਮਲੇ ਦੌਰਾਨ ਇੱਕ ਅਮਰੀਕੀ ਮਿਜ਼ਾਈਲ ਕਣਕ ਭੰਡਾਰਨ ਸਹੂਲਤ 'ਤੇ ਡਿੱਗੀ। ਉਸਨੇ ਅੱਗੇ ਕਿਹਾ ਕਿ ਹੁਣ ਤੱਕ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ। ਜਾਰਡਨ ਨੇ ਬੁੱਧਵਾਰ ਨੂੰ ਦਾਅਵਾ ਕੀਤਾ ਕਿ ਉਸਦੀ ਫੌਜ ਨੇ ਈਰਾਨ ਦੁਆਰਾ ਦੇਸ਼ ਨੂੰ ਨਿਸ਼ਾਨਾ ਬਣਾਉਂਦੇ ਹੋਏ ਦਾਗੀਆਂ ਗਈਆਂ ਮਿਜ਼ਾਈਲਾਂ ਨੂੰ ਡੇਗ ਦਿੱਤਾ। ਤਹਿਰਾਨ ਨੇ ਪਹਿਲਾਂ ਹਮਲੇ ਦੀ ਜ਼ਿੰਮੇਵਾਰੀ ਲਈ ਸੀ। ਇਹ ਘਟਨਾਕ੍ਰਮ ਉਸ ਸਮੇਂ ਆਇਆ ਹੈ ਜਦੋਂ ਅਮਰੀਕਾ ਨੇ ਹੋਰਮੁਜ਼ ਜਲਡਮਰੂ ਤੋਂ ਲੰਘਣ ਵਾਲੇ ਜਹਾਜ਼ਾਂ 'ਤੇ ਹਮਲਿਆਂ ਤੋਂ ਬਾਅਦ ਈਰਾਨ ਵਿਰੁੱਧ ਦੁਬਾਰਾ ਜਲ ਸੈਨਾ ਦੀ ਨਾਕਾਬੰਦੀ ਕਰ ਦਿੱਤੀ ਹੈ।

# ਪੰਜਾਬ ਵਿਚ ਮੁੜ ਗਰਮੀ ਨੇ ਕੀਤਾ ਬੁਰਾ ਹਾਲ, 40 ਡਿਗਰੀ ਤੋਂ ਪਾਰ ਪਹੁੰਚਿਆ ਤਾਪਮਾਨ

**ਚੰਡੀਗੜ੍ਹ।** ਪੰਜਾਬ ਵਿਚ ਮੌਨਸੂਨ ਦੀ ਰਫ਼ਤਾਰ ਇਸ ਵੇਲੇ ਹੌਲੀ ਹੋ ਗਈ ਹੈ। ਮੀਂਹ ਰੁਕਣ ਨਾਲ ਗਰਮੀ ਅਤੇ ਨਮੀ ਵਧ ਗਈ ਹੈ, ਜਿਸ ਕਾਰਨ ਲੋਕਾਂ ਦਾ ਦਿਨ ਵੇਲੇ ਘਰਾਂ ਤੋਂ ਬਾਹਰ ਨਿਕਲਣਾ ਮੁਸ਼ਕਲ ਹੋ ਗਿਆ ਹੈ। ਮੌਸਮ ਵਿਭਾਗ ਨੇ ਅੱਜ ਲਈ ਸੂਬੇ ਦੇ ਅੱਠ ਜ਼ਿਲ੍ਹਿਆਂ ਵਿੱਚ ਗਰਮ ਅਤੇ ਨਮੀ ਵਾਲੇ ਮੌਸਮ ਲਈ 'ਯੈਲੋ ਅਲਰਟ' ਜਾਰੀ ਕੀਤਾ ਹੈ, ਜਦੋਂ ਕਿ 16 ਜ਼ਿਲ੍ਹਿਆਂ ਵਿਚ ਇੱਕ ਜਾਂ ਦੋ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਦੀ ਸੰਭਾਵਨਾ ਦੀ ਭਵਿੱਖਬਾਣੀ ਕੀਤੀ ਹੈ। ਚੰਡੀਗੜ੍ਹ ਮੌਸਮ ਵਿਗਿਆਨ ਕੇਂਦਰ ਅਨੁਸਾਰ ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੋਗਾ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਬਰਨਾਲਾ ਅਤੇ ਮਾਨਸਾ ਵਿੱਚ ਗਰਮ ਅਤੇ ਨਮੀ ਵਾਲੇ ਮੌਸਮ ਦੀ ਸੰਭਾਵਨਾ ਹੈ। ਇਸ ਦੌਰਾਨ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ), ਕਪੂਰਥਲਾ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਮਾਨਸਾ, ਫਤਿਹਗੜ੍ਹ ਸਾਹਿਬ, ਰੂਪਨਗਰ, ਨਗਰ (ਸ.) ਅਤੇ ਮੋਗਾ ਵਿੱਚ ਇੱਕ-ਦੋ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋ ਸਕਦੀ ਹੈ। ਪਿਛਲੇ 24 ਘੰਟਿਆਂ ਦੌਰਾਨ ਸੂਬੇ ਦੇ ਵੱਧ ਤੋਂ ਵੱਧ ਤਾਪਮਾਨ ਵਿੱਚ 0.4 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ ਹੈ। ਇਹ ਹੁਣ ਆਮ ਨਾਲੋਂ 2.1 ਡਿਗਰੀ ਸੈਲਸੀਅਸ ਵੱਧ ਹੈ। ਸਭ ਤੋਂ ਵੱਧ ਤਾਪਮਾਨ ਫਰੀਦਕੋਟ ਵਿੱਚ 41.3 ਡਿਗਰੀ



ਸੈਲਸੀਅਸ ਦਰਜ ਕੀਤਾ ਗਿਆ। ਚੰਡੀਗੜ੍ਹ ਸਥਿਤ ਮੌਸਮ ਵਿਗਿਆਨ ਕੇਂਦਰ ਦੇ ਡਾਇਰੈਕਟਰ ਡਾ. ਸੁਰਿੰਦਰ ਪਾਲ ਅਨੁਸਾਰ, ਮਾਨਸੂਨ ਦੀ ਸਰਗਰਮ ਰੇਖਾ ਇਸ ਸਮੇਂ ਉੱਤਰੀ ਭਾਰਤ ਤੋਂ ਬੰਗਾਲ ਦੀ ਖਾੜੀ ਤੱਕ ਫੈਲੀ ਹੋਈ ਹੈ, ਜਿਸ ਨਾਲ ਪੰਜਾਬ ਵਿੱਚ ਨਮੀ ਬਣੀ ਰਹੇਗੀ। ਹਾਲਾਂਕਿ, ਮਾਨਸੂਨ ਨੂੰ ਸਰਗਰਮ ਕਰਨ ਵਾਲੇ ਜ਼ਰੂਰੀ ਕਾਰਕ, ਜਿਵੇਂ ਕਿ ਮਾਨਸੂਨ ਟਰੱਫ ਦਾ ਦੱਖਣ ਵੱਲ ਖਿਸਕਣਾ ਜਾਂ ਚੱਕਰਵਾਤੀ ਘੁੰਮਣ-ਘੇਰੀ ਦਾ ਬਣਨਾ, ਇਸ ਸਮੇਂ ਮੌਜੂਦ ਨਹੀਂ ਹਨ। ਉੱਤਰੀ ਪਾਕਿਸਤਾਨ ਅਤੇ ਜੰਮੂ-ਕਸ਼ਮੀਰ ਦੇ ਉੱਪਰ ਇੱਕ 'ਵੈਸਟਰਨ ਡਿਸਟਰਬੈਂਸ' (ਪੱਛਮੀ ਗੜਬੜੀ) ਸਰਗਰਮ ਹੈ। ਇਸ ਦੌਰਾਨ, 19 ਜੁਲਾਈ ਤੋਂ ਉੱਤਰ-ਪੱਛਮੀ ਭਾਰਤ ਨੂੰ ਇੱਕ ਨਵੀਂ ਪੱਛਮੀ ਗੜਬੜੀ ਪ੍ਰਭਾਵਿਤ ਕਰੇਗੀ। ਇਸਦੇ ਪ੍ਰਭਾਵ ਹੇਠ, ਪੰਜਾਬ ਵਿੱਚ ਬਾਰਿਸ਼ ਦੀ ਗਤੀਵਿਧੀ ਦੁਬਾਰਾ ਵਧਣ ਦੀ ਸੰਭਾਵਨਾ ਹੈ। ਅਗਲੇ 24 ਘੰਟਿਆਂ ਦੌਰਾਨ, ਕੁਝ ਖੇਤਰਾਂ ਵਿਚ 40-50 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੇ ਨਾਲ-ਨਾਲ ਗਰਜ-ਤੂਫ਼ਾਨ ਆ ਸਕਦਾ ਹੈ, ਜਿਸ ਨਾਲ 60 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਤੱਕ ਹਵਾਵਾਂ ਚੱਲ ਸਕਦੀਆਂ ਹਨ। BBMB ਦੇ ਤਾਜ਼ਾ ਅੰਕੜਿਆਂ ਅਨੁਸਾਰ, ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ 1,582.13 ਫੁੱਟ ਹੈ, ਜੋ ਕਿ 1,680 ਫੁੱਟ ਦੇ ਖ਼ਤਰੇ ਦੇ ਨਿਸ਼ਾਨ ਤੋਂ 97.87 ਫੁੱਟ ਹੇਠਾਂ ਹੈ। ਇਸ ਦੇ ਨਾਲ ਹੀ, ਪੌਂਗ ਡੈਮ ਵਿੱਚ ਪਾਣੀ ਦਾ ਪੱਧਰ 1,322.54 ਫੁੱਟ ਦਰਜ ਕੀਤਾ ਗਿਆ ਹੈ, ਜੋ ਕਿ 1,390 ਫੁੱਟ ਦੇ ਖ਼ਤਰੇ ਦੇ ਨਿਸ਼ਾਨ ਤੋਂ 67.46 ਫੁੱਟ ਹੇਠਾਂ ਹੈ। ਭਾਖੜਾ ਡੈਮ ਵਿੱਚ 33,701 ਕਿਊਸਿਕ ਪਾਣੀ ਦੀ ਆਮਦ ਹੋ ਰਹੀ ਹੈ, ਜਦੋਂ ਕਿ 26,409 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ। ਪੌਂਗ ਡੈਮ ਵਿੱਚ 14,841 ਕਿਊਸਿਕ ਪਾਣੀ ਦੀ ਆਮਦ ਹੋ ਰਹੀ ਹੈ ਅਤੇ 18,487 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ। ਗਰਮੀ ਅਤੇ ਨਮੀ ਕਾਰਨ ਸੂਬੇ ਵਿੱਚ ਬਿਜਲੀ ਦੀ ਮੰਗ ਵਧੀ ਹੈ। ਇਸ ਵੇਲੇ ਪੰਜਾਬ ਦੀ ਬਿਜਲੀ ਦੀ ਮੰਗ 15,388 ਮੈਗਾਵਾਟ ਹੈ, ਜਦੋਂ ਕਿ ਸੂਬਾ 6,036 ਮੈਗਾਵਾਟ ਪੈਦਾ ਕਰ ਰਿਹਾ ਹੈ।

# ਹੋਸਟਲ ਦੇ ਖਾਣੇ ਵਿੱਚੋਂ ਮਿਲੀ ਕਿਰਲੀ, 30 ਵਿਦਿਆਰਥਣਾਂ ਦੀ ਵਿਗੜੀ ਸਿਹਤ

**ਮੁਰਲੀਗੰਜ।** ਮੁਰਲੀਗੰਜ ਬਲਾਕ ਦਫ਼ਤਰ ਕੰਪਲੈਕਸ ਦੇ ਨੇੜੇ ਸਥਿਤ ਡਾ. ਭੀਮਰਾਓ ਅੰਬੇਡਕਰ ਰਿਹਾਇਸ਼ੀ ਸਕੂਲ ਵਿੱਚ ਮੰਗਲਵਾਰ ਰਾਤ ਕਰੀਬ 9:30 ਵਜੇ ਖਾਣਾ ਖਾਣ ਤੋਂ ਬਾਅਦ ਅਚਾਨਕ ਲਗਭਗ 30 ਵਿਦਿਆਰਥਣਾਂ ਦੀ ਤਬੀਅਤ ਵਿਗੜ ਗਈ। ਸਾਰੀਆਂ ਬੀਮਾਰ ਵਿਦਿਆਰਥਣਾਂ 6 ਤੋਂ 17 ਸਾਲ ਦੀਆਂ ਹਨ। ਕਿਸੇ ਨੂੰ ਸਿਰ ਦਰਦ, ਪੇਟ ਦਰਦ ਤਾਂ ਕਿਸੇ ਨੂੰ ਉਲਟੀ ਦੀ ਸ਼ਿਕਾਇਤ ਹੋਣ ਲੱਗੀ। ਸਾਰੀਆਂ ਵਿਦਿਆਰਥਣਾਂ ਨੂੰ ਐਂਬੂਲੈਂਸ ਰਾਹੀਂ ਸਾਮੁਦਾਇਕ ਸਿਹਤ ਕੇਂਦਰ ਮੁਰਲੀਗੰਜ ਲਿਆਂਦਾ ਗਿਆ। ਡਾਕਟਰਾਂ ਨੇ ਸਾਰਿਆਂ ਦਾ ਇਲਾਜ ਕੀਤਾ। ਵਿਦਿਆਰਥਣਾਂ ਨੇ ਦੱਸਿਆ ਕਿ ਰਾਤ ਦੇ ਖਾਣੇ ਵਿੱਚ ਰੋਟੀ, ਕੱਦੂ ਦੀ ਸਬਜ਼ੀ, ਦਾਲ ਅਤੇ ਖੀਰ ਦਿੱਤੀ ਗਈ ਸੀ। ਦਾਲ ਵਿੱਚ ਕਿਰਲੀ ਵਰਗਾ ਕੁਝ ਦਿਖਾਈ ਦਿੱਤਾ ਸੀ। ਖਾਣਾ ਖਾਣ ਦੇ ਕੁਝ ਦੇਰ ਬਾਅਦ ਹੀ ਕਈ ਬੱਚੀਆਂ ਨੂੰ ਪੇਟ ਦਰਦ, ਉਲਟੀ ਅਤੇ ਘਬਰਾਹਟ ਦੀ ਸ਼ਿਕਾਇਤ ਹੋਣ ਲੱਗੀ। ਇਸ ਤੋਂ ਬਾਅਦ ਸਾਰੀਆਂ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ। ਰਾਤ



ਕਰੀਬ ਇੱਕ ਵਜੇ ਤੱਕ ਸਾਰਿਆਂ ਦਾ ਇਲਾਜ ਚੱਲਦਾ ਰਿਹਾ। ਬੀਮਾਰ ਵਿਦਿਆਰਥਣਾਂ ਵਿੱਚੋਂ ਮੀਨਾਕਸ਼ੀ ਕੁਮਾਰੀ ਨੇ ਦੱਸਿਆ ਕਿ ਦਾਲ ਵਿੱਚ ਕਿਰਲੀ ਵਰਗਾ ਕੁਝ ਦੇਖਿਆ ਸੀ। ਖਾਣਾ ਖਾਣ ਤੋਂ ਬਾਅਦ ਕਈ ਵਿਦਿਆਰਥਣਾਂ ਦੀ ਤਬੀਅਤ ਵਿਗੜ ਗਈ। ਕੁਝ ਵਿਦਿਆਰਥਣਾਂ ਦੀ ਹਾਲਤ ਜ਼ਿਆਦਾ ਖ਼ਰਾਬ ਹੋਣ ਤੇ ਉਨ੍ਹਾਂ ਨੂੰ ਗਲੂਕੋਜ਼ ਵੀ ਚੜ੍ਹਾਇਆ ਗਿਆ। ਮੁਰਲੀਗੰਜ ਸੀ.ਐਚ.ਸੀ. ਵਿੱਚ ਡਿਊਟੀ ਤੇ ਤਾਇਨਾਤ ਡਾ. ਨਿਸ਼ੀਕਾਂਤ ਅਨੁਸਾਰ ਮੁੱਢਲੇ ਇਲਾਜ ਤੋਂ ਬਾਅਦ ਫਿਲਹਾਲ ਸਾਰੀਆਂ ਵਿਦਿਆਰਥਣਾਂ ਦੀ ਹਾਲਤ ਆਮ ਵਾਂਗ ਹੈ। ਕਿਸੇ ਦੀ ਵੀ ਸਥਿਤੀ ਚਿੰਤਾਜਨਕ ਨਹੀਂ ਹੈ। ਸਾਰੀਆਂ ਬੱਚੀਆਂ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ ਹੈ। ਸੀ.ਐਚ.ਸੀ. ਵਿੱਚ ਤਾਇਨਾਤ ਡਾਕਟਰ ਅਤੇ ਸਿਹਤ ਕਰਮਚਾਰੀਆਂ ਨੇ ਸਾਰੇ ਬੱਚਿਆਂ ਦਾ ਮੁੱਢਲਾ ਇਲਾਜ ਕਰਕੇ ਲੋੜੀਂਦੀਆਂ ਦਵਾਈਆਂ ਦਿੱਤੀਆਂ। ਕੁਝ ਵਿਦਿਆਰਥਣਾਂ ਨੂੰ ਨਿਗਰਾਨੀ ਹੇਠ ਰੱਖ ਕੇ ਗਲੂਕੋਜ਼ ਚੜ੍ਹਾਇਆ ਗਿਆ। ਇਲਾਜ ਤੋਂ ਬਾਅਦ ਸਾਰਿਆਂ ਦੀ ਹਾਲਤ ਠੀਕ ਦੱਸੀ ਗਈ।

## ਬੇਅਦਬੀ ਮਾਮਲੇ 'ਚ SIT ਨੇ ਸੁਖਬੀਰ ਬਾਦਲ ਨੂੰ ਭੇਜਿਆ ਨੋਟਿਸ

**ਚੰਡੀਗੜ੍ਹ :** ਬੇਅਦਬੀ ਮਾਮਲੇ 'ਤੇ ਵੱਡੀ ਅਪਡੇਟ ਸਾਹਮਣੇ ਆਈ ਹੈ । ਐਸ.ਆਈ.ਟੀ. ਨੇ ਸੁਖਬੀਰ ਸਿੰਘ ਬਾਦਲ ਨੂੰ ਨੋਟਿਸ ਜਾਰੀ ਕੀਤਾ ਹੈ । ਸੁਖਬੀਰ ਸਿੰਘ ਬਾਦਲ ਤੋਂ ਸੋਮਵਾਰ ਨੂੰ ਪੁੱਛਗਿੱਛ ਕੀਤੀ ਜਾਵੇਗੀ । ਭਾਜਪਾ ਆਗੂ ਵਿਜੇ ਸਾਂਪਲਾ ਦੇ ਬਿਆਨ ਤੋਂ ਬਾਅਦ ਸੁਖਬੀਰ ਸਿੰਘ ਨੂੰ ਤਲਬ ਕੀਤਾ ਜਾ ਰਿਹਾ ਹੈ। ਸਾਂਪਲਾ ਨੇ ਬੇਅਦਬੀ ਮਾਮਲੇ ਸੰਬੰਧੀ ਸੁਖਬੀਰ ਸਿੰਘ ਬਾਦਲ ਦੇ ਨਾਲ ਰਾਜਪਾਲ ਨੂੰ ਸੌਂਪੇ ਗਏ ਪ੍ਰਤੀਨਿਧ ਪੱਤਰ 'ਤੇ ਦਸਤਖ਼ਤ ਕਰਨ ਤੋਂ ਇਨਕਾਰ ਕਰ ਦਿੱਤਾ । ਸਾਬਕਾ ਅਕਾਲੀ ਵਿਧਾਇਕ ਮਨਤਾਰ ਸਿੰਘ ਬਰਾੜ ਨੇ ਪ੍ਰਦਰਸ਼ਨਕਾਰੀਆਂ ਵਿਰੁੱਧ ਕਾਰਵਾਈ ਤੋਂ ਪਹਿਲਾਂ ਮੁੱਖ ਮੰਤਰੀ, ਗ੍ਰਹਿ ਮੰਤਰੀ ਅਤੇ



ਡਾਇਰੈਕਟਰ ਜਨਰਲ ਨਾਲ ਗੱਲ ਕੀਤੀ। ਮਰਹੂਮ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਓ.ਐਸਡੀ ਨੇ ਵੀ ਪੁਸ਼ਟੀ ਕੀਤੀ ਕਿ ਪ੍ਰਦਰਸ਼ਨਕਾਰੀਆਂ ਨੂੰ ਹਟਾਉਣ ਦਾ ਹੁਕਮ ਰਾਤ ਨੂੰ ਦਿੱਤਾ ਗਿਆ ਸੀ।

## ਸੋਨਮ ਵਾਂਗਚੁਕ ਦੀ ਭੁੱਖ ਹੜਤਾਲ 19ਵੇਂ ਦਿਨ ਵਿੱਚ ਦਾਖਲ

**ਨਵੀਂ ਦਿੱਲੀ।** ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਦੀ ਅਣਮਿੱਥੇ ਸਮੇਂ ਦੀ ਭੁੱਖ ਹੜਤਾਲ ਅੱਜ 19ਵੇਂ ਦਿਨ ਵਿੱਚ ਪ੍ਰਵੇਸ਼ ਕਰ ਗਈ ਹੈ। ਇਸ ਦੌਰਾਨ ਉਨ੍ਹਾਂ ਦਾ ਵਜ਼ਨ 9 ਕਿੱਲੋ ਤੋਂ ਵੱਧ ਘਟ ਗਿਆ ਹੈ। ਡਾਕਟਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਲੰਬੇ ਸਮੇਂ ਦੇ ਵਰਤ ਕਾਰਨ ਉਨ੍ਹਾਂ ਦੀ ਸਿਹਤ ਬਹੁਤ ਨਾਜ਼ੁਕ ਪੜਾਅ ਤੇ ਪਹੁੰਚ ਚੁੱਕੀ ਹੈ ਅਤੇ ਹੁਣ ਇਸ ਦਾ ਅਸਰ ਉਨ੍ਹਾਂ ਦੇ ਸਰੀਰਕ ਅੰਗਾਂ ਤੇ ਪੈਣਾ ਸ਼ੁਰੂ ਹੋ ਸਕਦਾ ਹੈ। ਬੀਤੀ ਰਾਤ ਜਾਰੀ ਕੀਤੇ ਇੱਕ ਵੀਡੀਓ ਸੰਦੇਸ਼ ਵਿੱਚ ਵਾਂਗਚੁਕ ਨੇ ਸਿਆਸੀ ਆਗੂਆਂ ਅਤੇ ਸਮਰਥਕਾਂ ਦੀਆਂ ਅਪੀਲਾਂ ਦੇ ਬਾਵਜੂਦ ਭੁੱਖ ਹੜਤਾਲ ਖ਼ਤਮ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੋਈ ਹੁੰਗਾਰਾ ਮਿਲੇ ਬਿਨਾਂ ਵਰਤ ਤੋੜਨਾ ਗਲਤ ਸੰਦੇਸ਼ ਦੇਵੇਗਾ। ਇਸ ਦੀ ਬਜਾਏ, ਉਨ੍ਹਾਂ ਨੇ ਲੋਕਾਂ ਨੂੰ ਕਾਕਰੋਚ ਜਨਤਾ ਪਾਰਟੀ ਵੱਲੋਂ 20 ਜੁਲਾਈ ਨੂੰ ਕੀਤੇ ਜਾਣ ਵਾਲੇ ਸੰਸਦ ਮਾਰਚ ਨੂੰ ਹੋਰ ਮਜ਼ਬੂਤ ਕਰਨ ਦੀ ਅਪੀਲ ਕੀਤੀ। ਦਿੱਲੀ ਹਾਈ ਕੋਰਟ ਨੇ ਅੱਜ ਪ੍ਰਸ਼ਾਸਨ ਨੂੰ ਨਿਰਦੇਸ਼ ਦਿੱਤੇ ਹਨ ਕਿ ਸੋਨਮ ਵਾਂਗਚੁਕ ਦੀ ਸਿਹਤ ਦੀ ਰੋਜ਼ਾਨਾ ਨਿਗਰਾਨੀ ਕੀਤੀ ਜਾਵੇ ਅਤੇ ਲੋੜ ਪੈਣ ਤੇ ਤੁਰੰਤ ਡਾਕਟਰੀ ਸਹਾਇਤਾ ਮੁਹੱਈਆ ਕਰਵਾਈ ਜਾਵੇ। ਅਦਾਲਤ ਨੇ ਕਿਹਾ ਕਿ ਕਿਸੇ ਵੀ ਨਾਗਰਿਕ ਦੀ ਜਾਨ ਬਹੁਤ ਕੀਮਤੀ ਹੈ। ਕੇਂਦਰ ਅਤੇ ਦਿੱਲੀ ਸਰਕਾਰ ਨੇ ਵੀ ਅਦਾਲਤ ਨੂੰ ਦੱਸਿਆ ਕਿ ਉਨ੍ਹਾਂ ਨੂੰ ਨਿਯਮਤ ਮੈਡੀਕਲ ਨਿਗਰਾਨੀ ਤੇ ਕੋਈ ਇਤਰਾਜ਼ ਨਹੀਂ ਹੈ। ਡਾਕਟਰ ਸਤੀਸ਼ ਲਾਂਬਾ ਵੱਲੋਂ ਜਾਰੀ ਮੈਡੀਕਲ ਬੁਲੇਟਿਨ




ਅਨੁਸਾਰ, ਭੁੱਖ ਹੜਤਾਲ ਕਾਰਨ ਵਾਂਗਚੁਕ ਦਾ ਵਜ਼ਨ 9 ਕਿੱਲੋ ਤੋਂ ਵੱਧ ਘਟ ਚੁੱਕਾ ਹੈ। ਹਾਲਾਂਕਿ ਉਹ ਮਾਨਸਿਕ ਤੌਰ ਤੇ ਪੂਰੀ ਤਰ੍ਹਾਂ ਸੁਚੇਤ ਹਨ। ਡਾਕਟਰ ਲਾਂਬਾ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਸਰੀਰ ਵਿੱਚ ਗਲੂਕੋਜ਼ ਖ਼ਤਮ ਹੋਣ ਤੋਂ ਬਾਅਦ ਚਰਬੀ ਖ਼ਤਮ ਹੁੰਦੀ ਹੈ ਅਤੇ ਉਸ ਤੋਂ ਬਾਅਦ ਮਾਸਪੇਸ਼ੀਆਂ ਘਟਣ ਲੱਗਦੀਆਂ ਹਨ। ਵਾਂਗਚੁਕ ਦੇ ਯੂਰਿਕ ਐਸਿਡ ਦਾ ਵਧਣਾ ਇਹ ਦਰਸਾਉਂਦਾ ਹੈ ਕਿ ਉਨ੍ਹਾਂ ਦੀਆਂ ਮਾਸਪੇਸ਼ੀਆਂ ਖ਼ਤਮ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅਗਲਾ ਪੜਾਅ ਖ਼ਤਰਨਾਕ ਹੋ ਸਕਦਾ ਹੈ ਜਿੱਥੇ ਅੰਗ ਪ੍ਰਭਾਵਿਤ ਹੋ ਸਕਦੇ ਹਨ, ਇਸ ਲਈ ਸਰਕਾਰ ਨੂੰ ਤੁਰੰਤ ਦਖ਼ਲ ਦੇਣਾ ਚਾਹੀਦਾ ਹੈ।

Samaj Weekly
ਸਮਾਜ ਵੀਕਲੀ
Editor-in-chief
Devinder Chander
+44 7878 456 484
Editorial Office
Samaj Weekly
Samaj Media Enterprise Ltd
46 Summer Road
Erdington,Birmingham UK
B23 6UR
+44 7878 456 484
+44 121 565 4810
info@samajweekly.com
samajweekly@gmail.com
ਹਰ ਪ੍ਰਕਾਰ ਦੇ ਵਪਾਰਕ ਅਤੇ ਕਲਾਸੀਫਾਈਡ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ।

## ਉਡੀਸ਼ਾ ਦੇ ਪੁਰੀ 'ਚ ਜਗਨਨਾਥ ਰੱਥ ਯਾਤਰਾ ਦੌਰਾਨ ਮਚੀ ਭਗਦੜ

**1 ਵਿਕਅਤੀ ਦੀ ਹੋਈ ਮੌਤ, 100 ਤੋਂ ਵੱਧ ਲੋਕ ਹੋਏ ਜ਼ਖ਼ਮੀ**



**ਪੁਰੀ :** ਓਡੀਸ਼ਾ ਦੇ ਪੁਰੀ ਵਿੱਚ ਜਗਨਨਾਥ ਰਥਯਾਤਰਾ ਦੌਰਾਨ ਭਗਦੜ ਮੱਚ ਗਈ। ਇਸ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਹੈ । ਹਾਦਸੇ ਵਿੱਚ 100 ਤੋਂ ਵੱਧ ਲੋਕਾਂ ਦੇ ਜ਼ਖ਼ਮੀ ਹੋਣ ਦੀ ਖ਼ਬਰ ਹੈ। ਸ਼ਾਮ 5 ਵਜੇ ਪਹਾਂਡੀ ਰਸਮ ਦੌਰਾਨ ਭਗਵਾਨ ਜਗਨਨਾਥ ਦੇ ਦਰਸ਼ਨਾਂ ਲਈ ਅਚਾਨਕ ਲੋਕ ਰਥਾਂ ਦੇ ਨੇੜੇ ਜਾਣ ਲੱਗੇ । ਯਾਤਰਾ ਰੂਟ 'ਤੇ ਮੌਜੂਦ ਵਲੰਟੀਅਰ ਲੋਕਾਂ ਨੂੰ ਪਿੱਛੇ ਹਟਾ ਰਹੇ ਸਨ, ਉਦੋਂ ਹੀ ਲੋਕ ਇੱਕ-ਦੂਜੇ ਨੂੰ ਧੱਕਾ ਦੇਣ ਲੱਗੇ, ਜਿਸ ਨਾਲ ਭਗਦੜ ਮੱਚ ਗਈ ਅਤੇ ਲੋਕ ਇੱਕ-ਦੂਜੇ ਦੇ ਉੱਪਰ ਡਿੱਗਣ ਲੱਗੇ। ਪੁਰੀ ਵਿੱਚ ਇਸ ਸਮੇਂ ਤੇਜ਼ ਬਾਰਸ਼ ਹੋ ਰਹੀ ਹੈ, ਪਰ ਇਸ ਦੇ ਬਾਵਜੂਦ 10 ਲੱਖ ਤੋਂ ਵੱਧ ਲੋਕ ਯਾਤਰਾ ਰੂਟ 'ਤੇ ਮੌਜੂਦ ਹਨ। ਇਹ ਯਾਤਰਾ ਮੁੱਖ ਮੰਦਿਰ ਤੋਂ 3 ਕਿਲੋਮੀਟਰ ਦੂਰ ਬਣੇ ਗੁੰਡੀਚਾ ਮੰਦਿਰ ਤੱਕ ਜਾਵੇਗੀ।

ਪੱਤਰਕਾਰਾਂ ਦੀ ਲੋੜ
ਇੰਗਲੈਂਡ ਦੇ ਹਰ ਇਲਾਕੇ 'ਚ ਪੱਤਰਕਾਰਾਂ ਦੀ ਲੋੜ ਹੈ, ਪੱਤਰਕਾਰਤਾ ਦਾ ਸ਼ੌਕ ਰੱਖਣ ਵਾਲੇ ਆਪਣੀ C.V. email: samajweekly@gmail.com ਉੱਤੇ ਭੇਜ ਸਕਦੇ ਹਨ।
Editor-in-chief : **Devinder Chander**
**Mob: 07878 456 484**
ਨੋਟ : ਪੱਤਰਕਾਰਤਾ ਦਾ ਤਜੁਰਬਾ ਰੱਖਣ ਵਾਲੇ ਨੂੰ ਪਹਿਲ ਦਿਤੀ ਜਾਵੇਗੀ।

# ਈ-20 ਪੈਟਰੋਲ ਨਾਲ ਕਾਰ ਖ਼ਰਾਬ ਹੋਣ ਦਾ ਪਹਿਲਾ ਮਾਮਲਾ ਆਇਆ ਸਾਹਮਣੇ

## ਖ਼ਪਤਕਾਰ ਅਦਾਲਤ ਨੇ ਕਾਰ ਮਾਲਕ ਦੇ ਹੱਕ 'ਚ ਦਿੱਤਾ ਫ਼ੈਸਲਾ

**ਰਾਏਪੁਰ** : ਦੇਸ਼ ਵਿਚ ਈ-20 ਪੈਟਰੌਲ ਨੂੰ ਲੈ ਕੇ ਚੱਲ ਰਹੇ ਵਿਵਾਦ ਦੇ ਵਿਚਕਾਰ ਛੱਤੀਸਗੜ੍ਹ ਦੇ ਰਾਜਧਾਨੀ ਰਾਏਪੁਰ ਦਾ ਜ਼ਿਲ੍ਹਾ ਖ਼ਪਤਕਾਰ ਅਦਾਲਤ ਵੱਲੋਂ ਇਕ ਅਜਿਹਾ ਫ਼ੈਸਲਾ ਸੁਣਾਇਆ ਗਿਆ ਜੋ ਇਸ ਪੂਰੇ ਮਾਮਲੇ 'ਤੇ ਚੱਲ ਰਹੀ ਬਹਿਸ ਨੂੰ ਬਦਲ ਸਕਦੈ। ਇਹ ਫ਼ੈਸਲਾ ਜਿੱਥੇ ਕਾਰ ਮਾਲਕਾਂ ਨੂੰ ਸਕੂਨ ਦੇਣ ਵਾਲਾ ਏ,, ਉਥੇ ਹੀ ਕਾਰ ਕੰਪਨੀਆਂ ਨੂੰ ਸੋਚਣ 'ਤੇ ਮਜਬੂਰ ਕਰਨ ਵਾਲਾ ਏ। ਦਰਅਸਲ ਖ਼ਪਤਕਾਰ ਅਦਾਲਤ ਨੇ ਇਕ ਗਾਹਕ ਦੀ ਸ਼ਿਕਾਇਤ 'ਤੇ ਮਾਰੂਤੀ ਸੁਜ਼ੂਕੀ ਇੰਡੀਆ ਲਿਮਟਿਡ ਨੂੰ ਨਿਰਦੇਸ਼ ਦਿੱਤਾ ਏ ਕਿ ਉਹ 45 ਦਿਨਾਂ ਦੇ ਅੰਦਰ ਗਾਹਕ ਨੂੰ ਉਸੇ ਮਾਡਲ ਦੀ ਨਵੀਂ ਈ-20 ਪਾਵਰਡ ਕਾਰ ਉਪਲਬਧ ਕਰਵਾਏ, ਜੋ ਈ-20 ਪੈਟਰੌਲ ਦੇ ਕਾਰਨ ਖ਼ਰਾਬ ਹੋ ਗਈ ਸੀ। ਅਦਾਲਤ ਦੇ ਫ਼ੈਸਲੇ ਤੋਂ ਬਾਅਦ ਹੁਣ ਕੰਪਨੀ ਗਾਹਕ ਨੂੰ 18 ਲੱਖ ਰੁਪਏ ਦੀ ਨਵੀਂ ਕਾਰ ਦੇਵੇਗੀ।

ਕੀ ਐ ਪੂਰਾ ਮਾਮਲਾ?

ਰਾਏਪੁਰ ਦੇ ਰਹਿਣ ਵਾਲੇ ਡਾਕਟਰ ਪ੍ਰੇਮਰਾਜ ਦੇਬਤਾ ਨੇ ਜੂਨ 2024 ਵਿਚ ਮਾਰੂਤੀ ਦੀ ਗ੍ਰੈਂਡ ਵਿਟਾਰਾ ਸਟ੍ਰੌਂਗ ਹਾਈਬ੍ਰਿਡ ਜੈਟਾ ਪਲੱਸ ਐਸਯੂਵੀ ਖ਼ਰੀਦੀ ਸੀ, ਜਦਕਿ ਇਹ ਕਾਰ ਜਨਵਰੀ 2023 ਵਿਚ ਬਣੀ ਹੋਈ ਸੀ। ਇਕ ਸ਼ਾਮ ਕਾਰ ਅਚਾਨਕ ਬੰਦ ਹੋ ਗਈ, ਉਸ ਨੂੰ ਕੰਪਨੀ ਦੇ ਸਰਵਿਸ ਸੈਂਟਰ ਲਿਜਾਇਆ ਗਿਆ। ਜਿੱਥੇ ਦੱਸਿਆ ਗਿਆ ਕਿ ਪੈਟਰੌਲ ਵਿਚ ਮਿਲਾਵਟ ਐ, ਪਰ ਗੱਡੀ ਨਾਲ ਵਾਰ-ਵਾਰ ਅਜਿਹਾ ਹੁੰਦਾ ਰਿਹਾ। ਬਾਅਦ ਵਿਚ ਜਦੋਂ ਡਾਕਟਰ ਦੇਬਤਾ ਨੇ ਸਰਕਾਰੀ ਲੈਬ ਵਿਚ ਜਾਂਚ ਕਰਵਾਈ ਤਾਂ ਪਤਾ ਚੱਲਿਆ ਕਿ ਦਹੀਂ ਵਰਗੀ ਕੋਈ ਚੀਜ਼ ਜੋ ਅੰਦਰ ਜਮੀ ਹੋਈ ਸੀ, ਉਹ ਅਸਲ ਵਿਚ ਈਥਾਨੌਲ ਸੀ। ਜਦੋਂ ਗਾਹਕ ਨੇ ਡੀਲਰਸ਼ਿਪ ਨੂੰ ਸ਼ਿਕਾਇਤ ਕੀਤੀ ਤਾਂ ਉਨ੍ਹਾਂ ਨੇ



ਜ਼ਿੰਮੇਵਾਰੀ ਲੈਣ ਤੋਂ ਇਨਕਾਰ ਕਰ ਦਿੱਤਾ ਕਿ ਖ਼ਰਾਬੀ ਈਥਾਨੌਲ ਦੀ ਵਜ੍ਹਾ ਕਰਕੇ ਹੋਈ ਐ। ਗਾਹਕ ਨੇ ਇਲਜ਼ਾਮ ਲਗਾਇਆ ਸੀ ਕਿ ਕਾਰ ਖ਼ਰੀਦਦੇ ਸਮੇਂ ਉਨ੍ਹਾਂ ਨੂੰ ਇਹ ਨਹੀਂ ਦੱਸਿਆ ਗਿਆ ਕਿ ਕਾਰ ਦਾ ਇੰਜਣ ਈ-20 ਪੈਟਰੌਲ ਦੀ ਹਿਸਾਬ ਨਾਲ ਪੂਰੀ ਤਰ੍ਹਾਂ ਢੁਕਵਾਂ ਨਹੀਂ ਐ। ਜਦੋਂ ਡਾਕਟਰ ਪ੍ਰੇਮਰਾਜ ਦੇਬਤਾ ਨੂੰ ਕੰਪਨੀ ਦੇ ਕਿਸੇ ਅਧਿਕਾਰੀ ਨੇ ਕੋਈ ਹੱਥ ਪੱਲਾ ਨਹੀਂ ਫੜਾਇਆ ਤਾਂ ਉਨ੍ਹਾਂ ਨੇ ਖ਼ਪਤਕਾਰ ਅਦਾਲਤ ਵਿਚ ਕੇਸ ਕਰ ਦਿੱਤਾ, ਜਿਸ ਵਿਚ ਕਾਰ ਵਿਕਰੇਤਾ ਨੈਕਸਾ ਮੈਗਨੈਟੋ ਸਕਾਈ ਆਟੋਮੋਬਾਇਲਜ਼ ਅਤੇ ਕਾਰ ਨਿਰਮਾਤਾ ਮਾਰੂਤੀ ਸੁਜ਼ੂਕੀ ਇੰਡੀਆ ਲਿਮਿਟਡ ਨੂੰ ਧਿਰ ਬਣਾਇਆ ਗਿਆ। ਸਾਰੇ ਸਬੂਤਾਂ ਅਤੇ ਦਲੀਲਾਂ ਤੋਂ ਬਾਅਦ ਪਤਾ ਚੱਲਿਆ ਕਿ ਕਾਰ ਦਾ ਇੰਜਣ ਈ-20 ਪੈਟਰੌਲ ਦੇ ਲਈ ਢੁਕਵਾਂ ਨਹੀਂ ਸੀ, ਜਿਸ ਕਰਕੇ ਇਹ ਖ਼ਰਾਬੀ ਆਈ। ਇਸ ਮਗਰੋਂ ਖ਼ਪਤਕਾਰ ਅਦਾਲਤ ਨੇ ਨਿਰਦੇਸ਼ ਦਿੱਤਾ :

**ਖ਼ਪਤਕਾਰ ਅਦਾਲਤ ਨੇ ਕੀ ਆਦੇਸ਼ ਦਿੱਤਾ?**

''ਮਾਰੂਤੀ ਕੰਪਨੀ 45 ਦਿਨਾਂ ਦੇ ਅੰਦਰ ਸ਼ਿਕਾਇਤਕਰਤਾ ਦੀ ਖ਼ਰਾਬ ਕਾਰ ਵਾਪਸ ਲੈ ਕੇ ਉਸ ਨੂੰ ਉਸੇ ਮਾਡਲ ਦੀ ਨਵੀਂ ਈ-20 ਗ੍ਰੈਂਡ ਵਿਟਾਰਾ ਉਪਲਬਧ ਕਰਵਾਏ, ਜੇਕਰ ਕੰਪਨੀ ਅਜਿਹਾ ਨਹੀਂ ਕਰਦੀ ਤਾਂ ਉਸ ਨੂੰ ਗੱਡੀ ਦੀ ਕੀਮਤ 18.29 ਲੱਖ ਰੁਪਏ ਸਮੇਤ ਆਰਟੀਓ ਫ਼ੀਸ, ਬੀਮਾ ਜੋ ਕੁੱਲ 20 ਲੱਖ 50 ਹਜ਼ਾਰ 494 ਰੁਪਏ ਬਣਦਾ ਏ,, ਵਾਪਸ ਕਰਨਾ ਹੋਵੇਗਾ,,, ਇਸ ਦੇ ਨਾਲ ਹੀ ਮਾਨਸਿਕ ਨੁਕਸਾਨ ਲਈ ਇਕ ਲੱਖ ਰੁਪਏ ਅਤੇ ਕੇਸ ਦੇ ਖ਼ਰਚ ਵਜੋਂ 10 ਹਜ਼ਾਰ ਰੁਪਏ ਵੱਖਰੇ ਤੌਰ 'ਤੇ ਅਦਾ ਕਰਨੇ ਹੋਣਗੇ।'' ਦੱਸ ਦਈਏ ਕਿ ਇਹ ਫ਼ੈਸਲਾ ਅਜਿਹੇ ਸਮੇਂ ਸਾਹ-ਮਣੇ ਆਇਆ ਏ,, ਜਦੋਂ ਦੇਸ਼ ਵਿਚ ਈ-20 ਪੈਟਰੌਲ ਨੂੰ ਲੈ ਕੇ ਵਿਵਾਦ ਚੱਲ ਰਿਹਾ ਏ ਅਤੇ 2023 ਤੋਂ ਪਹਿਲਾਂ ਦੀਆਂ ਬਣੀਆਂ ਗੱਡੀਆਂ ਵਿਚ ਦਿੱਕਤ ਆ ਰਹੀ ਐ। ਇਹ ਫ਼ੈਸਲਾ ਕਿਤੇ ਨਾ ਕਿਤੇ ਇਹ ਸਾਬਤ ਕਰਦਾ ਏ ਕਿ ਪੁਰਾਣੀਆਂ ਕਾਰਾਂ ਵਿਚ ਈ-20 ਪੈਟਰੌਲ ਨਾਲ ਦਿੱਕਤ ਤਾਂ ਹੈ,, ਅਜਿਹੇ ਵਿਚ ਇਹ ਫ਼ੈਸਲਾ ਗਾਹਕਾਂ ਲਈ ਅਹਿਮ ਸਾਬਤ ਹੋਵੇਗਾ।

# ਪੁੱਤ ਵੱਲੋਂ 150 ਕਰੋੜ ਦੀ ਜਾਇਦਾਦ ਪਿੱਛੇ ਪਿਓ ਦਾ ਗੋਲੀਆਂ ਮਾਰ ਕੇ ਕਤਲ

**ਗਾਜ਼ੀਆਬਾਦ।** ਉੱਤਰ ਪ੍ਰਦੇਸ਼ ਦੇ ਗਾਜ਼ੀਆਬਾਦ ਵਿੱਚ, 150 ਕਰੋੜ ਰੁਪਏ ਦੀ ਜਾਇਦਾਦ ਨੂੰ ਲੈ ਕੇ ਹੋਏ ਵਿਵਾਦ ਦੌਰਾਨ ਇੱਕ ਪੁੱਤਰ ਨੇ ਆਪਣੇ ਪਿਤਾ ਦਾ ਕਤਲ ਕਰ ਦਿੱਤਾ। ਪੁਲੀਸ ਅਨੁਸਾਰ, ਮੁਲਜ਼ਮ ਨੇ ਬੀਤੀ ਅੱਧੀ ਰਾਤ ਪਿਸਤੌਲ ਨਾਲ ਆਪਣੇ ਪਿਤਾ ਦੇ ਚਿਹਰੇ, ਛਾਤੀ ਅਤੇ ਪੇਟ ਵਿਚ ਛੇ ਗੋਲੀਆਂ ਮਾਰੀਆਂ। ਪੁੱਤਰ ਨਸ਼ੇ ਦੀ ਹਾਲਤ ਵਿੱਚ ਘਰ ਆਇਆ ਸੀ ਜਿਸ ਤੋਂ ਬਾਅਦ ਪਿਓ ਨੇ ਉਸ ਨੂੰ ਝਿੜਕਿਆ। ਜਿਸ ਤੋਂ ਖ਼ਫ਼ਾ ਹੋ ਕੇ ਉਸ ਨੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ। ਗੋਲੀਆਂ ਦੀ ਆਵਾਜ਼ ਸੁਣ ਕੇ ਗੁਆਂਢੀ ਮੌਕੇ ਤੇ ਪਹੁੰਚ ਗਏ, ਪਰ ਮੁਲਜ਼ਮ ਉਦੋਂ ਤੱਕ ਫਰਾਰ ਹੋ ਚੁੱਕਾ ਸੀ।



ਮੁਲਜ਼ਮ ਪੁੱਤਰ, ਨਿਖਿਲ (32), ਆਪਣੇ ਪਿਤਾ ਹਰੀਓਮ ਚੌਧਰੀ (52) ਤੇ ਜਾਇਦਾਦ ਆਪਣੇ ਨਾਂ ਕਰਵਾਉਣ ਲਈ ਦਬਾਅ ਪਾ ਰਿਹਾ ਸੀ। ਹਰੀਓਮ ਇਸ ਗੱਲ ਲਈ ਸਹਿਮਤ ਨਹੀਂ ਸੀ। ਉਸ ਨੂੰ ਡਰ ਸੀ ਕਿ ਉਸ ਦਾ ਪੁੱਤਰ ਜ਼ਮੀਨ ਵੇਚ ਦੇਵੇਗਾ ਅਤੇ ਪੈਸੇ ਸ਼ਰਾਬ ਤੇ ਉਡਾ ਦੇਵੇਗਾ। ਜਦੋਂ ਉਸ ਰਾਤ ਪਿਤਾ ਨੇ ਉਸ ਨੂੰ ਝਿੜਕਿਆ, ਤਾਂ ਬਹਿਸ ਵਧ ਗਈ ਅਤੇ ਨਿਖਿਲ ਨੇ ਆਪਣੇ ਪਿਤਾ ਦਾ ਕਤਲ ਕਰ ਦਿੱਤਾ। ਲਗਭਗ ਅੱਠ ਸਾਲ ਪਹਿਲਾਂ, ਨਿਖਿਲ ਨੇ ਆਪਣੇ ਛੋਟੇ ਭਰਾ ਨੀਸ਼ੂ ਤੇ ਵੀ ਗੋਲੀ ਚਲਾਈ ਸੀ, ਪਰ ਉਹ ਬਚ ਗਿਆ ਸੀ। ਮੁਲਜ਼ਮ ਦੀ ਭਾਲ ਲਈ ਪੁਲੀਸ ਦੀਆਂ ਚਾਰ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਇਹ ਘਟਨਾ ਮੋਦੀਨਗਰ ਥਾਣੇ ਦੇ ਅਧਿਕਾਰ ਖੇਤਰ ਵਿੱਚ ਵਾਪਰੀ। ਹਰੀਓਮ ਬੁਡਾਨਾ ਕੋਲ ਮੋਦੀਨਗਰ ਵਿੱਚ 75 ਵਿਘੇ ਜ਼ਮੀਨ ਅਤੇ ਦਿੱਲੀ-ਮੇਰਠ ਰੋਡ ਤੇ ਜੀਵਨ ਹਸਪਤਾਲ ਦੇ ਸਾਹਮਣੇ ਇੱਕ ਮਾਰਕੀਟ ਕੰਪਲੈਕਸ ਹੈ। ਉਨ੍ਹਾਂ ਦੀ ਕੁੱਲ ਜਾਇਦਾਦ ਦੀ ਕੀਮਤ ਲਗਭਗ 150 ਕਰੋੜ ਰੁਪਏ ਅਨੁਮਾਨਿਤ ਹੈ। ਉਨ੍ਹਾਂ ਦੇ ਪਰਿਵਾਰ ਵਿੱਚ ਉਨ੍ਹਾਂ ਦੀ ਪਤਨੀ ਅਨੀਤਾ ਅਤੇ ਦੋ ਪੁੱਤਰ ਨਿਖਿਲ (ਵੱਡਾ) ਅਤੇ ਨਿਸ਼ੂ (ਛੋਟਾ) ਹੈ। ਉਨ੍ਹਾਂ ਦੇ ਕਿਸੇ ਵੀ ਪੁੱਤਰ ਦਾ ਵਿਆਹ ਨਹੀਂ ਹੋਇਆ ਹੈ।ਏਸੀਪੀ ਭਾਸਕਰ ਵਰਮਾ ਨੇ ਦੱਸਿਆ ਕਿ ਵੱਡਾ ਪੁੱਤਰ ਨਿਖਿਲ ਸ਼ਰਾਬ ਦਾ ਆਦੀ ਹੈ। ਇਸ ਕਾਰਨ ਅਕਸਰ ਉਸ ਦਾ ਆਪਣੇ ਪਿਤਾ ਨਾਲ ਝਗੜਾ ਹੁੰਦਾ ਰਹਿੰਦਾ ਸੀ। ਹਾਲਾਂਕਿ ਉਸ ਦੇ ਪਿਤਾ ਨੇ ਉਸ ਨੂੰ ਪਹਿਲਾਂ ਹੀ ਬਾਜ਼ਾਰ ਵਿੱਚ ਦੁਕਾਨਾਂ ਅਤੇ 25 ਵਿਘੇ ਜ਼ਮੀਨ ਦੇ ਦਿੱਤੀ ਸੀ, ਫਿਰ ਵੀ ਨਿਖਿਲ ਬਾਕੀ ਦੀ ਜਾਇਦਾਦ ਵੀ ਆਪਣੇ ਨਾਂ ਕਰਵਾਉਣਾ ਚਾਹੁੰਦਾ ਸੀ। ਏਸੀਪੀ (ਮੋਦੀਨਗਰ) ਭਾਸਕਰ ਵਰਮਾ ਨੇ ਦੱਸਿਆ ਕਿ ਪਰਿਵਾਰਕ ਮੈਂਬਰਾਂ ਨੇ ਜ਼ਮੀਨੀ ਵਿਵਾਦ ਦਾ ਜ਼ਿਕਰ ਕੀਤਾ ਹੈ। ਪੁਲੀਸ ਇਸ ਮਾਮਲੇ ਦੀ ਹਰ ਪਹਿਲੂ ਤੋਂ ਜਾਂਚ ਕਰ ਰਹੀ ਹੈ। ਮੁਲਜ਼ਮ ਪੁੱਤਰ ਖ਼ਿਲਾਫ਼ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਉਸ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।


SHAM LAL CHANDER
ID no. 921760
BUILDING MAINTENANCE HANDYMAN (CHECKATRADE)

Sham Lal Chander building maintenance handyman Under checkatrade platform is now available on your local London Area. They have fully trained and experienced tradesmen and do genuinely fast responses to all online enquiries. Their team are knowledgeable and providing on-time service. They have been providing remodelling, repairing and maintaining for over five years.
SPECIALITY:
PLUMBING : - Repairs/Replacement of Bathrooms accessories (sink, taps, tubs, showers, Toilets etc.
ELECTRICIAN :- Repairs/Replacement of all types of Sockets, Switches, Lamps, Fans, Cameras, Washing machines, Cookers, Alarms, Mount TV on walls, etc.
MASONRY WORK: - Plastering, skimming, Brick Work, Slabs Lying, Drive Ways, Roof maintenance etc.
CARPENTRY: - Laminate Flooring, Fencing, Flat Packs Assembling, Doors repairing/ replacing, Skirting, Decking, Selves making etc.
For more information please contact at www.checkatrade.com
Chander Consultants Limited, London, UK 07488841161

# ਮਨਰੇਗਾ ਮੁਲਾਜ਼ਮਾਂ ਤੇ ਕੀਤਾ ਲਾਠੀ ਚਾਰਜ ਅਤੀ ਨਿੰਦਣ ਯੋਗ

## ਲਾਠੀ ਗੋਲੀ ਨਾਲ ਲੋਕ ਸੰਘਰਸ਼ਾਂ ਨੂੰ ਨਹੀਂ ਦਵਾਇਆ ਜਾ ਸਕਦਾ

**ਪਟਿਆਲਾ16 ਜੁਲਾਈ ( ਚਰਨਜੀਤ ਸੱਲ੍ਹਾ )** ਆਪਣੀਆਂ ਸੇਵਾਵਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੀਆਂ ਕਰਵਾਉਣ ਅਤੇ 6 ਤੋਂ 8 ਮਹੀਨਿਆਂ ਦੀ ਬਕਾਇਆ ਤਨਖ਼ਾਹ ਜਾਰੀ ਕਰਨ ਦੀ ਮੰਗ ਨੂੰ ਲੈਕੇ ਸੰਘਰਸ਼ ਕਰ ਰਹੇ ਮਨਰੇਗਾ ਮੁਲਾਜ਼ਮਾਂ ਦਾ ਅੱਜ ਇੱਥੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਰਿਹਾਇਸ਼ ਦੇ ਅੱਗੇ ਧਰਨਾ ਰੱਖਿਆ ਗਿਆ ਸੀ। ਪੁਲਿਸ ਪ੍ਰਸ਼ਾਸਨ ਨੂੰ ਲਿਖਤੀ ਰੂਪ ਵਿੱਚ ਪਹਿਲਾਂ ਹੀ ਭੇਜਿਆ ਗਿਆ ਸੀ। ਮੀਡੀਆ ਰਾਹੀਂ ਅਤੇ ਸੀਨੀਅਰ ਪੁਲਿਸ ਕਪਤਾਨ ਮੈਡਮ ਦਰਪਨ ਆਹਲੂਵਾਲੀਆ ਜੀ ਨੂੰ ਮਿਲਕੇ ਮਨਰੇਗਾ ਕਰਮਚਾਰੀ ਮੁਲਾਜ਼ਮ ਯੂਨੀਅਨ ਵੱਲੋਂ ਪਹਿਲਾਂ ਹੀ ਧਰਨੇ ਸੰਬੰਧੀ ਜਾਣਕਾਰੀ ਦਿੱਤੀ ਗਈ ਸੀ। ਅੱਜ ਜਦੋਂ ਮਨਰੇਗਾ ਮੁਲਾਜ਼ਮ ਮਿਊਂਸਪਲ ਪਾਰਕ ਇੱਕਠੇ ਹੋਏ ਤਾਂ ਇਕੱਠ ਬੇਹਿਸਾਬਾ ਹੋਣ ਕਾਰਨ ਪ੍ਰਬੰਧਾਂ ਦੀ ਘਾਟ ਪੈ ਗਈ। ਮੁਲਾਜ਼ਮਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਕੋਈ ਹੱਲ ਇਸ ਮਸਲੇ ਦਾ ਕੀਤਾ ਜਾਵੇ। ਜਦੋਂ ਕੋਈ ਵੀ ਪ੍ਰਸ਼ਾਸਨਿਕ ਅਧਿਕਾਰੀ ਧਰਨੇ ਵਿੱਚ ਨਾ ਪੁੱਜਾ ਤਾਂ ਯੂਨੀਅਨ ਵੱਲੋਂ 30 ਮਿੰਟ ਦਾ ਸਮਾਂ ਦੇ ਕੇ ਮਾਰਚ ਕਰਨ ਅਤੇ ਪੰਚਾਇਤ ਮੰਤਰੀ ਦੀ ਕੋਠੀ ਅੱਗੇ ਧਰਨਾ ਲਗਾਉਣ ਦਾ ਐਲਾਨ ਕੀਤਾ। ਜਦੋਂ ਧਰਨਾਕਾਰੀਆਂ ਮਾਰਚ ਕਰਦੇ ਹੋਏ ਪੰਚਾਇਤ ਮੰਤਰੀ ਦੀ ਰਿਹਾਇਸ਼ ਵੱਲ ਵਧੇ ਲੱਗੇ ਤਾਂ ਪ੍ਰਸ਼ਾਸਨ ਨੇ ਬੈਰੀਅਰ ਲਗਾ ਕੇ ਰੋਕ ਲਿਆ ਗਿਆ। ਮੁਲਾਜ਼ਮਾਂ ਨੇ ਉੱਥੋਂ ਹੀ ਧਰਨਾ ਸ਼ੁਰੂ ਕੀਤਾ। ਇੱਕ ਘੰਟਾ ਉਡੀਕ ਕਰਨ ਤੋਂ ਬਾਅਦ ਕੁੱਝ ਮੁਲਾਜ਼ਮ ਗਰਮੀਂ ਕਾਰਨ ਬੇਹੋਸ਼ ਹੋ ਗੇ ਜਿਨ੍ਹਾਂ ਨੂੰ ਹਸਪਤਾਲ ਵਿੱਚ ਭਰਤੀ ਕਰਨਾ ਪਿਆ। ਯੂਨੀਅਨ ਨੇ ਪ੍ਰਸ਼ਾਸਨ ਤੋਂ ਪੀਣ ਵਾਲੇ ਪਾਣੀ ਅਤੇ ਛਾਂ ਦੀ ਮੰਗ ਕੀਤੀ ਪ੍ਰੰਤੂ ਮੌਕੇ ਤੇ ਮੌਜੂਦ ਉਪ ਪੁਲਿਸ ਕਪਤਾਨ ਨੇ ਮਨ੍ਹਾ ਕਰ



ਦਿੱਤਾ। ਇਸਤੇ ਯੂਨੀਅਨ ਨੇ ਮੰਗ ਕੀਤੀ ਕਿ ਸਾਨੂੰ ਕਲੋਨੀ ਵਿੱਚ ਬਣੇ ਪਾਰਕ ਵਿੱਚ ਬੈਠ ਜਾਣ ਦਿਉ ਕਿਉਂਕਿ ਸੜਕ ਤੇ ਬੈਠਣਾ ਸੰਭਵ ਨਹੀਂ ਸੀ। ਇਸ ਤੇ ਪੁਲਿਸ ਪ੍ਰਸ਼ਾਸਨ ਨੇ ਕੋਈ ਗੱਲ ਨਹੀਂ ਸੁਣੀ ਤਾਂ ਨਰੇਗਾ ਮੁਲਾਜ਼ਮ ਬੈਰੀਕੇਟ ਪਾਸੇ ਕਰਕੇ ਕਲੋਨੀ ਵਿੱਚ ਦਾਖ਼ਲ ਹੋਣ ਲੱਗੇ। ਇਸ ਤੇ ਖ਼ਤਰਨਾਕ ਢੰਗ ਨਾਲ ਲਾਠੀਚਾਰਜ ਹੋਇਆ। ਪਾਣੀ ਦੀਆਂ ਬੁਛਾੜਾਂ ਛੱਡੀਆਂ, ਅੱਥਰੂ ਗੈਸ ਦੇ ਖ਼ਤਰਨਾਕ ਗੋਲੇ ਛੱਡੇ ਗਏ। ਜਿਸ ਵਿੱਚ ਇੱਕ



ਮੁਲਾਜ਼ਮ ਸੁਦਾਗਰ ਸਿੰਘ ਫਤਿਹਗੜ੍ਹ ਸਾਹਿਬ ਦੀ ਲੱਤ ਦੋ ਥਾਂ ਤੋਂ ਟੁੱਟ ਗਈ। ਦਰਜ਼ਨ ਤੋਂ ਵੱਧ ਮੁਲਾਜ਼ਮ ਜ਼ਖ਼ਮੀ ਹੋ ਗਏ ਜਿੰਨਾਂ ਨੂੰ ਮੁਲਾਜ਼ਮਾਂ ਨੇ ਹੀ ਬੜੀ ਮੁਸ਼ਕਲ ਨਾਲ ਹਸਪਤਾਲ ਪਹੁੰਚਾਇਆ। ਬਾਅਦ ਵਿੱਚ ਲੱਤ ਬੁਰੀ ਤਰ੍ਹਾਂ ਟੁੱਟਣ ਕਾਰਨ ਸੁਦਾਗਰ ਸਿੰਘ ਨੂੰ ਮੋਹਾਲੀ ਰੈਫਰ ਕਰ ਦਿੱਤਾ ਗਿਆ। ਵੱਡੀ ਗਿਣਤੀ ਵਿੱਚ ਮੁਲਾਜ਼ਮ ਵੱਖ-ਵੱਖ ਹਸਪਤਾਲਾਂ ਵਿੱਚ ਦਾਖਲ ਹਨ। ਜਨਤਕ ਜਥੇਬੰਦੀਆਂ ਨੇ ਸਾਂਝੀ ਮੋਰਚੇ ਦੇ ਆਗੂਆਂ ਨੇ ਚਿਤਾਵਨੀ ਭਰੇ ਲਹਿਜੇ ਨਾਲ ਕਿਹਾ ਕਿ ਲਾਠੀ ਗੋਲੀ ਕਿਸੇ ਮਸਲੇ ਦਾ ਹੱਲ ਨਹੀਂ ਚੰਗੀ ਗੱਲ ਤਾਂ ਇਹ ਸੀ ਕਿ ਇਹਨਾ ਨਾਲ ਬਹਿ ਕੇ ਕੋਈ ਗੱਲ ਕੀਤੀ ਜਾਂਦੀ ਤੇ ਇਹਨਾਂ ਦੇ ਮਸਲੇ ਨੂੰ ਹੱਲ ਕੀਤਾ ਜਾਂਦਾ ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂਆਂ ਦਰਸ਼ਨ ਬੇਲੂ ਮਾਜਰਾ, ਜਸਵਿੰਦਰ ਸਿੰਘ ਸੌਜਾ, ਲਖਵਿੰਦਰ ਸਿੰਘ ਖਾਨਪੁਰ, ਜਸਵੀਰ ਖੋਖਰ, ਸਵਰਨ ਸਿੰਘ ਬੰਗਾਂ, ਰਾਜਪਾਲ ਸਿੰਘ ਲਸੋਈ, ਧਰਮਪਾਲ ਸਿੰਘ ਲੌਟ ਪਰਲਾਦ ਸਿੰਘ ਨਿਆਲ ਧੰਨਾ ਸਿੰਘ ਦੋਣ ਕਲਾਂ, ਅਮਰਜੀਤ ਘਨੌਰ, ਮਲਕੀਤ ਸਿੰਘ ਨਿਆਲ ਕੁਲਦੀਪ ਘੱਗਾ, ਹਰਦੇਵ ਸਿੰਘ ਸਮਾਣਾ, ਨਾਥ ਸਿੰਘ ਬੁਜਰਕ, ਦਿਆਲ ਸਿੰਘ ਸਿੱਧੂ ਸੁੱਚਾ ਸਿੰਘ ਕੌਲ,ਸਤਪਾਲ ਸਿੰਘ ਨੂਰਖੈੜੀਆਂ,ਸੁਖਪਾਲ ਸਿੰਘ ਕਾਦਰਾਬਾਦ ਤੇ ਸਰੇਸ਼ ਸਮਾਣਾ ਮੈਂ ਕਿਹਾ ਕਿ ਜਿੱਥੇ ਉਹ ਅੱਜ ਦੀ ਇਸ ਘਟਨਾ ਦੀ ਕਰੜੇ ਸ਼ਬਦਾਂ ਵਿੱਚ ਨਿਖੇਦੀ ਕਰਦੇ ਹਾਂ ਉਥੇ ਸਰਕਾਰ ਨੂੰ ਇਹ ਚੇਤਾਵਨੀ ਦਿੰਦੇ ਹਨ ਕਿ ਲਾਠੀ ਤੇ ਗੋਲੀ ਦਾ ਰਾਹ ਮੜੀਆਂ ਨੂੰ ਜਾਂਦਾ ਹੈ ਇਸ ਦੇ ਨਾਲ ਜਿੱਥੇ ਲੋਕਾਂ ਦਾ ਨੁਕਸਾਨ ਹੋ ਰਿਹਾ ਹੈ ਇੱਥੇ ਇਹ ਹੱਥ ਕੰਡੇ ਸਰਕਾਰ ਨੂੰ ਵੀ ਲੈ ਬੈਠਣਗੇ ਇਸ ਲਈ ਸਰਕਾਰ ਨੂੰ ਵੱਖ ਵੱਖ ਧਿਰਾਂ ਜੋ ਸੰਘਰਸ਼ ਦੇ ਮੈਦਾਨ ਵਿੱਚ ਹਨ ਆਪਣੀਆਂ ਫੋਕੀਆਂ ਡਰਾਮੇਬਾਜ਼ੀਆਂ ਛੱਡ ਕੇ ਇਹਨਾਂ ਨਾਲ ਗੱਲਬਾਤ ਕਰਨੀ ਚਾਹੀਦੀ ਹੈ ਤੇ ਲੋਕਾਂ ਦੇ ਮਸਲੇ ਚੁਟਕਲਿਆਂ ਨਾਲ ਨਹੀਂ ਸੀਰੀਅਸ ਹੋ ਕੇ ਹੱਲ ਹੁੰਦੇ ਹਨ ਹਨ। ਜਨਤਕ ਜਥੇਬੰਦੀ ਦੇ ਸਾਂਝੇ ਮੋਰਚੇ ਦੇ ਆਗੂਆਂ ਨੇ ਕਿਹਾ ਕਿ ਜਿੱਥੇ ਉਹ ਪਹਿਲਾਂ ਵੀ ਇਹਨਾਂ ਮੁਲਾਜ਼ਮਾਂ ਦੀ ਡਟਵੀ ਹਿਮਾਇਤ ਕਰਦੇ ਰਹੇ ਹਨ ਅੱਗੇ ਵੀ ਇਹਨਾਂ ਦੀ ਮਦਦ ਕਰਾਂਗੇ।

**ਜਾਰੀ ਕਰਤਾ**
**ਜਸਵਿੰਦਰ ਸਿੰਘ ਸੌਜਾ**
**90419 58862**

# ਮਜ਼ਦੂਰ ਮੁਲਾਜ਼ਮ ਕੋਆਰਡੀਨੇਸ਼ਨ ਕਮੇਟੀ ਵੱਲੋਂ ਸਫ਼ਾਈ ਕਾਮਿਆਂ ਦੀ ਗ੍ਰਿਫਤਾਰੀ ਅਤੇ ਮਗਨਰੇਗਾ ਕਾਮਿਆਂ ਉੱਤੇ ਲਾਠੀਚਾਰਜ ਦੀ ਨਿੰਦਾ

**ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ)** ਪੰਜਾਬ ਦੀ ਮਜ਼ਦੂਰ ਮੁਲਾਜ਼ਮ ਕੋਆਰਡੀਨੇਸ਼ਨ ਕਮੇਟੀ ਨੇ ਸੰਗਰੂਰ ਵਿਖੇ ਪੁਲਸ ਵੱਲੋਂ ਗ੍ਰਿਫਤਾਰ ਕੀਤੇ ਸਫ਼ਾਈ ਮਜਦੂਰਾਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕਰਦਿਆਂ ਖੰਨਾ ਵਿਖੇ ਮਗਨਰੇਗਾ ਮੁਲਾਜ਼ਮਾਂ ਅਤੇ ਕਾਮਿਆਂ ਉੱਤੇ ਕੀਤੇ ਗਏ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਇਫਟੂ ਪੰਜਾਬ ਦੇ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਕੇਂਦਰੀ ਕਮੇਟੀ ਮੈਂਬਰ ਜ_ਗਿੰਦਰਪਾਲ ਗੁਰਦਾਸਪੂਰ,ਸੂਬਾ ਪ੍ਰੈੱਸ ਸਕੱਤਰ ਜਸਬੀਰ ਦੀਪ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ, ਬਿੱਕਰ ਸਿੰਘ ਹਥੋਆ, ਡੈਮੋਕ੍ਰੈਟਿਕ ਇੰਪਲਾਈਜ ਫੇਡਰੇਸ਼ਨ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਅਤੇ ਹਰਦੀਪ ਸਿੰਘ ਟੋਡਰਪੁਰ ਨੇ ਇਕ ਸਾਂਝੇ ਪ੍ਰੈਸ ਬਿਆਨ ਰਾਹੀਂ ਕਿਹਾ ਹੈ ਕਿ ਪ੍ਰਦਰਸ਼ਨਕਾਰੀ ਮਜ਼ਦੂਰਾਂ ਵਿਰੁੱਧ ਤਾਕਤ ਦੀ ਵਰਤੋਂ ਕਰਕੇ ਭਗਵੰਤ ਮਾਨ ਸਰਕਾਰ ਕਾਮਿਆਂ ਅਤੇ ਮੁਲਾਜ਼ਮਾਂ ਦੇ ਸੰਘਰਸ਼ਾਂ ਨੂੰ ਦਬਾਉਣਾ ਚਾਹੁੰਦੀ ਹੈ ਪਰ ਇਹ ਜਬਰ ਨਾਲ ਦਬਾਅ ਨਹੀਂ ਹੋਣਗੇ। ਉਹਨਾਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਲੋਕਾਂ ਦੇ ਮਸਲੇ ਹੱਲ ਕਰਨ ਦੀ ਥਾਂ ਲੋਕਾਂ ਉੱਤੇ ਜਬਰ ਢਾਹੁਣ ਦੇ ਰਾਹ ਪਈ ਹੋਈ ਹੈ, ਪਰ ਲੋਕ ਹਰ ਜਬਰ ਦਾ ਜਵਾਬ ਦਿੰਦੇ ਰਹਿਣਗੇ। ਮਾਨ ਸਰਕਾਰ ਦਾ ਹਰ ਰੋਜ਼ ਪੁਲਿਸ ਜਬਰ ਇਸ ਸਰਕਾਰ ਦੇ ਜ਼ਮਹੂਰੀ ਹੋਣ ਦੇ ਭਰਮ ਨੂੰ ਵੀ ਤੋੜ ਰਿਹਾ ਹੈ। ਉਹਨਾਂ ਇਸ ਲਾਠੀਚਾਰਜ ਲਈ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।




The Samaj Weekly and people associated with it are not responsible for any claims made by the advisers and don't endorse any product or service advertising Samaj Weekly. Please consult your lawyer before buying hiring/contracting through the ads published in the newspaper. The Samaj Weekly is business of selling space and claims made by the advertisers are not tested/confirmed by any source.

# ਯੁਵਕ ਨੂੰ ਅਣਜਾਣ ਯੁਵਕ ਸਕਾਰਪਿਓ ਵਿੱਚ ਚੁੱਕ ਕੇ ਲੈ ਗਏ, 2 ਘੰਟੇ ਬਾਅਦ ਗੰਭੀਰ ਜ਼ਖ਼ਮੀ ਕਰਕੇ ਸੁੱਟ ਦਿੱਤਾ

**ਹੁਸ਼ਿਆਰਪੁਰ,16 ਜੁਲਾਈ (ਤਰਸੇਮ ਦੀਵਾਨਾ )-** ਪਿੰਡ ਭਵਾਨੀਪੁਰ ਦੇ ਯੁਵਕ ਨੂੰ ਪਹਿਲਾਂ ਅਗਵਾ ਕੀਤਾ ਗਿਆ ਅਤੇ ਸਕਾਰਪੀਉ ਵਿੱਚ ਪਾ ਕੇ ਲੈ ਜਾਇਆ ਗਿਆ, ਦੋ ਘੰਟੇ ਬਾਅਦ ਗੜਸ਼ੰਕਰ ਬੀਨੇਵਾਲ ਰੋਡ 'ਤੇ ਸੁੱਟ ਦਿੱਤਾ ਗਿਆ। ਓਥੋਂ ਲੋਕਾਂ ਨੇ ਉਸਨੂੰ ਉਠਾ ਕੇ ਹਸਪਤਾਲ ਪੁਚਾਇਆ ਤਾਂ ਹਸਪਤਾਲ ਵਿੱਚ ਡਾਕਟਰਨ ਨੇ ਉਸਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਜਾਣਕਾਰੀ ਮੁਤਾਬਕ ਪਿੰਡ ਭਵਾਨੀਪੁਰ ਦਾ ਮਨਜੀਤ ਸਿੰਘ ਉਰਫ਼ ਗੰਨੀ ਪੁੱਤਰ ਦਿਲਬਾਗ ਸਿੰਘ ਆਪਣੇ ਦੋਸਤ ਸੂਰਜ ਨਿਵਾਸੀ ਅਚਲਪੁਰ ਦੇ ਨਾਲ ਮੋਟਰਸਾਈਕਲ 'ਤੇ ਪਿੰਡ ਝੋਨੋਵਲ ਦੇ ਨੇੜੇ ਪੈਟਰੋਲ ਪੰਪ ਵੱਲ ਆ ਰਿਹਾ ਸੀ ਤਾਂ ਲਗਭਗ ਬਾਰਾਂ ਵਜੇ ਇਕ ਸਕਾਰਪਿਓ ਨੇ ਉਨ੍ਹਾਂ ਨੂੰ ਟੱਕਰ ਮਾਰੀ ਅਤੇ ਫਿਰ ਮਨਜੀਤ ਸਿੰਘ ਉਰਫ਼ ਗੰਨੀ ਨਾਲ ਮਾਰਪੀਟ ਕੀਤੀ ਅਤੇ ਉਠਾ ਕੇ ਗੱਡੀ ਵਿੱਚ ਪਾ





ਲਿਆ। ਜਿਸ ਦੇ ਲਗਭਗ ਪੌਣੇ ਦੋ ਘੰਟੇ ਬਾਅਦ ਕਰੀਬ ਪੌਣੇ ਦੋ ਵਜੇ ਝੁੰਗੀਆਂ ਬੀਨੇਵਾਲ ਰੋਡ 'ਤੇ ਸੁੱਟ ਦਿੱਤਾ ਗਿਆ। ਐਸ ਐਚ ਉ ਨੇ ਕਿਹਾ ਕਿ ਤੇਜ਼ ਧਾਰ ਹਥਿਆਰਾਂ ਨਾਲ ਮਨਜੀਤ ਸਿੰਘ ਉਰਫ਼ ਗੰਨੀ ਨੂੰ ਮਾਰਿਆ ਗਿਆ ਹੈ। ਸੀਸੀਟੀਵੀ ਫੁਟੇਜ ਖੰਗਾਲ ਰਹੇ ਹਨ ਅਤੇ ਮ੍ਰਿਤਕ ਦੇ ਪਰਿਵਾਰ ਦੇ ਬਿਆਨਾਂ 'ਤੇ ਦੋਸ਼ੀਆਂ ਖਿਲਾਫ ਮਾਮਲਾ ਦਰਜ਼ ਕਰ ਲਿਆ ਜਾਵੇਗਾ। ਪੁਲਿਸ ਨੇ ਲਾਸ਼ ਨੂੰ ਕਬਜੇ ਵਿੱਚ ਲੈ ਲਿਆ ਹੈ। ਸੂਚਨਾ ਮੁਤਾਬਕ ਰਾਜਾ ਉਰਫ਼ ਰਜਨ ਨੇ ਪਹਿਲਾਂ ਗੱਡੀ ਵਿੱਚ ਜਬਰਦਸਤੀ ਬਿਠਾਇਆ ਅਤੇ ਫਿਰ ਕਤਲ ਕਰਕੇ ਝੁੰਗੀਆਂ ਬੀਨੇਵਾਲ ਰੋਡ 'ਤੇ ਸੁੱਟ ਦਿੱਤਾ। ਰਾਜਾ ਉਰਫ਼ ਰਜਨ ਅਤੇ ਹੋਰ ਅਣਜਾਣ ਦੋਸ਼ੀਆਂ ਖਿਲਾਫ ਮਾਮਲਾ ਦਰਜ਼ ਕਰਕੇ ਉਨ੍ਹਾਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਪੰਜਾਬ ਦੇ ਰਾਜਪਾਲ ਅਤੇ ਕੇਂਦਰੀ ਰਾਜ ਮੰਤਰੀ ਵੱਲੋਂ 1,044 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ

**ਲੁਧਿਆਣਾ 16 ਜੁਲਾਈ (ਕਰਨੈਲ ਸਿੰਘ ਐੱਮ.ਏ)** ਵਿਸ਼ਵ ਯੁਵਾ ਹੁਨਰ ਦਿਵਸ ਦੇ ਮੌਕੇ 'ਤੇ ਸਨ ਫਾਊਂਡੇਸ਼ਨ ਵੱਲੋਂ ਚਲਾਏ ਜਾ ਰਹੇ ਮਲਟੀ ਸਕਿਲ ਡਿਵੈਲਪਮੈਂਟ ਸੈਂਟਰਾਂ (ਐੱਮ.ਐੱਸ.ਡੀ.ਸੀ.) ਦਾ ਸ਼ਾਨਦਾਰ ਕਨਵੋਕੇਸ਼ਨ ਸਮਾਰੋਹ ਅੱਜ ਵਰਲਡ ਸਕਿਲ ਕੈਂਪਸ ਆਫ ਐਕਸੀਲੈਂਸ, ਸਰਕਾਰੀ ਆਈ.ਟੀ.ਆਈ. ਕੈਂਪਸ, ਗਿੱਲ ਰੋਡ, ਲੁਧਿਆਣਾ ਵਿਖੇ ਆਯੋਜਿਤ ਕੀਤਾ ਗਿਆ। ਇਸ ਮੌਕੇ ਸਨ ਫਾਊਂਡੇਸ਼ਨ ਦੇ ਪੰਜਾਬ ਭਰ ਦੇ ਹੁਨਰ ਵਿਕਾਸ ਕੇਂਦਰਾਂ ਤੋਂ ਸਿਖਲਾਈ ਪ੍ਰਾਪਤ 1,044 ਨੌਜਵਾਨਾਂ ਨੂੰ ਸਰਟੀਫਿਕੇਟ ਅਤੇ ਨਿਯੁਕਤੀ ਪੱਤਰ ਪ੍ਰਦਾਨ ਕੀਤੇ ਗਏ। ਸਮਾਰੋਹ ਵਿੱਚ ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਕੌਸ਼ਲ ਵਿਕਾਸ ਅਤੇ ਉਦਯਮਤਾ ਮੰਤਰਾਲੇ ਦੇ ਕੇਂਦਰੀ ਰਾਜ ਮੰਤਰੀ (ਸੁਤੰਤਰ ਪ੍ਰਭਾਰ) ਸ਼੍ਰੀ ਜਯੰਤ ਚੌਧਰੀ ਨੇ ਸਮਾਰੋਹ ਦੀ ਪ੍ਰਧਾਨਗੀ ਕੀਤੀ। ਇਸ ਸਮਾਗਮ ਦੀ ਮੇਜ਼ਬਾਨੀ ਪਦਮ ਸ਼੍ਰੀ ਡਾ: ਵਿਕਰਮਜੀਤ ਸਿੰਘ ਸਾਹਨੀ, ਰਾਜ ਸਭਾ ਮੈਂਬਰ ਅਤੇ ਸਨ ਫਾਊਂਡੇਸ਼ਨ ਦੇ ਚੇਅਰਮੈਨ ਨੇ ਕੀਤੀ। ਇਸ ਸਮਾਗਮ ਵਿੱਚ ਪੰਜਾਬ ਭਰ ਤੋਂ 3,000 ਤੋਂ ਵੱਧ ਨੌਜਵਾਨਾਂ, ਉਦਯੋਗ ਜਗਤ ਦੇ ਨੁਮਾਇੰਦਿਆਂ, ਸਿੱਖਿਆ ਸੰਸਥਾਵਾਂ, ਰੁਜ਼ਗਾਰਦਾਤਾਵਾਂ ਅਤੇ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਭਾਗ ਲਿਆ, ਜਿਸ ਕਾਰਨ ਇਹ ਪੰਜਾਬ ਵਿੱਚ ਵਿਸ਼ਵ ਯੁਵਾ ਹੁਨਰ ਦਿਵਸ ਦੇ ਸਭ ਤੋਂ ਵੱਡੇ ਸਮਾਗਮਾਂ ਵਿੱਚੋਂ ਇੱਕ ਬਣ ਗਿਆ। ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਹੁਨਰ ਵਿਕਾਸ ਅਤੇ ਰੁਜ਼ਗਾਰ ਸਿਰਜਣ ਦੇ ਖੇਤਰ ਵਿੱਚ ਸਨ ਫਾਊਂਡੇਸ਼ਨ ਵੱਲੋਂ ਕੀਤੇ ਜਾ ਰਹੇ ਸ਼ਾਨਦਾਰ ਕਾਰਜਾਂ ਦੀ ਭਰਪੂਰ ਪ੍ਰਸੰਸਾ ਕੀਤੀ। ਉਨ੍ਹਾਂ ਨੇ ਪਦਮ ਸ਼੍ਰੀ ਡਾ: ਵਿਕਰਮਜੀਤ ਸਿੰਘ ਸਾਹਨੀ ਦੀ ਦੂਰਅੰਦੇਸ਼ੀ ਅਗਵਾਈ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਫਾਊਂਡੇਸ਼ਨ ਦੀਆਂ ਪਹਿਲਕਦਮੀਆਂ ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਦੇ ਨਾਲ-ਨਾਲ ਉਨ੍ਹਾਂ ਲਈ ਸਨਮਾਨਜਨਕ ਰੁਜ਼ਗਾਰ ਦੇ




ਮੌਕੇ ਵੀ ਯਕੀਨੀ ਬਣਾ ਰਹੀਆਂ ਹਨ। ਕੇਂਦਰੀ ਰਾਜ ਮੰਤਰੀ (ਸੁਤੰਤਰ ਪ੍ਰਭਾਰ) ਸ਼੍ਰੀ ਜਯੰਤ ਚੌਧਰੀ ਨੇ ਪੰਜਾਬ ਵਿੱਚ ਵਿਸ਼ਵ ਪੱਧਰੀ ਹੁਨਰ ਵਿਕਾਸ ਕੇਂਦਰ ਸਥਾਪਿਤ ਕਰਨ ਲਈ ਪਦਮ ਸ਼੍ਰੀ ਡਾ: ਵਿਕਰਮਜੀਤ ਸਿੰਘ ਸਾਹਨੀ ਅਤੇ ਸਨ ਫਾਊਂਡੇਸ਼ਨ ਦੀ ਟੀਮ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਸਨ ਫਾਊਂਡੇਸ਼ਨ ਨੂੰ ਹੁਨਰ ਵਿਕਾਸ ਅਤੇ ਰੁਜ਼ਗਾਰ ਦੇ ਖੇਤਰ ਵਿੱਚ ਇੱਕ ਮਿਸਾਲੀ ਸੰਸਥਾ ਕਰਾਰ ਦਿੰਦਿਆਂ ਨੌਜਵਾਨਾਂ ਦੇ ਸਸ਼ਕਤੀਕਰਨ ਅਤੇ ਰਾਸ਼ਟਰ ਨਿਰਮਾਣ ਵਿੱਚ ਡਾ: ਸਾਹਨੀ ਦੇ ਵਿਲੱਖਣ ਯੋਗਦਾਨ ਲਈ ਉਨ੍ਹਾਂ ਨੂੰ ਵਧਾਈ ਦਿੱਤੀ। ਇਸ ਮੌਕੇ ਸੰਬੋਧਨ ਕਰਦਿਆਂ ਰਾਜ ਸਭਾ ਮੈਂਬਰ ਅਤੇ ਸਨ ਫਾਊਂਡੇਸ਼ਨ ਦੇ ਚੇਅਰਮੈਨ ਡਾ: ਵਿਕਰਮਜੀਤ ਸਿੰਘ ਸਾਹਨੀ ਨੇ ਕਿਹਾ ਕਿ ਹੁਨਰ ਵਿਕਾਸ ਅਤੇ ਰੁਜ਼ਗਾਰ ਸਿਰਜਣਾ ਪੰਜਾਬ ਵਿੱਚ ਬੇਰੁਜ਼ਗਾਰੀ, ਨਸ਼ਾਖੋਰੀ ਅਤੇ ਪਰਵਾਸ ਵਰਗੀਆਂ ਚੁਣੌਤੀਆਂ ਦਾ ਸਭ ਤੋਂ ਪ੍ਰਭਾਵਸ਼ਾਲੀ ਹੱਲ ਹੈ। ਉਨ੍ਹਾਂ ਦੱਸਿਆ ਕਿ ਸਨ ਫਾਊਂਡੇਸ਼ਨ ਅੱਜ ਪੰਜਾਬ ਭਰ ਵਿੱਚ ਆਪਣੇ ਮਲਟੀ ਸਕਿਲ ਡਿਵੈਲਪਮੈਂਟ ਸੈਂਟਰਾਂ ਦੇ ਨੈੱਟਵਰਕ ਰਾਹੀਂ ਉਦਯੋਗ ਨਾਲ ਜੁੜੀ ਅਤੇ ਭਵਿੱਖ ਦੀਆਂ ਲੋੜਾਂ ਅਨੁਸਾਰ ਸਿਖਲਾਈ ਦੇ ਕੇ ਹਰ ਸਾਲ 5,000 ਤੋਂ ਵੱਧ ਨੌਜਵਾਨਾਂ ਨੂੰ 'ਸਕਿਲ ਫਾਰ ਜੌਬਸ' ਮੁਹਿੰਮ ਤਹਿਤ ਰੁਜ਼ਗਾਰ ਲਈ ਤਿਆਰ ਕਰ ਰਿਹਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸਨ ਫਾਊਂਡੇਸ਼ਨ ਦੇ ਕੇਂਦਰਾਂ ਤੋਂ ਸਿਖਲਾਈ ਪ੍ਰਾਪਤ ਹਜ਼ਾਰਾਂ ਨੌਜਵਾਨਾਂ ਨੂੰ ਇੰਡੀਗੋ ਏਅਰਲਾਈਨਜ਼, ਤਾਜ ਹੋਟਲਜ਼, ਮੈਰੀਅਟ, ਰੈਡੀਸਨ, ਸ਼ਾਹੀ ਐਕਸਪੋਰਟਸ, ਏਵਨ ਸਾਈਕਲਜ਼ ਸਮੇਤ ਨਿਰਮਾਣ, ਸਿਹਤ ਸੰਭਾਲ ਅਤੇ ਸੇਵਾ ਖੇਤਰ ਦੀਆਂ ਕਈ ਨਾਮਵਰ ਕੰਪਨੀਆਂ ਵਿੱਚ ਰੁਜ਼ਗਾਰ ਮਿਲਿਆ ਹੈ। ਡਾ: ਸਾਹਨੀ ਨੇ ਕਿਹਾ ਕਿ ਸਨ ਫਾਊਂਡੇਸ਼ਨ ਬਾਜ਼ਾਰ ਦੀ ਮੰਗ ਅਨੁਸਾਰ ਕੋਰਸ ਤਿਆਰ ਕਰਕੇ ਉਦਯੋਗਾਂ ਦੀਆਂ ਲੋੜਾਂ ਅਤੇ ਨੌਜਵਾਨਾਂ ਦੀਆਂ ਉਮੀਦਾਂ ਵਿਚਕਾਰ ਪਾੜੇ ਨੂੰ ਸਫਲਤਾਪੂਰਵਕ ਪੂਰਾ ਕਰ ਰਹੀ ਹੈ ਅਤੇ ਨੌਜਵਾਨਾਂ ਲਈ ਸਨਮਾਨਜਨਕ ਰੁਜ਼ਗਾਰ ਦੇ ਮੌਕੇ ਯਕੀਨੀ ਬਣਾ ਰਹੀ ਹੈ। ਸਮਾਰੋਹ ਦੌਰਾਨ ਪਤਵੰਤੇ ਮਹਿਮਾਨਾਂ ਨੇ ਵਰਲਡ ਸਕਿਲ ਕੈਂਪਸ ਆਫ ਐਕਸੀਲੈਂਸ ਦਾ ਦੌਰਾ ਵੀ ਕੀਤਾ। ਉਨ੍ਹਾਂ ਨੇ ਸਿਖਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਆਰਟੀਫ਼ਿਸ਼ਲ ਇੰਟੈਲੀਜੈਂਸ, ਐਡਵਾਂਸਡ ਮੈਨੂਫੈਕਚਰਿੰਗ, ਹੋਸਪਿਟੈਲਿਟੀ, ਹੈਲਥਕੇਅਰ ਅਤੇ ਹੋਰ ਉਭਰਦੇ ਖੇਤਰਾਂ ਨਾਲ ਸੰਬੰਧਿਤ ਹੁਨਰਾਂ ਦੀਆਂ ਪ੍ਰਦਰਸ਼ਨੀਆਂ ਅਤੇ ਲਾਈਵ ਡੈਮੋਨਸਟ੍ਰੇਸ਼ਨਾਂ ਦਾ ਜਾਇਜ਼ਾ ਲਿਆ।

# ਡਾ. ਇਕਬਾਲ ਕੌਰ ਦੇ ਅਕਾਲ ਚਲਾਣੇ 'ਤੇ ਇਪਟਾ ਪੰਜਾਬ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ

**ਕਪੂਰਥਲਾ, 16 ਜੁਲਾਈ (ਕੌੜਾ )-** ਇੰਡੀਅਨ ਪੀਪਲਜ਼ ਥੀਏਟਰ ਐਸੋਸੀਏਸ਼ਨ (ਇਪਟਾ) ਪੰਜਾਬ ਦੇ ਜਨਰਲ ਸਕੱਤਰ ਇੰਦਰਜੀਤ ਰੂਪੋਵਾਲੀ ਅਤੇ ਇਪਟਾ ਕਪੂਰਥਲਾ ਦੇ ਪ੍ਰਧਾਨ ਡਾ. ਹਰਭਜਨ ਸਿੰਘ ਨੇ ਉੱਘੇ ਪੰਜਾਬੀ ਵਿਦਵਾਨ, ਲੋਕਧਾਰਾ ਖੋਜਕਾਰ, ਆਲੋਚਕ ਅਤੇ ਸਾਹਿਤਕਾਰ ਡਾ. ਇਕਬਾਲ ਕੌਰ ਸੋਸਾਇਟੀ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ। ਅਪਣੇ ਸਾਂਝੇ ਸ਼ੋਕ ਸੰਦੇਸ਼ ਵਿੱਚ ਆਗੂਆਂ ਨੇ ਕਿਹਾ ਕਿ ਡਾ. ਇਕਬਾਲ ਕੌਰ ਸੋਸਾਇਟੀ ਨੇ ਪੰਜਾਬੀ ਸਾਹਿਤ, ਲੋਕਧਾਰਾ, ਲੋਕ-ਵਿਰਾਸਤ, ਨਾਟਕ ਸਾਹਿਤ, ਨਾਰੀ ਚੇਤਨਾ ਅਤੇ ਸੱਭਿਆਚਾਰਕ ਖੇਤਰ ਵਿੱਚ ਅਮਿੱਟ ਯੋਗਦਾਨ ਪਾਇਆ। ਉਹ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪੰਜਾਬੀ



ਵਿਭਾਗ ਵਿੱਚ ਪ੍ਰੋਫੈਸਰ ਰਹੇ ਅਤੇ ਭਗਤ ਨਾਮਦੇਵ ਦੀ ਚੇਅਰ ਦੇ ਚੇਅਰਪਰਸਨ ਵਜੋਂ ਵੀ ਸ਼ਾਨਦਾਰ ਸੇਵਾਵਾਂ ਨਿਭਾਈਆਂ। ਭਗਤ ਨਾਮਦੇਵ ਦੇ ਜੀਵਨ ਅਤੇ ਬਾਣੀ, ਪੰਜਾਬੀ ਲੋਕਧਾਰਾ ਅਤੇ ਦੇਸ਼ ਦੀ ਵੰਡ ਦੇ ਦੁਖਾਂਤ 'ਤੇ ਉਨ੍ਹਾਂ ਦੀ ਖੋਜ ਅਤੇ ਲਿਖਤ ਪੰਜਾਬੀ ਸਾਹਿਤ ਦੀ ਅਨਮੋਲ ਧਰੋਹਰ ਹੈ। ਉਨ੍ਹਾਂ ਦੀ ਪ੍ਰਸਿੱਧ ਪੁਸਤਕ "ਬੰਦ ਬੂਹੇ ਦੀ ਹੂਕ" ਵੰਡ ਦੇ ਦਰਦ ਦਾ ਸੰਵੇਦਨਸ਼ੀਲ ਦਸਤਾਵੇਜ਼ ਮੰਨੀ ਜਾਂਦੀ ਹੈ। ਸੇਵਾਮੁਕਤੀ ਤੋਂ ਬਾਅਦ ਵੀ ਉਹ ਨਾਰੀ ਚੇਤਨਾ ਮੰਚ ਦੀ ਪ੍ਰਧਾਨ ਵਜੋਂ ਸਾਹਿਤਕ ਅਤੇ ਸਮਾਜਿਕ ਸਰਗਰਮੀਆਂ ਵਿੱਚ ਸਰਗਰਮ ਰਹੇ। ਉਨ੍ਹਾਂ ਕਿਹਾ ਕਿ ਡਾ. ਇਕਬਾਲ ਕੌਰ ਦਾ ਵਿਛੋੜਾ ਪੰਜਾਬੀ ਸਾਹਿਤ, ਲੋਕ-ਵਿਰਾਸਤ ਅਤੇ ਪ੍ਰਗਤੀਸ਼ੀਲ ਸੱਭਿਆਚਾਰਕ ਲਹਿਰ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ। ਉਨ੍ਹਾਂ ਦੀ ਵਿਦਵਤਾ, ਸਾਦਗੀ ਅਤੇ ਮਨੁੱਖਤਾ ਪ੍ਰਤੀ ਵਚਨਬੱਧਤਾ ਆਉਣ ਵਾਲੀਆਂ ਪੀੜ੍ਹੀਆਂ ਲਈ ਸਦਾ ਪ੍ਰੇਰਣਾ ਦਾ ਸਰੋਤ ਰਹੇਗੀ। ਇੰਦਰਜੀਤ ਰੂਪੋਵਾਲੀ ਅਤੇ ਡਾ. ਹਰਭਜਨ ਸਿੰਘ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਸਮੂਹ ਪਰਿਵਾਰ, ਸਨੇਹੀਆਂ ਅਤੇ ਸਾਹਿਤਕ ਭਾਈਚਾਰੇ ਨੂੰ ਇਹ ਦੁੱਖ ਸਹਿਣ ਦਾ ਬਲ ਪ੍ਰਦਾਨ ਕਰਨ।

## ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਚੱਕ ਸਾਹਬੂ ਦੀਆਂ ਸੰਗਤਾਂ ਨੇ ਜਲੇਬੀਆਂ ਦਾ ਲੰਗਰ ਲਗਾਇਆ



**ਫਿਲੌਰ/ਅੱਪਰਾ, 16 ਜੁਲਾਈ (ਦੀਪਾ)**–ਧੰਨ ਧੰਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਚੱਕ ਸਾਹਬੂ ਦੀਆਂ ਸਮੂਹ ਸੰਗਤਾਂ ਵਲੋਂ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਜਲੇਬੀਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਸੱਭ ਤੋਂ ਪਹਿਲਾਂ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਉਪਰੰਤ ਸਾਰੇ ਸੇਵਕਾਂ ਨੇ ਸੰਗਤਾਂ ਨੂੰ ਲੰਗਰ ਛਕਾਇਆ। ਇਸ ਮੌਕੇ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਪ੍ਰਬੰਧਕਾਂ ਵਲੋਂ ਚੱਕ ਸਾਹਬੂ ਦੀਆਂ ਸਮੂਹ ਸੰਗਤਾਂ ਨੂੰ ਸਿਰੋਪਾਓ ਪਹਿਨਾ ਕੇ ਸਨਮਾਨਿਤ ਵੀ ਕੀਤਾ ਗਿਆ । ਇਸ ਮੌਕੇ ਵਿੱਕੀ ਸੰਧੂ, ਤੀਰਥ ਸਿੰਘ ਮੈਂਗੜ੍ਹਾ, ਚਰਨਜੀਤ ਲਾਲ, ਕਸ਼ਮੀਰ ਲਾਲ, ਕਾਲਾ, ਦਿਨੇਸ਼ ਮੈਂਗੜ੍ਹਾ, ਅੰਮ੍ਰਿਤ ਪਾਲ ਸੰਧੂ, ਬਲਵੀਰ ਚੰਦ, ਅਕਾਸ਼ ਮੈਂਗੜ੍ਹਾ, ਰੋਹਨੀ ਮੈਂਗੜ੍ਹਾ, ਸੁਖਵਿੰਦਰ ਕੌਰ, ਗੁਰਬਖ਼ਸ਼ ਰਾਣੀ, ਸੁਭਮਪ੍ਰੀਤ ਸਿੰਘ, ਨਵਨੀਤ ਕੌਰ, ਕਮਲ ਕੁਮਾਰ ਸੰਧੂ,ਹਰਮਨਜੋਤ ਸਿੰਘ, ਇਸ਼ਾਨ ਸਿੰਘ, ਪਰਮਜੀਤ ਕੌਰ, ਕਮਲਜੀਤ ਕੌਰ ਤੇ ਹੋਰ ਸੰਗਤਾਂ ਹਾਜ਼ਰ ਸਨ।

## ਸੰਦੀਪ ਪੱਬੀ ਬਣੇ ਮਾਲ ਵਿਭਾਗ ਐਡਵਾਈਜ਼ਰ ਕਮੇਟੀ ਦੇ ਮੈਂਬਰ

### ਕਿਹਾ ਜਨ–ਸੇਵਾ ਨੂੰ ਪੂਰੀ ਨਿਸ਼ਠਾ ਅਤੇ ਇਮਾਨਦਾਰੀ ਨਾਲ ਨਿਭਾਵਾਂਗਾ



**ਲੁਧਿਆਣਾ 16 ਜੁਲਾਈ (ਕਰਨੈਲ ਸਿੰਘ ਐੱਮ.ਏ.)** ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਸਮਾਜ ਸੇਵਕ ਅਤੇ ਪਾਰਟੀ ਵਰਕਰ ਸੰਦੀਪ ਪੱਬੀ ਨੂੰ ਮਾਲ ਵਿਭਾਗ (ਰੈਵੇਨਿਊ) ਐਡਵਾਈਜ਼ਰ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਨਵ–ਨਿਯੁਕਤ ਮੈਂਬਰ ਸੰਦੀਪ ਪੱਬੀ ਨੇ ਆਪਣੀ ਇਸ ਨਿਯੁਕਤੀ 'ਤੇ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਜ਼ਿੰਮੇਵਾਰੀ ਉਨ੍ਹਾਂ ਲਈ ਮਾਣ ਵਾਲੀ ਗੱਲ ਹੋਣ ਦੇ ਨਾਲ–ਨਾਲ ਇੱਕ ਵੱਡੀ ਜ਼ਿੰਮੇਵਾਰੀ ਵੀ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਉਹ ਪੂਰੀ ਨਿਸ਼ਠਾ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ ਅਤੇ ਆਮ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਤੇ ਸਰਕਾਰ ਦੀਆਂ ਲੋਕ–ਭਲਾਈ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਪੂਰੀ ਲਗਨ ਨਾਲ ਕੰਮ ਕਰਨਗੇ। ਸੰਦੀਪ ਪੱਬੀ ਨੇ ਵਿਸ਼ੇਸ਼ ਤੌਰ 'ਤੇ ਹਲਕਾ ਨੌਰਥ ਦੇ ਵਿਧਾਇਕ ਚੌਧਰੀ ਮਦਨ ਲਾਲ ਬੱਗਾ, ਕੌਂਸਲਰ ਅਮਨ ਬੱਗਾ ਅਤੇ ਲੀਗਲ ਐਡਵਾਈਜ਼ਰ ਗੌਰਵ ਬੱਗਾ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਵਿਸ਼ਵਾਸ, ਮਾਰਗਦਰਸ਼ਨ ਅਤੇ ਸਹਿਯੋਗ ਸਦਕਾ ਹੀ ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਮਿਲੀ ਹੈ। ਉਨ੍ਹਾਂ ਕਿਹਾ ਕਿ ਉਹ ਹਮੇਸ਼ਾਂ ਉਨ੍ਹਾਂ ਦੇ ਭਰੋਸੇ 'ਤੇ ਖ਼ਰਾ ਉਤਰਨ ਦੀ ਕੋਸ਼ਿਸ਼ ਕਰਨਗੇ ਅਤੇ ਲੋਕ ਸੇਵਾ ਨੂੰ ਸਭ ਤੋਂ ਪਹਿਲ ਦੇਣਗੇ। ਇਸ ਦੇ ਨਾਲ ਹੀ ਉਨ੍ਹਾਂ ਨੇ ਸਿੱਧ ਪੀਠ ਮਹਾਂਬਲੀ ਸੰਕਟਮੋਚਨ ਸ਼੍ਰੀ ਹਨੂਮਾਨ ਮੰਦਰ (ਜੋਸ਼ੀ ਨਗਰ ਧਾਮ) ਦੇ ਉਪ–ਪ੍ਰਧਾਨ ਅਨੁਜ ਮਦਾਨ, ਐਡਵੋਕੇਟ ਯਾਦਵਿੰਦਰ ਮੜਕਨ ਅਤੇ ਨਿਤਿਨ ਭੰਡਾਰੀ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰਿਆਂ ਨੇ ਸਮੇਂ–ਸਮੇਂ 'ਤੇ ਉਨ੍ਹਾਂ ਦਾ ਸਹੀ ਮਾਰਗਦਰਸ਼ਨ ਕੀਤਾ ਅਤੇ ਸਮਾਜ ਸੇਵਾ ਦੇ ਕਾਰਜਾਂ ਲਈ ਹਮੇਸ਼ਾਂ ਪ੍ਰੇਰਿਤ ਕੀਤਾ। ਉਨ੍ਹਾਂ ਦੇ ਸਹਿਯੋਗ ਅਤੇ ਪ੍ਰੇਰਨਾ ਨੇ ਉਨ੍ਹਾਂ ਨੂੰ ਲਗਾਤਾਰ ਅੱਗੇ ਵਧਣ ਦੀ ਤਾਕਤ ਦਿੱਤੀ ਹੈ।

ਸੰਦੀਪ ਪੱਬੀ ਨੇ ਕਿਹਾ ਕਿ ਭਵਿੱਖ ਵਿੱਚ ਵੀ ਉਹ ਲੋਕਾਂ ਦੀਆਂ ਉਮੀਦਾਂ 'ਤੇ ਖ਼ਰਾ ਉਤਰਨ ਦੀ ਹਰ ਸੰਭਵ ਕੋਸ਼ਿਸ਼ ਕਰਨਗੇ। ਪਾਰਟੀ ਦੀਆਂ ਨੀਤੀਆਂ ਅਤੇ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਦੇ ਨਾਲ–ਨਾਲ ਉਹ ਲੋਕ ਹਿੱਤ ਦੇ ਕਾਰਜਾਂ ਵਿੱਚ ਸਰਗਰਮ ਭੂਮਿਕਾ ਨਿਭਾਉਂਦੇ ਰਹਿਣਗੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਉਨ੍ਹਾਂ 'ਤੇ ਪ੍ਰਗਟਾਏ ਗਏ ਭਰੋਸੇ ਨੂੰ ਉਹ ਆਪਣੇ ਕੰਮਾਂ ਰਾਹੀਂ ਸਾਰਥਕ ਸਿੱਧ ਕਰਨਗੇ ਅਤੇ ਪੂਰੀ ਇਮਾਨਦਾਰੀ ਤੇ ਪਾਰਦਰਸ਼ਤਾ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣਗੇ।

## ਖੰਨਾ ਵਿਖੇ ਮਨਰੇਗਾ ਮੁਲਾਜ਼ਮਾਂ 'ਤੇ ਹੋਇਆ ਲਾਠੀਚਾਰਜ ਬੇਹੱਦ .ਗੈਰ–ਕਾਨੂੰਨੀ ਅਤੇ ਅਣਮਨੁੱਖੀ: ਐਡਵੋਕੇਟ ਰੋਹਿਤ ਜੋਸ਼ੀ

**ਹੁਸ਼ਿਆਰਪੁਰ, 16 ਜੁਲਾਈ ( ਤਰਸੇਮ ਦੀਵਾਨਾ )** ਪੰਜਾਬ ਦੇ ਖੰਨਾ ਵਿਖੇ ਆਪਣੀਆਂ ਹੱਕੀ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਮਨਰੇਗਾ ਕਰਮਚਾਰੀਆਂ ਉੱਤੇ ਆਮ ਆਦਮੀ ਪਾਰਟੀ (ਆਪ) ਸਰਕਾਰ ਦੀ ਸ਼ਹਿ 'ਤੇ ਪੁਲਿਸ ਵੱਲੋਂ ਕੀਤੇ ਗਏ ਵਹਿਸ਼ੀਆਨਾ ਲਾਠੀਚਾਰਜ ਅਤੇ ਅੱਥਰੂ ਗੈਸ ਦੇ ਗੋਲੇ ਛੱਡੇ ਜਾਣ ਦੀ ਕਾਂਗਰਸ ਪਾਰਟੀ ਦੇ ਉੱਘੇ ਆਗੂ ਐਡਵੋਕੇਟ ਰੋਹਿਤ ਜੋਸ਼ੀ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾਂ ਇਸ ਕਾਰਵਾਈ ਨੂੰ ਲੋਕਤੰਤਰ ਦਾ ਘਾਣ ਦੱਸਦਿਆਂ ਪੂਰੀ ਤਰ੍ਹਾਂ .ਗੈਰ–ਕਾਨੂੰਨੀ, .ਗੈਰ–ਸੰਵਿਧਾਨਕ ਅਤੇ ਅਣਮਨੁੱਖੀ ਕਰਾਰ ਦਿੱਤਾ ਹੈ। ਮੀਡੀਆ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਰੋਹਿਤ ਜੋਸ਼ੀ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਸੇਵਾਵਾਂ ਨੂੰ ਰੈਗੂਲਰ ਕਰਵਾਉਣ ਅਤੇ ਰੁਕੀਆਂ ਹੋਈਆਂ ਤਨਖਾਹਾਂ ਨੂੰ ਜਾਰੀ ਕਰਵਾਉਣ ਦੀ ਮੰਗ ਨੂੰ ਲੈ ਕੇ ਮਨਰੇਗਾ ਮੁਲਾਜ਼ਮ ਸੜਕਾਂ 'ਤੇ ਉੱਤਰਨ ਲਈ ਮਜਬੂਰ ਹਨ। ਆਪਣੇ ਹੱਕ ਮੰਗਣਾ ਦੇਸ਼ ਦੇ ਹਰ ਨਾਗਰਿਕ ਦਾ ਸੰਵਿਧਾਨਕ ਅਧਿਕਾਰ ਹੈ, ਪਰ 'ਬਦਲਾਅ' ਦੇ ਨਾਂ 'ਤੇ ਸੱਤਾ ਵਿੱਚ ਆਈ ਭਗਵੰਤ ਮਾਨ ਸਰਕਾਰ ਗਰੀਬ ਮਜ਼ਦੂਰਾਂ ਅਤੇ ਮੁਲਾਜ਼ਮਾਂ ਦੀ ਆਵਾਜ਼ ਨੂੰ ਲਾਠੀਆਂ ਅਤੇ ਅੱਥਰੂ ਗੈਸ ਦੇ ਜ਼ੋਰ ਨਾਲ ਦਬਾਉਣਾ ਚਾਹੁੰਦੀ ਹੈ।

ਉਨ੍ਹਾਂ ਕਿਹਾ ਕਿ ਖੰਨਾ ਵਿਖੇ ਹੋਏ ਇਸ ਲਾਠੀਚਾਰਜ ਦੌਰਾਨ ਕਈ ਮਹਿਲਾ ਮੁਲਾਜ਼ਮਾਂ ਸਮੇਤ ਦਰਜਨਾਂ ਪ੍ਰਦਰਸ਼ਨਕਾਰੀ ਗੰਭੀਰ ਰੂਪ ਵਿੱਚ ਜ਼ਖਮੀ ਹੋਏ ਹਨ, ਜਿਨ੍ਹਾਂ ਦੀਆਂ ਪੱਗਾਂ ਤੱਕ ਰੋਲੀਆਂ ਗਈਆਂ।



ਐਡਵੋਕੇਟ ਜੋਸ਼ੀ ਨੇ ਸਵਾਲ ਉਠਾਇਆ ਕਿ ਕੀ ਆਪਣੇ ਹੱਕਾਂ ਦੀ ਮੰਗ ਕਰਨਾ ਕੋਈ ਗੁਨਾਹ ਹੈ, ਜੋ ਸਰਕਾਰ ਨੇ ਗਰੀਬ ਮਨਰੇਗਾ ਕਾਮਿਆਂ 'ਤੇ ਅੱਥਰੂ ਗੈਸ ਦੇ ਗੋਲੇ ਸੁੱਟੇ ਅਤੇ ਪਾਣੀ ਦੀਆਂ ਬੁਛਾੜਾਂ ਮਾਰ ਕੇ ਉਨ੍ਹਾਂ ਨੂੰ ਲਹੂ–ਲੁਹਾਨ ਕਰ ਦਿੱਤਾ? ਉਨ੍ਹਾਂ ਸਪੱਸ਼ਟ ਕੀਤਾ ਕਿ ਕਾਂਗਰਸ ਪਾਰਟੀ ਇਸ ਧੱਕੇਸ਼ਾਹੀ ਦਾ ਡਟ ਕੇ ਵਿਰੋਧ ਕਰਦੀ ਹੈ। ਕਾਂਗਰਸ ਹਮੇਸ਼ਾ ਗਰੀਬਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਦੇ ਹਿੱਤਾਂ ਲਈ ਲੜਦੀ ਆਈ ਹੈ ਅਤੇ ਇਸ ਦੁੱਖ ਦੀ ਘੜੀ ਵਿੱਚ ਪੂਰੀ ਮਜ਼ਬੂਤੀ ਨਾਲ ਮਨਰੇਗਾ ਕਰਮਚਾਰੀਆਂ ਦੇ ਨਾਲ ਖੜ੍ਹੀ ਹੈ। ਐਡਵੋਕੇਟ ਰੋਹਿਤ ਜੋਸ਼ੀ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਜ਼ਖਮੀ ਹੋਏ ਮੁਲਾਜ਼ਮਾਂ ਦਾ ਮੁਫ਼ਤ ਇਲਾਜ ਕਰਵਾਇਆ ਜਾਵੇ, .ਗੈਰ–ਕਾਨੂੰਨੀ ਲਾਠੀਚਾਰਜ ਕਰਨ ਵਾਲੇ ਦੋਸ਼ੀ ਪੁਲਿਸ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਮਨਰੇਗਾ ਕਾਮਿਆਂ ਦੀਆਂ ਹੱਕੀ ਮੰਗਾਂ ਨੂੰ ਤੁਰੰਤ ਪ੍ਰਵਾਨ ਕਰਕੇ ਉਨ੍ਹਾਂ ਨੂੰ ਰੈਗੂਲਰ ਕੀਤਾ ਜਾਵੇ।

## ਸ੍ਰੀ ਰਾਮ ਲੀਲਾ ਕਮੇਟੀ (812 ) ਡੇਰਾਬੱਸੀ ਤੋਂ ਮੁੜ ਰਵਿੰਦਰ ਵੈਸ਼ਨਵ ਬਣੇ ਪ੍ਰਧਾਨ


रविंदर वैष्णव

**ਡੇਰਾਬੱਸੀ, ਸੰਜੀਵ ਸਿੰਘ ਸੈਣੀ** ਸ਼੍ਰੀ ਰਾਮਲੀਲਾ ਕਮੇਟੀ ਰਜਿਸਟਰ ਨੰਬਰ 812 ਡੇਰਾਬੱਸੀ ਦੀ ਚੋਣ ਇਸ ਸਾਲ ਵੀ ਸਰਬਸੰਮਤੀ ਨਾਲ ਸੰਪੰਨ ਹੋਈ। ਜਿਸ ਵਿੱਚ ਪ੍ਰਧਾਨ ਰਵਿੰਦਰ ਵੈਸ਼ਨਵ ਲਵਲੀ ਅਤੇ ਉਨ੍ਹਾਂ ਦੇ ਸਾਰੇ ਸਹਿਯੋਗੀ ਅਹੁਦੇਦਾਰਾਂ ਦੀ ਟੀਮ ਨੂੰ ਇੱਕ ਵਾਰ ਫਿਰ ਜ਼ਿੰਮੇਵਾਰੀ ਸੌਂਪੀ ਗਈ। ਨਵੀਂ ਚੋਣ ਵਿੱਚ, ਪ੍ਰਧਾਨ ਰਵਿੰਦਰ ਵੈਸ਼ਨਵ ਦੇ ਨਾਲ ਮਨੋਜ ਰਾਜਪੂਤ ਚੇਅਰਮੈਨ, ਉਪੇਸ਼ ਬਾਂਸਲ ਨੂੰ ਖਜ਼ਾਨਚੀ, ਦਿਨੇਸ਼ ਵੈਸ਼ਨਵ ਅਤੇ ਮਧੁਕਰ ਸ਼ਰਮਾ ਨੂੰ ਸਕੱਤਰ, ਬਲਬੀਰ ਕੁਮਾਰ ਮੱਗੂ ਅਤੇ ਸੁਸ਼ੀਲ ਧੀਮਾਨ ਨੂੰ ਸੀਨੀਅਰ ਉਪ ਪ੍ਰਧਾਨ, ਸਤਪਾਲ ਅੱਤਰੀ ਨੀਲੂ ਨੂੰ ਉਪ ਪ੍ਰਧਾਨ ਅਤੇ ਇਸ ਦੇ ਨਾਲ ਸੰਜੀਵ ਥੰਮਨ, ਉਨ੍ਹਾਂ ਦੇ ਸਹਿਯੋਗੀ ਮੁਕੇਸ਼ ਮੱਗੂ, ਐਡਵੋਕੇਟ ਅਰੁਣ ਕੁਮਾਰ, ਨਰਿੰਦਰ ਵੈਸ਼ਨਵ ਅਤੇ ਯੋਗੇਸ਼ ਅੱਤਰੀ, ਸਟੋਰ ਇੰਚਾਰਜ ਸੁਸ਼ੀਲ ਗੁਪਤਾ ਅਤੇ ਗੋਵਿੰਦ ਸ਼ਰਮਾ ਨੂੰ ਬੋਰਡ ਆਫ਼ ਡਾਇਰੈਕਟਰਜ਼ ਵਿੱਚ ਨਿਯੁਕਤ ਕੀਤਾ ਗਿਆ। ਇਹ ਗੱਲ ਧਿਆਨ ਦੇਣ ਯੋਗ ਹੈ ਕਿ ਵਿਧਾਨ ਸਭਾ ਹਲਕਾ ਡੇਰਾਬੱਸੀ ਦੀ ਸਭ ਤੋਂ ਪੁਰਾਣੀ ਰਾਮਲੀਲਾ ਕਮੇਟੀ, ਜੋ ਨਾ ਸਿਰਫ਼ ਲੀਲਾ ਦਾ ਮੰਚਨ ਕਰਦੀ ਹੈ, ਸਗੋਂ ਸ਼ੋਭਾ ਯਾਤਰਾ ਅਤੇ ਦੁਸਹਿਰਾ ਮੇਲਾ ਤਿਉਹਾਰ ਵੀ ਧੂਮਧਾਮ ਨਾਲ ਮਨਾਉਂਦੀ ਹੈ, ਨੇ ਆਉਣ ਵਾਲੀ ਪੀੜ੍ਹੀ ਨੂੰ ਰਾਮਾਇਣ ਦਾ ਗਿਆਨ ਦੇਣ ਦੇ ਵੀ ਯਤਨ ਕੀਤੇ ਹਨ ਅਤੇ ਹੁਣ ਤੱਕ 8000 ਤੋਂ ਵੱਧ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਰਾਹੀਂ ਸਿੱਖਿਅਤ ਕਰਨ ਦੇ ਨਾਲ–ਨਾਲ ਰੁੱਖ ਲਗਾਉਣ, ਖੂਨਦਾਨ ਕੈਂਪ, ਸਿਹਤ ਜਾਂਚ ਕੈਂਪ ਆਦਿ ਦਾ ਆਯੋਜਨ ਵੀ ਕੀਤਾ ਹੈ। ਸ਼੍ਰੀ ਰਾਮਲੀਲਾ ਕਮੇਟੀ 812 ਡੇਰਾਬੱਸੀ ਦੀ ਇਕਲੌਤੀ ਧਾਰਮਿਕ ਸੰਸਥਾ ਹੈ ਜਿਸਦੀ ਐਂਬੂਲੈਂਸ ਸੇਵਾ ਪਿਛਲੇ 16 ਸਾਲਾਂ ਤੋਂ ਆਮ ਜਨਤਾ ਲਗਾਤਾਰ ਪ੍ਰਾਪਤ ਕਰ ਰਹੀ ਹੈ।

## ਹਠੂਰ ਪੁਲਿਸ ਵੱਲੋਂ 32 ਬੋਰ ਦੇਸੀ ਪਿਸਤੌਲ ਸਮੇਤ ਇਕ ਕਾਬੂ

**ਰਾਏਕੋਟ, 16 ਜੁਲਾਈ ਗੁਰਭਿੰਦਰ ਗੁਰੀ।** ਪੁਲਿਸ ਥਾਣਾ ਹਠੂਰ ਦੇ ਐੱਸ.ਆਈ. ਗੁਰਸੇਵਕ ਸਿੰਘ ਦੀ ਅਗਵਾਈ 'ਚ ਪੁਲਿਸ ਪਾਰਟੀ ਵੱਲੋਂ ਗਸ਼ਤ ਦੌਰਾਨ ਦਾਣਾ ਮੰਡੀ ਹਠੂਰ ਤੋਂ ਲਵਪ੍ਰੀਤ ਸਿੰਘ ਉਰਫ ਵਿੱਕੀ ਵਾਸੀ ਸੱਦੋਵਾਲ ਜ਼ਿਲ੍ਹਾ ਬਰਨਾਲਾ ਨੂੰ ਸਮੇਤ ਕਾਰ ਵਰਨਾ ਦੇ ਕਾਬੂ ਕੀਤਾ ਹੈ ਅਤੇ ਉਸ ਤੋਂ ਇੱਕ 32 ਬੋਰ ਦੇਸੀ ਪਿਸਤੌਲ ਸਮੇਤ ਇੱਕ ਜਿੰਦਾ ਕਾਰਤੂਸ 32 ਬੋਰ ਅਤੇ ਤਿੰਨ ਖੋਲ ਬਰਾਮਦ ਕੀਤੇ ਗਏ। ਗੁਰਸੇਵਕ ਸਿੰਘ ਮੁੱਖ ਅਫ਼ਸਰ ਥਾਣਾ ਹਠੂਰ ਨੇ ਦੱਸਿਆ ਕਿ



ਉਕਤ ਦੋਸ਼ੀ ਖਿਲਾਫ ਮੁਕੱਦਮਾ ਨੰਬਰ 119 ਮਿਤੀ 14.07.2026 ਅ/ਧ 25 ਅਸਲਾ ਐਕਟ ਥਾਣਾ ਹਠੂਰ ਦਰਜ ਰਜਿਸਟਰ ਕੀਤਾ ਗਿਆ ਅਤੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਗਈ ਹੈ। ਇਸ ਮੌਕੇ ਸੁਲੱਖਣ ਸਿੰਘ, ਸਤਵਿੰਦਰ ਸਿੰਘ ਅਤੇ ਹੋਰ ਕਰਮਚਾਰੀ ਆਦਿ ਹਾਜ਼ਰ ਸਨ।

# ਦੇਹੜਕਾ 'ਚ ਧਰਮਸ਼ਾਲਾ ਦੀ ਨੀਂਹ ਰੱਖੀ

**ਰਾਏਕੋਟ, 16 ਜੁਲਾਈ ਗੁਰਭਿੰਦਰ ਗੁਰੀ**

ਗੁਰਦੁਆਰਾ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਪਿੰਡ ਦੇਹੜਕਾ ਦੀ ਪ੍ਰਬੰਧਕੀ ਕਮੇਟੀ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਾਉਣ ਮਹੀਨੇ ਦੀ ਸੰਗਰਾਂਦ ਦੇ ਪਵਿੱਤਰ ਦਿਹਾੜੇ 'ਤੇ ਧਰਮਸ਼ਾਲਾ ਦੀ ਨੀਂਹ ਰੱਖੀ ਗਈ। ਨੀਂਹ ਰੱਖਣ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਗ੍ਰੰਥੀ ਸਿੰਘ ਭਾਈ ਸੰਦੀਪ ਸਿੰਘ ਵੱਲੋਂ ਅਰਦਾਸ ਬੇਨਤੀ ਕੀਤੀ ਗਈ, ਉਪਰੰਤ ਭਾਈ ਸੰਦੀਪ ਸਿੰਘ, ਸਰਪੰਚ ਰਾਜਪ੍ਰੀਤ ਕੌਰ ਦੇਹੜਕਾ ,ਨੰਬੜਦਾਰ ਜਸਵੀਰ ਸਿੰਘ, ਪ੍ਰਧਾਨ ਜੋਗਿੰਦਰ ਸਿੰਘ ਸਮੂਹ ਪੰਚਾਂ ਤੇ ਕਮੇਟੀ ਮੈਂਬਰਾਂ ਵੱਲੋਂ ਨੀਂਹ ਰੱਖੀ ਗਈ।ਇਸ ਮੌਕੇ ਗੱਲਬਾਤ ਕਰਦਿਆਂ ਨੰਬੜਦਾਰ ਜਸਵੀਰ ਸਿੰਘ ਨੇ ਕਿਹਾ ਕਿ ਬਾਬਾ ਜੀਵਨ ਸਿੰਘ



ਜੀ ਦੇ ਭਾਈਚਾਰੇ ਨੂੰ ਵਿਆਹ ਸ਼ਾਦੀ ਤੇ ਹੋਰ ਪ੍ਰੋਗਰਾਮਾਂ ਲਈ ਧਰਮਸ਼ਾਲਾ ਦੀ ਵੱਡੀ ਲੋੜ ਸੀ, ਜੋ ਹੁਣ ਪੂਰੀ ਹੋ ਜਾਵੇਗੀ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜੋਗਿੰਦਰ ਸਿੰਘ ਨੇ ਕਿਹਾ ਧਰਮਸ਼ਾਲਾ ਲਈ ਗ੍ਰਾਂਟ ਵੀ ਮਿਲੀ ਹੈ ਅਤੇ ਬਾਕੀ ਪੰਚਾਇਤ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਧਰਮਸ਼ਾਲਾ ਦੀ ਵਧੀਆ ਇਮਾਰਤ ਉਸਾਰੀ ਜਾਵੇਗੀ। ਉਨ੍ਹਾਂ ਕਿਹਾ ਕਿ ਪਹਿਲੇ ਪ੍ਰਧਾਨ ਰਣਜੀਤ ਸਿੰਘ ਰਾਜਾ ਨੇ ਗੁਰਦੁਆਰਾ ਸਾਹਿਬ ਲਈ ਜਗ੍ਹਾ ਖਰੀਦਣ ਤੇ ਲੰਗਰ ਹਾਲ ਬਣਾਉਣ ਲਈ ਵੱਡਾ ਸਹਿਯੋਗ ਦਿੱਤਾ ਸੀ। ਇਸ ਮੌਕੇ ਪ੍ਰਧਾਨ ਜੋਗਿੰਦਰ ਸਿੰਘ, ਸਾਬਕਾ ਪ੍ਰਧਾਨ ਰਣਜੀਤ ਸਿੰਘ ਰਾਜਾ, ਮੀਤ ਪ੍ਰਧਾਨ ਸੁਖਮਿੰਦਰ ਸਿੰਘ, ਗੁਰਮੀਤ ਸਿੰਘ ਪੱਪੂ, ਪਰਮਜੀਤ ਸਿੰਘ, ਬਲਦੇਵ ਸਿੰਘ ਕਾਲਾ, ਬਲਜੀਤ ਸਿੰਘ ਸਿੱਧੂ, ਬੀਰਬਲ ਸਿੰਘ, ਜਥੇ.ਸੁਖਦੇਵ ਸਿੰਘ ਖਾਲਸਾ, ਜੱਸਾ ਸਿੰਘ ਖਹਿਰਾ, ਭਾਈ ਅਮਨਪ੍ਰੀਤ ਸਿੰਘ, ਗੁਰਚਰਨ ਸਿੰਘ (ਸਮੂਹ ਪੰਚ), ਗਿਆਨੀ ਭਜਨ ਸਿੰਘ ਖਾਲਸਾ, ਗੁਰਪ੍ਰੀਤ ਸਿੰਘ, ਰਾਮ ਸਿੰਘ, ਬਿਹਾਰਾ ਸਿੰਘ, ਅਜਮੇਰ ਸਿੰਘ, ਸੁਖਮਨੀ ਸਿੰਘ, ਲਖਵਿੰਦਰ ਸਿੰਘ, ਅਨਮੋਲ ਸਿੰਘ, ਸੁਖਦੀਪ ਸਿੰਘ ਆਦਿ ਹਾਜ਼ਰ ਸਨ।

# ਦੂਸਰੇ ਦਿਨ ਵੀ ਭਾਜਪਾ ਵਰਕਰਾਂ ਦਾ ਚੱਲਿਆ ਝਾੜੂ

## ਅੱਜ ਸੰਵਿਧਾਨ ਨਿਰਮਾਤਾ ਡਾ ਅੰਬੇਡਕਰ ਦੇ ਬੁੱਤ ਅਤੇ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਦੇ ਜੱਦੀ ਘਰ ਦੀ ਕੀਤੀ ਸਫਾਈ

**ਬੰਗਾ (ਚਰਨਜੀਤ ਸੱਲ੍ਹਾ):-** ਦੇਸ਼ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੇ ਪੰਜਾਬ ਆਗਮਨ ਤੋਂ ਪਹਿਲਾ ਪਾਰਟੀ ਦੀ ਹਾਈਕਮਾਂਡ ਦਾ ਆਦੇਸ਼ ਸੀ ਕਿ ਪੰਜਾਬ ਦੇ ਸਾਰੇ ਮੰਡਲਾਂ ਵਿੱਚ 2 ਦਿਨਾਂ "ਸਫਾਈ ਅਭਿਆਨ" ਚਲਾਇਆ ਜਾਵੇ ਲ ਇਸ ਦੇ ਤਹਿਤ ਅੱਜ ਦੂਸਰੇ ਦਿਨ ਵੀ ਭਾਜਪਾ ਵਰਕਰਾਂ ਨੇ ਝਾੜੂ ਚਲਾ ਕੇ ਸਫਾਈ ਅਭਿਆਨ ਵਿਚ ਆਪਣਾ ਯੋਗਦਾਨ ਪਾਇਆ। ਅੱਜ ਬੰਗਾ ਦੇ ਸਿੱਧ ਮੁਹੱਲੇ ਵਿਖੇ ਸਥਿਤ ਸੰਵਿਧਾਨ ਨਿਰਮਾਤਾ ਡਾ ਭੀਮ ਰਾਓ ਅੰਬੇਡਕਰ ਦੇ ਆਦਮ ਕੱਦ ਬੁੱਤ ਤੇ ਭਾਜਪਾ ਵਰਕਰ ਨਤਮਸਤਕ ਹੋਏ ਅਤੇ ਉੱਥੇ ਸਫਾਈ ਅਭਿਆਨ ਚਲਾਇਆ। ਇਸ ਉਪਰੰਤ ਭਾਜਪਾ ਵਰਕਰ ਅਤੇ ਅਹੁਦੇਦਾਰ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਪਹੁੰਚੇ। ਸ਼ਹੀਦ ਏ ਆਜ਼ਮ ਭਗਤ ਸਿੰਘ ਨੂੰ ਨਤਮਸਤਕ ਹੋਣ ਉਪਰੰਤ ਉਨ੍ਹਾਂ ਦੇ ਜੱਦੀ ਘਰ ਵਿਖੇ ਜਾਕੇ ਸਫਾਈ ਕੀਤੀ। ਇਹ "ਸਫਾਈ ਅਭਿਆਨ" ਡਾ ਧਰਮਪਾਲ ਰਿਟਾ ਆਈਏਐਸ ਜਿਨ੍ਹਾਂ ਨੂੰ ਇਸ ਅਭਿਆਨ ਦਾ ਇੰਚਾਰਜ ਲਗਾਇਆ ਗਿਆ ਦੀ ਯੋਗ ਅਗਵਾਈ ਵਿੱਚ ਚਲਾਇਆ ਗਿਆ। ਅੱਜ ਵੀ ਭਾਜਪਾ ਵਰਕਰਾਂ ਵਿੱਚ ਸਫ਼ਾਈ ਅਭਿਆਨ ਪ੍ਰਤੀ ਪੂਰਾ ਉਤਸ਼ਾਹ ਦੇਖਣ ਨੂੰ ਮਿਲਿਆ। ਵਰਕਰਾਂ ਅਤੇ ਅਹੁਦੇਦਾਰਾਂ ਨੇ ਇੱਕ ਦੂਜੇ ਤੋਂ ਮੂਹਰੇ ਹੋ ਕੇ ਇਸ "ਸਫਾਈ





ਅਭਿਆਨ" ਵਿਚ ਆਪਣਾ ਬਣਦਾ ਯੋਗਦਾਨ ਪਾਇਆ। ਇਸ ਮੌਕੇ ਸਫਾਈ ਅਭਿਆਨ ਦੇ ਇੰਚਾਰਜ ਡਾ ਧਰਮਪਾਲ ਰਿਟਾ ਆਈਏਐਸ ਨੇ ਕਿਹਾ ਕਿ ਦੋ ਦਿਨ ਦੇ ਇਸ "ਸਫਾਈ ਅਭਿਆਨ" ਵਿੱਚ ਭਾਗ ਲੈ ਕੇ ਮਨ ਨੂੰ ਜੋ ਸ਼ਾਂਤੀ ਅਤੇ ਸਕੂਨ ਮਿਲਿਆ ਹੈ ਉਸ ਨੂੰ ਸ਼ਬਦਾਂ ਵਿਚ ਬਿਆਨ ਕਰਨਾ ਔਖਾਂ ਹੈ। ਉਨ੍ਹਾਂ ਕਿਹਾ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੂਰੇ ਦੇਸ਼ ਵਿੱਚ "ਸਫਾਈ ਅਭਿਆਨ" ਚਲਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਹੈ। ਜਿਸ ਪਿੱਛੇ ਸਫਾਈ ਦੇ ਨਾਲ ਨਾਲ ਇੱਕ ਖਾਸ ਮਕਸਦ ਛੁਪਿਆ ਹੋਇਆ ਹੈ। ਡਾ ਧਰਮਪਾਲ ਨੇ ਦੱਸਿਆ ਕਿ ਕੱਲ੍ਹ ਨੂੰ ਜਲੰਧਰ ਵਿਖੇ ਭਾਰੀ ਕਾਫ਼ਲਿਆਂ ਨਾਲ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦਾ ਜ਼ੋਰਦਾਰ ਸਵਾਗਤ ਕੀਤਾ ਜਾਵੇਗਾ। ਇਸ ਪ੍ਰਤੀ ਭਾਜਪਾ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਮੌਕੇ ਸੰਜੀਵ ਭਾਰਦਵਾਜ ਸਾਬਕਾ ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਸ਼ਹਿਰ ਤੋਂ ਭਾਜਪਾ ਵਰਕਰਾਂ ਨੂੰ ਕਾਫ਼ਲਿਆਂ ਰਾਹੀਂ ਜਲੰਧਰ ਪਹੁੰਚਾਇਆ ਜਾਵੇਗਾ। ਵਰਕਰਾਂ ਲਈ ਚਾਹ ਨਾਸ਼ਤਾ, ਪੀਣ ਵਾਲੇ ਪਾਣੀ, ਦੁਪਹਿਰ ਦੇ ਭੋਜਨ ਦਾ ਵੀ ਉਚਿਤ ਪ੍ਰਬੰਧ ਕਰ , ਲਿਆ ਗਿਆ ਹੈ। ਬੰਗਾ ਦੇ ਮੰਡਲ ਪ੍ਰਧਾਨ ਡਾ ਨਰੇਸ਼ ਰਾਵਲ ਦਵਾਈਆਂ ਦੀ ਕਿੱਟ ਵੀ ਨਾਲ ਰੱਖਣਗੇ। ਇਸ ਮੌਕੇ ਸਫਾਈ ਅਭਿਆਨ ਇੰਚਾਰਜ ਡਾ ਧਰਮਪਾਲ ਰਿਟਾ ਆਈਏਐਸ, ਸੰਜੀਵ ਭਾਰਦਵਾਜ ਸਾਬਕਾ ਜ਼ਿਲ੍ਹਾ ਪ੍ਰਧਾਨ, ਡਾ ਨਰੇਸ਼ ਰਾਵਲ ਮੰਡਲ ਪ੍ਰਧਾਨ ਬੰਗਾ, ਡਿੰਪਲ ਭਾਰਦਵਾਜ ਜ਼ਿਲ੍ਹਾ ਜਨਰਲ ਸਕੱਤਰ, ਡਾ ਹਰਭਜਨ ਸਿੰਘ ਕਰਨਾਣਾ ਇੰਚਾਰਜ "ਮਨ ਕੀ ਬਾਤ", ਵਿਕਾਸ ਗੁਪਤਾ, ਨਰੇਸ਼ ਸ਼ਰਮਾ, ਰਵੀ ਬੰਗਾ, ਡਾ ਰਾਜਨ ਸ਼ਰਮਾ ਆਦਿ ਵੀ ਹਾਜਰ ਸਨ।

# ਡੇਂਗੂ ਨੂੰ ਸ਼ੁਰੂਆਤੀ ਪੜਾਅ 'ਚ ਹੀ ਰੋਕਣ ਦੀ ਲੋੜ 'ਤੇ ਜ਼ੋਰ ਦਿੱਤਾ ਜਾਵੇ - ਡਿਪਟੀ ਕਮਿਸ਼ਨਰ ਸ. ਗੁਲਪ੍ਰੀਤ ਸਿੰਘ ਔਲਖ

**ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ)** ਡਿਪਟੀ ਕਮਿਸ਼ਨਰ ਸ. ਗੁਲਪ੍ਰੀਤ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਰਾਸ਼ਟਰੀ ਵੈਕਟਰ ਬੌਰਨ ਡਿਜ਼ੀਜ਼ ਕੰਟਰੋਲ ਪ੍ਰੋਗਰਾਮ ਤਹਿਤ ਡੇਂਗੂ, ਚਿਕਨਗੁਨੀਆ, ਮਲੇਰੀਆ ਅਤੇ ਹੋਰ ਵੈਕਟਰ ਬੌਰਨ ਬਿਮਾਰੀਆਂ ਦੀ ਰੋਕਥਾਮ ਸਬੰਧੀ ਇੰਟਰ-ਸੈਕਟੋਰਲ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਸਿਹਤ ਵਿਭਾਗ, ਸਿੱਖਿਆ ਵਿਭਾਗ, ਸਥਾਨਕ ਸਰਕਾਰ ਵਿਭਾਗ, ਪੰਚਾਇਤ ਰਾਜ, ਖੇਤੀਬਾੜੀ ਵਿਭਾਗ, ਇੰਡੀਅਨ ਮੈਡੀਕਲ ਐਸੋਸੀਏਸ਼ਨ, ਟਰਾਂਸਪੋਰਟ ਵਿਭਾਗ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਸ. ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਡੇਂਗੂ ਨੂੰ ਫੈਲਣ ਤੋਂ ਪਹਿਲਾਂ ਹੀ ਕਾਬੂ ਕਰਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਹਾਈ ਰਿਸਕ ਏਰੀਆ ਦੀ ਵਿਸ਼ੇਸ਼ ਨਿਗਰਾਨੀ ਕਰਨ ਦੀ ਹਦਾਇਤ ਕਰਦੇ ਹੋਏ ਕਿਹਾ ਕਿ ਘਰ-ਘਰ ਲਾਰਵਾ ਸਰਵੇ ਅਤੇ ਤੁਰੰਤ ਸਰੋਤ ਨਸ਼ਟ ਕਰਨ ਦੀ ਕਾਰਵਾਈ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਯਕੀਨੀ ਬਣਾਇਆ ਜਾਏ। ਉਨ੍ਹਾਂ ਕਿਹਾ ਕਿ ਸਾਰੇ ਵਿਭਾਗ ਆਪਸੀ



ਤਾਲਮੇਲ ਨਾਲ ਕੰਮ ਕਰਦਿਆਂ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਲਾਰਵਾ ਸਰਵੇ, ਸਫ਼ਾਈ ਮੁਹਿੰਮਾਂ ਅਤੇ ਜਨ-ਜਾਗਰੂਕਤਾ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ। ਉਨ੍ਹਾਂ ਹਦਾਇਤ ਕੀਤੀ ਕਿ 'ਹਰ ਸ਼ੁੱਕਰਵਾਰ-ਡੇਂਗੂ 'ਤੇ ਵਾਰ' ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇ ਅਤੇ ਲੋਕਾਂ ਨੂੰ ਹਰ ਹਫ਼ਤੇ ਕੂਲਰਾਂ, ਫਰਿੱਜ ਦੀਆਂ ਟਰੇਆਂ, ਗਮਲਿਆਂ ਅਤੇ ਹੋਰ ਪਾਣੀ ਇਕੱਠਾ ਕਰਨ ਵਾਲੀਆਂ ਥਾਵਾਂ ਦੀ ਸਫ਼ਾਈ ਲਈ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਸਕੂਲਾਂ ਦੀਆਂ ਸਵੇਰ ਦੀਆਂ ਅਸੈਂਬਲੀਆਂ ਦੌਰਾਨ ਵਿਦਿਆਰਥੀਆਂ ਨੂੰ ਡੇਂਗੂ ਤੋਂ ਬਚਾਅ ਸਬੰਧੀ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਉਹ ਆਪਣੇ ਪਰਿਵਾਰਾਂ ਨੂੰ ਵੀ ਜਾਗਰੂਕ ਕਰ ਸਕਣ। ਉਨ੍ਹਾਂ ਸ਼ਹਿਰਾਂ ਵਿਚ ਸਥਾਨਕ ਸਰਕਾਰ ਵਿਭਾਗ ਤੇ ਪੇਂਡੂ ਖੇਤਰਾਂ ਵਿੱਚ ਪੰਚਾਇਤੀ ਵਿਭਾਗ ਨੂੰ ਹਦਾਇਤ ਕੀਤੀ ਗਈ ਕਿ ਜਿਨ੍ਹਾਂ ਘਰਾਂ ਜਾਂ ਅਦਾਰਿਆਂ ਵਿੱਚ ਵਾਰ-ਵਾਰ ਡੇਂਗੂ ਦਾ ਲਾਰਵਾ ਮਿਲੇ, ਉਨ੍ਹਾਂ ਖ਼ਿਲਾਫ਼ ਨਿਯਮਾਂ ਅਨੁਸਾਰ ਚੇਤਾਵਨੀ ਜਾਰੀ ਕਰਨ ਉਪਰੰਤ ਜੁਰਮਾਨੇ ਦੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਕਿਹਾ ਕਿ ਡੇਂਗੂ ਦੀ ਰੋਕਥਾਮ ਲਈ ਸਿਹਤ ਵਿਭਾਗ ਪੂਰੀ ਤਰ੍ਹਾਂ ਚੌਕਸ ਹੈ ਅਤੇ ਘਰ-ਘਰ ਲਾਰਵਾ ਸਰਵੇ, ਜਾਗਰੂਕਤਾ ਮੁਹਿੰਮਾਂ, ਐਂਟੀ-ਲਾਰਵਾ ਗਤੀਵਿਧੀਆਂ ਅਤੇ ਬਿਮਾਰੀ ਦੀ ਨਿਰੰਤਰ ਨਿਗਰਾਨੀ ਕੀਤੀ ਜਾ ਰਹੀ ਹੈ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਹਰੇਕ ਸ਼ੁੱਕਰਵਾਰ ਆਪਣੇ ਘਰਾਂ ਅਤੇ ਆਲੇ-ਦੁਆਲੇ ਪਾਣੀ ਇਕੱਠਾ ਹੋਣ ਵਾਲੀਆਂ ਥਾਵਾਂ ਦੀ ਸਫ਼ਾਈ ਜ਼ਰੂਰ ਕਰਨ, ਬੁਖ਼ਾਰ ਦੀ ਸੂਰਤ ਵਿੱਚ ਸਵੈ-ਦਵਾਈ ਤੋਂ ਬਚਣ ਅਤੇ ਤੁਰੰਤ ਨਜ਼ਦੀਕੀ ਸਰਕਾਰੀ ਸਿਹਤ ਸੰਸਥਾ ਨਾਲ ਸੰਪਰਕ ਕਰਨ।

# ਸੇਵਾ ਮੁਕਤ ਕਰਮਚਾਰੀਆਂ ਨੇ ਬਕਾਇਆ ਰਕਮ ਬਾਬਤ ਨਗਰ ਨਿਗਮ ਘੇਰਿਆ ਤੇ 1 ਅਗਸਤ ਤੱਕ ਮਿਲਿਆ ਭਰੋਸਾ

**ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ)** ਸੇਵਾ ਮੁਕਤ ਕਰਮਚਾਰੀਆਂ ਨੇ ਜਾਰੀ ਪ੍ਰੈਸ ਨੋਟ ਵਿੱਚ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੱਧੇ ਹੋਏ ਤਨਖਾਹ ਸਕੇਲਾਂ ਦੀ ਬਕਾਇਆ ਰਕਮ ਜਾਰੀ ਕਰਨ ਲਈ ਵੱਖ-ਵੱਖ ਸਮਾਂ-ਸਾਰਣੀਆਂ ਤੈਅ ਕੀਤੀਆਂ ਗਈਆਂ ਸਨ। ਇਸ ਤਹਿਤ ਅਪ੍ਰੈਲ ਮਹੀਨੇ ਤੋਂ ਸੇਵਾ ਮੁਕਤ ਕਰਮਚਾਰੀਆਂ ਨੂੰ ਕਿਸ਼ਤਾਂ ਦੇ ਰੂਪ ਵਿੱਚ ਰਕਮ ਮਿਲਣੀ ਸ਼ੁਰੂ ਹੋਣੀ ਸੀ, ਪਰ ਚਾਰ ਮਹੀਨੇ ਬੀਤ ਜਾਣ ਦੇ ਬਾਵਜੂਦ ਨਗਰ ਨਿਗਮ ਵੱਲੋਂ ਇੱਕ ਵੀ ਕਿਸ਼ਤ ਜਾਰੀ ਨਹੀਂ ਕੀਤੀ ਗਈ। ਇਸ ਮੌਕੇ ਸਰਪਰਸਤ ਕੁਲਵੰਤ ਸਿੰਘ ਸੈਣੀ ਨੇ ਕਿਹਾ ਕਿ ਇਸ ਦੇ ਵਿਰੋਧ ਵਿੱਚ ਯੂਨੀਅਨ ਨੇ ਨਗਰ ਨਿਗਮ ਹੁਸ਼ਿਆਰਪੁਰ ਦੇ ਕਮਿਸ਼ਨਰ ਦਫ਼ਤਰ ਅੱਗੇ ਧਰਨਾ ਦਿੱਤਾ ਅਤੇ ਪੰਜਾਬ ਸਰਕਾਰ ਅਤੇ ਨਗਰ ਨਿਗਮ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਇਹ ਧਰਨਾ ਚੇਅਰਮੈਨ ਕੁਲਵੰਤ ਸਿੰਘ ਸੈਣੀ ਦੀ ਅਗਵਾਈ ਹੇਠ ਦਿੱਤਾ ਗਿਆ। ਧਰਨੇ ਦੌਰਾਨ ਕੋਈ ਵੀ ਸੀਨੀਅਰ ਅਧਿਕਾਰੀ ਮੌਕੇ 'ਤੇ ਨਹੀਂ ਪਹੁੰਚਿਆ। ਬਾਅਦ ਵਿੱਚ ਨਗਰ ਨਿਗਮ ਦੇ ਲੇਖਾਕਾਰ ਨੇ ਯੂਨੀਅਨ ਦੇ ਨੁਮਾਇੰਦਿਆਂ ਨਾਲ ਗੱਲਬਾਤ ਕਰਦਿਆਂ ਭਰੋਸਾ ਦਿੱਤਾ ਕਿ 1 ਅਗਸਤ ਤੱਕ ਬਕਾਇਆ ਰਕਮ ਦੀ ਅਦਾਇਗੀ ਕਰ ਦਿੱਤੀ ਜਾਵੇਗੀ, ਜਿਸ ਤੋਂ ਬਾਅਦ ਯੂਨੀਅਨ ਨੇ ਧਰਨਾ ਸਮਾਪਤ ਕਰ ਦਿੱਤਾ। ਯੂਨੀਅਨ ਆਗੂਆਂ ਨੇ ਕਿਹਾ ਕਿ ਨਗਰ ਨਿਗਮ ਵਿੱਚ ਕਰਮਚਾਰੀਆਂ ਦੇ ਵਾਰ-ਵਾਰ ਤਬਾਦਲੇ ਹੋਣ ਕਾਰਨ ਕੰਮਕਾਜ ਪ੍ਰਭਾਵਿਤ ਹੋ ਰਿਹਾ ਹੈ ਅਤੇ ਸੇਵਾ ਮੁਕਤ ਕਰਮਚਾਰੀਆਂ ਦੇ ਮਾਮਲੇ ਲੰਬੇ ਸਮੇਂ ਤੋਂ ਲਟਕ ਰਹੇ ਹਨ। ਉਨ੍ਹਾਂ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਤੈਅ ਸਮੇਂ ਅੰਦਰ ਭੁਗਤਾਨ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਲਾਲ ਸਿੰਘ ਪ੍ਰਧਾਨ, ਸੰਜੀਵ ਅਰੋੜਾ ਸਰਪ੍ਰਸਤ, ਜੋਗਿੰਦਰ ਪਾਲ ਵਾਈਸ ਪ੍ਰਧਾਨ, ਦਸ਼ਰਥ ਲਾਲ, ਅਸ਼ੋਕ ਕੁਮਾਰ, ਰਾਮ ਕੁਮਾਰ, ਨਰੇਸ਼ ਕੁਮਾਰ ਡਰਾਈਵਰ, ਹਰੀਸ਼ ਕੁਮਾਰ ਜੇ.ਈ., ਸੁਰਿੰਦਰ ਕੁਮਾਰ ਸੈਨੇਟਰੀ ਇੰਸਪੈਕਟਰ, ਅਸ਼ਵਨੀ ਸ਼ਰਮਾ ਐਸ.ਡੀ.ਓ., ਵਿਨੋਦ ਕੁਮਾਰ ਐਸ.ਐਫ.ਓ., ਦਰਸ਼ਨ ਸਿੰਘ, ਰਮੇਸ਼ ਕੁਮਾਰ ਫਾਇਰਮੈਨ, ਬਲਵਿੰਦਰ ਸਿੰਘ, ਸੁਰਜੀਤ ਸਿੰਘ, ਨਛੱਤਰ ਲਾਲ, ਮੋਹਨ ਸਿੰਘ, ਹਰਜਿੰਦਰ ਸਿੰਘ, ਸੀਤਾ ਰਾਮ, ਮਦਨ ਲਾਲ, ਸੰਸਾਰ ਸਿੰਘ, ਤਰਲੋਚਨ ਸਿੰਘ, ਮੰਗਤ ਰਾਮ, ਸੁਰਜੀਤ ਬਹਿਲ ਸਮੇਤ ਵੱਡੀ ਗਿਣਤੀ ਵਿੱਚ ਸੇਵਾ ਮੁਕਤ ਕਰਮਚਾਰੀ ਹਾਜ਼ਰ ਸਨ।



# ਸਾਂਝੀ ਰਸੋਈ ਵਿੱਚ ਅੰਨਪੂਰਨਾ ਦਿਵਸ ਮਨਾਇਆ ਗਿਆ, ਜਿਸ ਵਿੱਚ ਮਜ਼ਦੂਰਾਂ, ਰਿਕਸ਼ੇਵਾਲਿਆਂ ਅਤੇ ਹੋਰ ਲੋੜਵੰਦਾਂ ਨੂੰ ਖਾਣਾ ਵੰਡਿਆ

## ਰੈਡ ਕਰਾਸ ਸੁਸਾਇਟੀ ਦੇ ਵੱਲੋਂ ਚਲਾਈ ਜਾ ਰਹੀ ਸਾਂਝੀ ਰਸੋਈ ਮਨੁੱਖਤਾ ਦਾ ਅਨੋਖੀ ਮਿਸਾਲ ਹੈ - ਸੁਮਨ ਨਈਅਰ

**ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ)** ਰੋਟਰੀ ਕਲੱਬ ਵੱਲੋਂ ਪ੍ਰਧਾਨ ਸੁਮਨ ਨਇਅਰ ਨੇ ਸਾਲ 2026-2027 ਦੀ ਸ਼ੁਰੂਆਤ ਮਨੁੱਖਤਾ ਦੀ ਸੇਵਾ ਲਈ ਪਹਿਲੇ ਪ੍ਰੋਜੈਕਟ ਅੰਨਪੂਰਨਾ ਦੇਵੀ ਮਾਂ ਦੇ ਨਾਮ 'ਤੇ 500 ਲੋੜਵੰਦਾਂ ਨੂੰ ਭੋਜਨ ਛਕਾ ਕੇ ਕੀਤੀ ਹੈ। ਇਸ ਮੌਕੇ ਤੇ ਪੂਰਵ ਜ਼ਿਲ੍ਹਾ ਗਵਰਨਰ ਸੁਰਿੰਦਰ ਵਿਜ, ਜੋਨਲ ਚੇਅਰਮੈਨ ਸਨੇਹ ਜੈਨ, ਸਹਾਇਕ ਗਵਰਨਰ ਰਾਜਿੰਦਰ ਮੋਦਗਿਲ, ਸਕੱਤਰ ਲੈਪੀ ਆਹਲੂਵਾਲੀਆ, ਵਰਿਸ਼ਟ ਪ੍ਰਧਾਨ ਵਾਈਸ ਪ੍ਰੇਜ਼ਿਡੈਂਟ ਯੋਗੇਸ਼ ਚੰਦਰ ਵਿਸ਼ੇਸ਼ ਰੂਪ ਵਿੱਚ ਸ਼ਾਮਿਲ ਹੋਏ ਅਤੇ ਰੈਡ ਕਰਾਸ ਸੁਸਾਇਟੀ ਵੱਲੋਂ ਮੰਗੇਸ਼ ਸੂਦ ਸੈਕਟਰੀ, ਰਾਜੀਵ ਬਜਾਜ ਵਾਈਸ ਚੇਅਰਮੈਨ ਅਤੇ ਅਧੀਤਿਆ ਰਾਣਾ ਜੁਆਇੰਟ ਸੈਕਟਰੀ ਅਤੇ ਤਿਲਕ ਰਾਜ ਧਿਮਾਨ ਮੈਂਬਰ ਸ਼ਾਮਿਲ ਹੋਏ ਅਤੇ ਪ੍ਰਧਾਨ ਸੁਮਨ ਨਇਅਰ ਨੇ ਕਿਹਾ ਕਿ ਰੈਡ ਕਰਾਸ ਸੁਸਾਇਟੀ ਦੇ ਵੱਲੋਂ ਚਲਾਈ ਜਾ ਰਹੀ ਸਾਂਝੀ ਰਸੋਈ ਮਨੁੱਖਤਾ ਦਾ ਅਨੋਖੀ ਮਿਸਾਲ ਹੈ । ਇਸ ਰਸੋਈ ਵਿੱਚ ਹਰ ਰੋਜ 450 ਤੋਂ 500 ਲੋਕ ਸਨਮਾਨਪੂਰਵਕ ਦੁਪਹਿਰ ਦਾ ਭੋਜਨ ਗ੍ਰਹਿਣ ਕਰਦੇ ਹਨ । ਇਸ ਤੋਂ ਉਪਰੰਤ ਜੋਨਲ ਚੇਅਰਮੈਨ ਸਨੇਹ ਜੈਨ ਨੇ ਸਮਾਜ ਦੇ ਹਰੇਕ ਦਾਨੀ ਸੱਜਣ ਨੇ ਇਸ ਤਰ੍ਹਾਂ ਦੇ ਸੇਵਾ ਕੰਮਾਂ ਵਿੱਚ ਆਪਣਾ ਕੰਮਾਂ ਵਿੱਤ ਯੋਗਦਾਨ ਦੇਣ ਦੀ ਅਪੀਲ ਕੀਤੀ । ਸਹਾਇਕ ਗਵਰਨਰ ਰਾਜਿੰਦਰ ਮੋਦਿਗਲ ਨੇ ਕਿਹਾ ਕਿ ਰੋਟਰੀ ਕੱਲਬ ਦੇ ਅਗੇਲੇਰੇ ਸਮੇਂ ਵਿੱਚ ਸਾਰੇ ਮੈਂਬਰ ਆਪਣੇ ਜਨਮਦੀਨ ਅਤੇ ਸ਼ਾਦੀ ਦੀ ਵਰ੍ਹੇਗੰਢ ਤੇ ਇਸ ਸੇਵਾ ਪ੍ਰੋਜੈਕਟ ਵਿੱਚ ਆਪਣਾ ਯੋਗਦਾਨ ਦੇਣਗੇ । ਇਸ ਪ੍ਰੋਜੈਕਟ ਵਿੱਚ ਮੈਡਮ ਸਨੇਹ ਜੈਨ ਦਾ ਵਿਸ਼ੇਸ਼ ਯੋਗਦਾਨ ਰਿਹਾ । ਇਸ ਮੌਕੇ ਤੇ ਪ੍ਰਧਾਨ ਸੁਮਨ ਨਈਅਰ, ਪੀ.ਡੀ.ਜੀ. ਸੁਰਿੰਦਰ ਵਿਜ, ਸਹਾਇਕ ਗਵਰਨਰ ਰਾਜਿੰਦਰ ਮੋਦਗਿਲ, ਸਕੱਤਰ ਲੈਪੀ ਆਹੁਲਵਾਲੀਆ, ਜੋਨਲ ਚੇਅਰਮੈਨ ਸਨੇਹ ਜੈਨ, ਪ੍ਰੋਜੈਕਟ ਚੇਅਰਮੈਨ ਚੰਦਨ ਸਰੀਨ, ਰਵੀ ਜੈਨ, ਅਸ਼ੋਕ ਜੈਨ, ਯੋਗੇਸ਼ ਚੰਦਰ, ਸੰਜੀਵ ਕੁਮਾਰ, ਨਰੇਸ਼ ਜੈਨ, ਡਾ. ਰੰਜੀਤ, ਅਨਹੁਜਾ ਅਗਰਵਾਲ, ਦੀਦੀ ਓਮਕਾਂਤਾ, ਤਰਨਦੀਪ ਕੌਰ ਅਤੇ ਤਨਵੀਰ ਸਰੀਨ ਆਦਿ ਹਾਜ਼ਰ ਸਨ ।




# ਵੰਸ਼ ਸਭਰਵਾਲ ਅਤੇ ਕਪਤਾਨ ਆਰਯਨ ਅਰੋੜਾ ਨੇ ਬੱਲੇਬਾਜ਼ੀ ਅਤੇ ਚਿਰਾਗ ਕੁਮਾਰ ਅਤੇ ਹਰਸ਼ਿਤ ਨੰਦਾ ਨੇ ਗੇਂਦਬਾਜ਼ੀ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ

**ਹੁਸ਼ਿਆਰਪੁਰ, 16 ਜੁਲਾਈ (ਤਰਸੇਮ ਦੀਵਾਨਾ)** - ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀਸੀਏ) ਦੁਆਰਾ ਕਰਵਾਈ ਜਾ ਰਹੀ ਲੜਕਿਆਂ ਦੀ ਅੰਤਰ-ਜ਼ਿਲ੍ਹਾ ਅੰਡਰ-19 ਇੱਕ ਰੋਜ਼ਾ ਕ੍ਰਿਕਟ ਟੂਰਨਾਮੈਂਟ ਵਿੱਚ ਹੁਸ਼ਿਆਰਪੁਰ ਦੀ ਟੀਮ ਨੇ ਫਤਹਿਗੜ੍ਹ ਸਾਹਿਬ ਦੀ ਟੀਮ ਨੂੰ 5 ਵਿਕਟਾਂ ਨਾਲ ਹਰਾ ਕੇ 4 ਅੰਕ ਹਾਸਲ ਕੀਤੇ। ਹੁਸ਼ਿਆਰਪੁਰ ਦੀ ਸ਼ਾਨਦਾਰ ਗੇਂਦਬਾਜ਼ੀ ਅੱਗੇ ਫਤਹਿਗੜ੍ਹ ਸਾਹਿਬ ਦੀ ਟੀਮ ਟਿਕ ਨਾ ਸਕੀ ਅਤੇ 34.5 ਓਵਰਾਂ ਵਿੱਚ ਮਾਤਰ 171 ਦੌੜਾਂ 'ਤੇ ਸਿਮਟ ਗਈ। ਜਾਣਕਾਰੀ ਦਿੰਦੇ ਹੋਏ ਐਚ.ਡੀ.ਸੀ.ਏ. ਦੇ ਸਕੱਤਰ ਡਾ. ਰਮਨ ਘਈ ਨੇ ਦੱਸਿਆ ਕਿ ਫਤਹਿਗੜ੍ਹ ਸਾਹਿਬ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ 34.5 ਓਵਰਾਂ ਵਿੱਚ ਮਾਤਰ 171 ਦੌੜਾਂ 'ਤੇ ਆਲ ਆਊਟ ਹੋ ਗਈ। ਜਿਸ ਵਿੱਚ ਪ੍ਰਤਯੁਸ਼ ਕੁਮਾਰ ਨੇ 58, ਸਮਰਪ੍ਰੀਤ ਨੇ 43, ਮਯੰਕ ਯਾਦਵ ਨੇ 38 ਦੌੜਾਂ ਦਾ ਯੋਗਦਾਨ ਦਿੱਤਾ। ਹੁਸ਼ਿਆਰਪੁਰ ਦੀ ਟੀਮ ਦੁਆਰਾ ਸ਼ਾਨਦਾਰ ਗੇਂਦਬਾਜ਼ੀ ਕਰਦੇ ਹੋਏ ਚਿਰਾਗ ਨੇ 4 ਵਿਕਟਾਂ, ਹਰਸ਼ਿਤ ਨੰਦਾ ਨੇ 3, ਕ੍ਰਿਸ਼ਨ ਵਾਲੀਆ, ਕ੍ਰਿਤਿਆ ਅਤੇ ਆਰਯਨ ਅਰੋੜਾ ਨੇ 1-1 ਵਿਕਟ ਝਟਕਾਏ। ਟੀਚੇ ਦਾ ਪਿੱਛਾ ਕਰਨ ਉਤਰੀ ਹੁਸ਼ਿਆਰਪੁਰ ਦੀ ਟੀਮ ਨੇ 38 ਓਵਰਾਂ ਵਿੱਚ 5 ਵਿਕਟਾਂ ਦੇ ਨੁਕਸਾਨ 'ਤੇ 175 ਦੌੜਾਂ ਬਣਾ ਕੇ ਸ਼ਾਨਦਾਰ ਜਿੱਤ ਹਾਸਲ ਕੀਤੀ। ਜਿਸ ਵਿੱਚ ਸ਼ਾਨਦਾਰ ਬੱਲੇਬਾਜ਼ੀ ਕਰਦੇ ਹੋਏ ਵੰਸ਼ ਸਭਰਵਾਲ ਨੇ 56, ਕਪਤਾਨ ਆਰਯਨ ਨੇ 35, ਮਾਧਵ ਸ਼ਰਮਾ ਨੇ 28, ਯੁਵਰਾਜ ਠਾਕੁਰ ਨੇ 12 ਦੌੜਾਂ ਦਾ ਯੋਗਦਾਨ ਦਿੱਤਾ। ਫਤਹਿਗੜ੍ਹ ਸਾਹਿਬ ਦੀ ਟੀਮ ਵੱਲੋਂ ਗੇਂਦਬਾਜ਼ੀ ਕਰਦੇ ਹੋਏ ਨਿਸ਼ਾਂਤ, ਹਰਮਨਪ੍ਰੀਤ, ਮਾਧਵ ਅਤੇ ਆਕਾਸ਼ਦੀਪ ਨੇ 1-1 ਵਿਕਟ ਪ੍ਰਾਪਤ ਕੀਤੇ। ਟੀਮ ਦੀ ਜਿੱਤ 'ਤੇ ਵਧਾਈ ਦਿੰਦੇ ਹੋਏ ਐਚ.ਡੀ.ਸੀ.ਏ. ਦੇ ਪ੍ਰਧਾਨ ਡਾ. ਦਲਜੀਤ ਖੇਲਾ, ਡਾ. ਪੰਕਜ ਸ਼ਿਵ, ਵਿਵੇਕ ਸਹਿਨੀ ਅਤੇ ਹੋਰ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਅਗਲੇ ਮੈਚ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ। ਟੀਮ ਦੀ ਇਸ ਜਿੱਤ 'ਤੇ ਜ਼ਿਲ੍ਹਾ ਕੋਚ ਦਲਜੀਤ ਸਿੰਘ, ਜ਼ਿਲ੍ਹਾ ਟ੍ਰੇਨਰ ਅਤੇ ਸਾਬਕਾ ਰਾਸ਼ਟਰੀ ਖਿਡਾਰੀ ਕੁਲਦੀਪ ਧਾਮੀ, ਜ਼ਿਲ੍ਹਾ ਮਹਿਲਾ ਕੋਚ ਦਵਿੰਦਰ ਕੌਰ ਕਲਿਆਣ, ਨਿਕਿਤਾ, ਪਰਵੀਨ ਸ਼ਿੰਟੂ, ਪੰਕਜ ਪਿੰਕਾ, ਅਸ਼ੋਕ ਸ਼ਰਮਾ, ਦਿਨੇਸ਼ ਆਦਿ ਨੇ ਵੀ ਟੀਮ ਨੂੰ ਵਧਾਈ ਦਿੱਤੀ। **ਫੋਟੋ ਅਜਮੇਰ ਦੀਵਾਨਾ**



# ਨਾਰ ਪਾਨ ਦੀ ਬੇਗੀ ਵਰਗੀ


ਸਾਉਂਣ ਮਹੀਨਾ ਦਿਨ ਤੀਆਂ ਦੇ ,
ਤੂੰ ਲੈਣ ਆ ਗਿਐ ਢੋਲਾ ਵੇ ।
ਬੇਗੀ ਵਰਗੀ ਕੁੜੀ ਭਾਲ਼ਦੀ ,
ਸੀ ਕੋਈ ਇੱਟ ਦਾ ਗੋਲਾ ਵੇ ।
ਪਿੰਡ ਵਿਚ ਤੈਨੂੰ ਤੇਰੇ ਹਾਣੀ ,
ਕਹਿਣ ਬਾਦਸ਼ਾਹ ਚਿੜੀਏ ਦਾ ;
ਦੇਖ ਦਖਾਈ ਤੋਂ ਵੀ ਟਲ਼ ਗਿਆ ,
ਰੁਲ਼ਦੂ ਸੀ ਵਿੱਚ ਵਿਚੋਲਾ ਵੇ ।



**ਮੂਲ ਚੰਦ ਸ਼ਰਮਾ ਪ੍ਰਧਾਨ ,**
**ਪੰਜਾਬੀ ਸਾਹਿਤ ਸਭਾ ਧੂਰੀ**
**ਜ਼ਿਲ੍ਹਾ ਸੰਗਰੂਰ ।**
9914836037

# ਜਰੂਰਤ ਹੈ

ਜਰੂਰਤ ਹੈ ਇਸ ਵੇਲੇ ਇੱਕ ਹੋਰ ਸ਼ਹੀਦੇ ਆਜ਼ਮ ਭਗਤ ਸਿੰਘ ਦੀ
ਜੋ ਦੇਸ਼ ਲਈ ਜਿੰਦ ਜਾਣ ਨੂੰ ਤਿਆਗਣ ਵਾਸਤੇ ਤਿਆਰ ਹੋਵੇ।
ਜਰੂਰਤ ਹੈ ਇਸ ਵੇਲੇ ਇਕ ਨਵੇਂ ਸੁਭਾਸ਼ ਚੰਦਰ ਬੋਸ ਦੀ
ਜਿਹੜਾ ਦੇਸ਼ ਨੂੰ ਮੌਜੂਦ ਦੋਸ਼ਾਂ ਤੋਂ ਆਜ਼ਾਦ ਕਰਾਉਣ ਵਾਸਤੇ ਕੋਸ਼ਿਸ਼ ਕਰੇ।
ਜਰੂਰਤ ਹੈ ਇਸ ਵੇਲੇ ਇਕ ਹੋਰ ਮਹਾਤਮਾ ਗਾਂਧੀ ਦੀ
ਜਿਹੜਾ ਸਾਰੇ ਲੋਕਾਂ ਨੂੰ ਦੇਸ਼ ਹਿੱਤ ਵਾਸਤੇ ਇਕੱਠਾ ਕਰ ਸਕੇ।
ਜਰੂਰਤ ਹੈ ਇਸ ਵੇਲੇ ਇਕ ਹੋਰ ਲਾਲ ਬਹਾਦਰ ਸ਼ਾਸਤਰੀ ਦੀ
ਜਿਹੜਾ ਪ੍ਰਧਾਨ ਮੰਤਰੀ ਹੋ ਕੇ ਵੀ ਸਰਲ ਜੀਵਨ ਬਤੀਤ ਕਰੇ।
ਜਰੂਰਤ ਹੈ ਇਸ ਵੇਲੇ ਇਕ ਹੋਰ ਬਾਬਾ ਗੁਰੂ ਨਾਨਕ ਦੇਵ ਜੀ ਦੀ
ਜਿਹੜਾ ਸੰਸਾਰ ਨੂੰ ਇਨਸਾਨੀਅਤ ਦਾ ਪਾਠ ਪੜਾ ਸਕੇ।
ਜਰੂਰਤ ਹੈ ਇਸ ਵੇਲੇ ਇੱਕ ਹੋਰ ਮਹਾਤਮਾ ਬੁੱਧ ਦੀ
ਜਿਹੜਾ ਕਿ ਦੁਨੀਆ ਵਿੱਚ ਸ਼ਾਂਤੀ ਕਾਇਮ ਕਰਨ ਵਿੱਚ ਮਦਦ ਕਰੇ।
ਜਰੂਰਤ ਹੈ ਦੇਸ਼ ਨੂੰ ਇਕ ਹੋਰ ਲੈਫਟੀਨੈਂਟ ਜਨਰਲ ਜਗਜੀਤ ਸਿੰਘ ਅਰੋੜਾ ਦੀ
ਜਿਹੜਾ ਭਾਰਤ ਦੇ ਸਿਰ ਦਰਦ ਪਾਕਿਸਤਾਨ ਦੇ ਹੋਰ ਟੁਕੜੇ ਕਰਾ ਸਕੇ।



**ਪ੍ਰੋਫੈਸਰ ਸ਼ਾਮ ਲਾਲ ਕੌਸ਼ਲ**
**ਮੋਬਾਈਲ 94 16 3590 45**
**ਰੋਹਤਕ ਹਰਿਆਣਾ**

# ਰੰਗਮੰਚ ਨਹੀਂ ਹੈ

ਇਹ ਦੁਨੀਆਂ, ਇਹ ਸੰਸਾਰ, ਇਹ ਜਗਤ
ਰੰਗਮੰਚ ਨਹੀਂ ਹੈ
ਸਾਹਮਣੇ ਮੇਰੇ ਇੱਕ ਰੰਗਮੰਚ ਹੈ
ਇਸ 'ਤੇ ਖੇਡਿਆ ਜਾ ਰਿਹਾ
ਇੱਕ ਨਾਟਕ ਵੇਖ ਰਿਹਾ ਹਾਂ
ਅਸਲ ਜਿਹੀ ਸਜਾਵਟ ਹੈ
ਇਹ ਇੱਕ ਘਰ, ਬੈਠਕ, ਦਫ਼ਤਰ
ਰਸੋਈ, ਵਿਹੜਾ, ਮੇਲਾ ਕਿ ਸ਼ਮਸ਼ਾਨ
ਅਸਲ ਨਹੀਂ ਹੈ।

ਅਸਲੀ ਜਿਹਾ ਦੱਸਣ ਲਈ
ਰੰਗਮੰਚ 'ਤੇ ਵਿਖਾਏ ਜਾਂਦੇ ਹਨ
ਨਾਟਕਕਾਰ ਦੀ ਕਲਮ ਅਤੇ
ਨਿਰਦੇਸ਼ਕ ਦੀ ਉਂਗਲ ਨਾਲ
ਅਦਾਕਾਰ ਆ ਰਹੇ
ਅਦਾ ਵਿਖਾ ਰਹੇ ਨੇ
ਜੋ ਜਪਿਆ ਉਹ ਸੁਣਾ ਰਹੇ ਨੇ

ਕਲਾਕਾਰ ਤਾਂ ਜਾਣਦਾ ਹੈ
ਕਦੋਂ, ਕਿਵੇਂ, ਕੀ ਬੋਲਣਾ
ਉਵੇਂ ਬੈਠਣਾ, ਇਵੇਂ ਤੁਰਨਾ,
ਹੱਸਣਾ ਕਿ ਰੋਣਾ ਹੈ
ਪੜਦੇ ਦੇ ਉੱਠਣ ਤੋਂ ਡਿੱਗਣ ਤੱਕ
ਦਰਸ਼ਕਾਂ ਤੇ ਸਰੋਤਿਆਂ ਨੂੰ
ਬੰਨ੍ਹੀ ਰੱਖਣਾ, ਕੀਲੀ ਰੱਖਣਾ
ਅਦਾਕਾਰ ਸ਼ਾਂਤ ਹੁੰਦਾ ਹੈ
ਕੀਲੇ ਹੋਇਆਂ ਦੀਆਂ ਤਾੜੀਆਂ ਨਾਲ
ਖ਼ੁਸ਼ੀ ਵਾਲੀਆਂ ਲੇਰਾਂ ਨਾਲ

ਜੇ ਇਹ ਜਗਤ ਰੰਗਮੰਚ ਹੁੰਦਾ ਤਾਂ
ਸਾਡਾ ਨਾਟਕਕਾਰ ਜਾਂ ਨਿਰਦੇਸ਼ਕ
ਜਾਂ.... ਜਾਂ..... ਕੋਈ ਹੋਰ, ਕੋਈ ਵੀ
ਸਾਨੂੰ ਅਦਾਕਾਰਾਂ ਕਲਾਕਾਰਾਂ ਨੂੰ
ਆਪਣੇ ਕੋਲ ਬੁਲਾਉਂਦਾ
ਕਿਸਨੇ, ਕਦੋਂ, ਕਿੱਥੇ, ਕੀ ਕਰਨਾ
ਗੱਲ ਬੈਠ ਸਮਝਾਉਂਦਾ
ਰੰਗਮੰਚ 'ਤੇ ਭੇਜਣ ਤੋਂ ਪਹਿਲਾਂ
ਬਾਰ-ਬਾਰ ਸਾਡੇ ਤੋਂ ਦੁਹਰਾਉਂਦਾ

ਪਰ ਇਸ ਤਰ੍ਹਾਂ ਨਹੀਂ ਹੋ ਰਿਹਾ
ਤੁਸੀਂ ਦੱਸੋ ਇਸ ਤਰ੍ਹਾਂ ਹੋ ਰਿਹਾ?
ਮੈਂ ਇਹ ਦੱਸ ਰਿਹਾ ਹਾਂ
ਸਾਡੇ ਦੁੱਖ-ਸੁੱਖ, ਚਾਅ, ਸੋਗ, ਹਾਸਾ
ਲਹੂ, ਪੀੜ, ਭੁੱਖ, ਪਿਆਸ
ਹੋਰ ਬਹੁਤ ਕੁਝ ਦੇ ਨਾਲ-ਨਾਲ
ਆਗਾਜ਼ ਤੇ ਅੰਤ ਵੀ
ਜਿਸ ਨੂੰ ਜਨਮ ਤੇ ਮੌਤ ਆਖਦੇ ਹਾਂ
ਅਸਲ ਵਿੱਚ ਹੀ ਹੁੰਦਾ ਹੈ ਨਾ?
ਇਹ ਜੀਵਨ ਜਿਉਣ ਲਈ ਹੈ
ਇਹ ਜੀਵਨ ਨਾਟਕ ਨਹੀਂ ਹੈ
ਇਹ ਦੁਨੀਆਂ ਰੰਗਮੰਚ ਨਹੀਂ ਹੈ
ਰੰਗਮੰਚ ਨਹੀਂ ਹੈ ਇਹ ਦੁਨੀਆਂ




**ਮਨਜੀਤ ਸਿੰਘ ਬੱਧਣ**
**9417635053**

# "ਬੇਪਛਾਣ ਬਸਤੀ"

ਬਾਹਰੋਂ ਬਣ ਕੇ ਸਾਧ-ਮੁਰਾਦੇ, ਅੰਦਰ ਜ਼ਹਿਰ ਉਗਲਦੇ ਨੇ,
ਨੀਅਤਾਂ ਦੇ ਵਿੱਚ ਖ਼ੋਟ ਜਿਨ੍ਹਾਂ ਦੇ, ਪਲ-ਪਲ ਰੰਗ ਬਦਲਦੇ ਨੇ।
ਕੋਈ ਗਲ ਨੂੰ ਲੱਗ ਕੇ ਰੋਂਦਾ, ਕੋਈ ਹੱਸ ਕੇ ਪਾਸਾ ਵੱਟਦਾ ਹੈ,
ਮਤਲਬ ਦੀ ਇਸ ਮੰਡੀ ਅੰਦਰ, ਹਰ ਕੋਈ ਆਪਣੀ ਘੱਤੀ ਕੱਟਦਾ ਹੈ।
ਮੋਹ ਦੀਆਂ ਤੰਦਾਂ ਕੱਚੀਆਂ ਹੋਈਆਂ, ਗਰਜ਼ਾਂ ਪੱਕੀਆਂ ਹੋ ਗਈਆਂ,
ਖ਼ੂਨ ਦੇ ਰਿਸ਼ਤੇ ਫਿੱਕੇ ਪੈ ਗਏ, ਅੱਖਾਂ ਢੱਕੀਆਂ ਹੋ ਗਈਆਂ।
ਜਦ ਤੱਕ ਜੇਬ 'ਚ ਚਾਂਦੀ ਖੜਕੇ, ਉਦੋਂ ਤੱਕ ਸਭ 'ਸੱਜਣ' ਨੇ,
ਖਾਲੀ ਹੱਥ ਜਦ ਹੋ ਜਾਈਏ, ਸਭ ਦੇ ਬਦਲ ਜਾਂਦੇ 'ਲੱਛਣ' ਨੇ।
ਸ਼ੀਸ਼ੇ ਮੂਹਰੇ ਖੜ੍ਹ ਕੇ ਵੀ ਹੁਣ, ਆਪਣਾ ਆਪ ਨਾ ਦਿੱਸਦਾ ਹੈ,
ਕਿਹੜਾ ਇਹ ਕਲਯੁੱਗ ਆਇਆ ਜਿੱਥੇ, ਬੰਦਾ ਬੰਦੇ ਨੂੰ ਪਿੱਸਦਾ ਹੈ।
ਕੌਣ ਕਿਸੇ ਦੇ ਦਰਦ ਨੂੰ ਵੰਡਾਵੇ, ਸਭ ਮਾਇਆ ਦੇ ਹਾਣੀ ਨੇ,
ਇਸ ਮੁਖੌਟਿਆਂ ਵਾਲੇ ਸ਼ਹਿਰ ਦੇ ਵਿੱਚ, ਸਭ ਕਿਰਦਾਰ ਕ੍ਰਿਤ ਘਾਣੀ ਨੇ।
ਸੱਚ ਦੀ ਸੂਲੀ ਚੜ੍ਹਨੋਂ ਡਰਦੇ, ਝੂਠ ਨੂੰ ਪੱਲੇ ਬੰਨ੍ਹਦੇ ਨੇ,
ਜ਼ਮੀਰਾਂ ਵੇਚ ਕੇ ਚੌਧਰ ਵਾਲੇ, ਤਖ਼ਤਾਂ ਨੂੰ ਹੀ ਮੰਨਦੇ ਨੇ।
'ਖਿੱਚੀ' ਮਾਨਸੇ ਵਾਲੇ ਵਾਂਗੂੰ ਜੇ, ਕੋਈ ਰੂਹ ਦੀ ਬੀਤੀ-ਬਾਤ ਸੁਣਾਵੇਗਾ,
ਪੱਥਰਾਂ ਦੇ ਇਸ ਜੰਗਲ ਵਿੱਚੋਂ, ਦੱਸ ਕੌਣ ਵਫ਼ਾ ਨੂੰ ਪਾਵੇਗਾ?



**ਪ੍ਰੋ. ਪਵਨ ਖਿੱਚੀ, ਮਾਨਸਾ**
**ਮੋਬਾ. 9478160786**



# ਹਲਕਾ ਵਿਧਾਇਕ ਬੰਗਾ ਸੁਖਵਿੰਦਰ ਕੁਮਾਰ ਸੁੱਖੀ ਨੇ ਆਂਗਣਵਾੜੀ ਵਰਕਰਾਂ ਨੂੰ ਵੰਡੇ ਨਿਯੁਕਤੀ ਪੱਤਰ

**ਬੰਗਾ : 16 ਜੁਲਾਈ (ਚਰਨਜੀਤ ਸੱਲ੍ਹਾ )** ਬਲਾਕ ਬੰਗਾ ਅਧੀਨ ਚੱਲ ਰਹੇ ਆਂਗਨਵਾੜੀ ਸੈਂਟਰਾਂ ਵਿਖੇ ਖਾਲੀ ਆਂਗਨਵਾੜੀ ਵਰਕਰਾਂ ਦੀਆਂ ਪੋਸਟਾਂ ਤੇ ਨਿਯੁਕਤ ਆਂਗਨਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰਾਂ ਦੀ ਵੰਡ ਹਲਕਾ ਵਿਧਾਇਕ ਡਾ.ਸੁਖਵਿੰਦਰ ਕੁਮਾਰ ਸੁੱਖੀ ਜੀ ਵੱਲੋਂ ਕੀਤੀ ਗਈ।ਉਨ੍ਹਾਂ ਵੱਲੋਂ ਸੰਬੋਧਿਤ ਕਰਦਿਆਂ ਸਬੰਧਿਤ ਨਵਨਿਯੁਕਤ ਆਂਗਨਵਾੜੀ ਵਰਕਰਾਂ ਨੂੰ ਸਲਾਹ ਦਿੱਤੀ ਗਈ



ਕਿ ਉਨ੍ਹਾ ਵੱਲੋਂ ਆਪਣੀ ਡਿਊਟੀ ਲਗਨ ਅਤੇ ਇਮਾਨਦਾਰੀ ਨਾਲ ਕੀਤੀ ਜਾਵੇ। ਇਸ ਮੌਕੇ ਤੇ ਸ੍ਰੀ ਪੂਰਨ ਪੰਕਜ਼ ਸ਼ਰਮਾ, ਬਾਲ ਵਿਕਾਸ ਪ੍ਰੋਜੈਕਟ ਅਫਸਰ, ਬੰਗਾ ਵੱਲੋ ਦੱਸਿਆ ਗਿਆ ਕਿ ਅੱਜ



ਬਲਾਕ ਬੰਗਾ ਅਧੀਨ 14 ਆਂਗਣਵਾੜੀ ਵਰਕਰਾਂ ਅਤੇ ਬਲਾਕ ਔੜ ਅਧੀਨ 09 ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰਾਂ ਦੀ ਵੰਡ ਕੀਤੀ ਗਈ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਖਾਲੀ ਪੋਸਟਾਂ ਤੇ ਨਿਯੁਕਤੀਆਂ ਹੋਣ ਨਾਲ ਸਬੰਧਿਤ ਪਿੰਡਾਂ ਦੇ ਆਂਗਨਵਾੜੀ ਸੈਂਟਰਾਂ ਦੀ ਕਾਰਜਕੁਸ਼ਲਤਾ ਵਿੱਚ ਸੁਧਾਰ ਆਉਣ ਨਾਲ ਪਿੰਡਾਂ ਦੇ ਲੋਕਾਂ ਨੂੰ ਵਿਭਾਗੀ ਸਕੀਮਾਂ ਦਾ ਲਾਭ ਪ੍ਰਭਾਵਸ਼ਾਲੀ ਤਰੀਕੇ ਨਾਲ ਦਵਾਇਆ ਜਾ ਸਕੇਗਾ।ਇਸ ਮੌਕੇ ਤੇ ਸ੍ਰੀ ਸ਼ਾਮ ਲਾਲ ਜੂਨੀਅਰ ਸਹਾਇਕ ਸ੍ਰੀਮਤੀ ਹਰਕਮਲਜੀਤ, ਸ੍ਰੀਮਤੀ ਕੁਲਵਿੰਦਰ ਕੌਰ, ਸੁਪਰਵਾਈਜ਼ਰ ਹਾਜ਼ਰ ਸਨ।

# ਪਿੰਡ ਸੱਲ੍ਹਾ ਵਿਖੇ ਅੱਜ ਡੇਂਗੂ ਐਕਟੀਵਿਟੀ ਕੀਤੀ ਗਈ

**ਬੰਗਾ 16 ਜੁਲਾਈ (ਚਰਨਜੀਤ ਸੱਲ੍ਹਾ )** ਅੱਜ ਪਿੰਡ ਸੱਲ੍ਹ ਕਲ੍ਹਾ ਅਤੇ ਸੱਲ੍ਹ ਖ਼ੁਰਦ ਵਿਖੇ ਡੇਗੂ ਐਕਟੀਵਿਟੀ ਕੀਤੀ ਗਈ।ਡਾ ਗੁਰਿੰਦਰਜੀਤ ਸਿੰਘ ਸਿਵਲ ਸਰਜਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾ ਚਰਨਜੀਤ ਕੁਮਾਰ ਐਸ ਐਮ ਓ ਸੁੱਜੋਂ ਦੀ ਰਹਿਨੁਮਾਈ ਹੇਠ ਪਿੰਡ ਸੱਲ੍ਹ ਕਲ੍ਹਾ ਅਤੇ ਸੱਲ੍ਹ ਖ਼ੁਰਦ ਵਿਖੇ ਡੇਗੂ ਐਕਟੀਵਿਟੀ ਕੀਤੀ ਗਈ। ਦੋਵੇਂ ਪਿੰਡਾਂ ਵਿੱਚ ਘਰ ਘਰ ਜਾ ਕੇ ਫਰਿੱਜਾਂ, ਗਮਲਿਆਂ, ਕੂਲਰਾਂ ਅਤੇ ਟਾਇਰਾਂ ਵਿੱਚ ਪਾਣੀ ਨੂੰ ਚੱਕ ਕੀਤਾ ਅਤੇ ਹਰ ਹਫ਼ਤੇ ਵਿੱਚ ਇੱਕ ਵਾਰ ਕੂਲਰਾਂ ਆਦਿ ਦੀ ਸਫਾਈ ਕਰਨੀ ਚਾਹੀਦੀ ਹੈ ਨਹੀਂ ਤਾਂ ਡੇਂਗੂ ਪੈਦਾ ਹੁੰਦਾ ਹੈ। ਇਸ ਵਿੱਚ ਕਰਨ ਅਤੇ ਆਸ਼ਾ ਵਰਕਰ ਕੁਲਵਿੰਦਰ ਕੌਰ ਨੇ ਆਪਣੀ ਡਿਊਟੀ ਨਿਭਾਈ।



# ਸ੍ਰੀ ਗੁਰੂ ਰਵਿਦਾਸ ਸਭਾ ਬੈਲਜੀਅਮ ਦੇ ਵਾਈਸ ਪ੍ਰਧਾਨ ਰਸ਼ਿੰਦਰ ਲਾਲ ਜੀ ਦੇ ਮਾਤਾ ਜੀ ਦੇ ਅਚਾਨਕ ਵਿਛੋੜੇ 'ਤੇ ਕੀਤਾ ਗਹਿਰੇ ਦੁੱਖ ਦਾ ਪ੍ਰਗਟਾਵਾ

## ਯੂਰਪ ਦੀਆਂ ਸ੍ਰੀ ਗੁਰੂ ਰਵਿਦਾਸ ਸਭਾ ਦੇ ਆਗੂਆਂ ਨੇ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ

**ਫਗਵਾੜਾ 17 ਜੁਲਾਈ ( ਚਰਨਜੀਤ ਸੱਲ੍ਹਾ )** ਪਿਛਲੇ ਦਿਨੀਂ ਸ੍ਰੀ ਗੁਰੂ ਰਵਿਦਾਸ ਸਭਾ ਬੈਲਜੀਅਮ ਦੇ ਵਾਈਸ ਪ੍ਰਧਾਨ ਸ੍ਰੀ ਰਸ਼ਿੰਦਰ ਲਾਲ ਜੀ ਦੇ ਸਤਿਕਾਰ ਯੋਗ ਮਾਤਾ ਜੀ ਮਾਤਾ ਸਿਮਰੋ ਰਾਮ ਦਾਸ ਜੀ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਅਕਾਲ ਚਲਾਣਾ ਕਰ ਗਏ ਸਨ। ਇਸ ਦੁੱਖਦਾਈ ਘਟਨਾ ਮੌਕੇ 'ਤੇ ਯੂਰਪ ਦੇ ਵੱਖ ਵੱਖ ਦੇਸ਼ਾਂ ਤੋਂ ਸ੍ਰੀ ਗੁਰੂ ਰਵਿਦਾਸ ਸਭਾ ਪੈਰਿਸ, ਸ਼੍ਰੀ ਗੁਰੂ ਰਵਿਦਾਸ ਸਭਾ ਇੰਗਲੈਂਡ, ਸ਼੍ਰੀ ਗੁਰੂ ਰਵਿਦਾਸ ਸਭਾ ਬੈਲਜੀਅਮ ਦੇ ਵੱਖ ਵੱਖ ਮੈਂਬਰਾ ਵੱਲੋਂ ਪਰਿਵਾਰ ਨਾਲ ਮਿਲ ਕੇ ਇਸ ਅਸਹਿ ਦੁੱਖ ਦੀ ਘੜੀ ਵਿੱਚ ਦੁੱਖ ਸਾਂਝਾ ਕੀਤਾ ਗਿਆ ਅਤੇ



ਮਾਤਾ ਜੀ ਦੀ ਆਤਮਿਕ ਸ਼ਾਂਤੀ ਲਈ ਕਰਵਾਈ ਗਈ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਵੱਖ ਵੱਖ ਮੈਂਬਰਾ ਵੱਲੋਂ ਪਰਮਾਤਮਾ ਅੱਗੇ ਅਰਦਾਸ ਕਰਦੇ ਹੋਏ ਕਿਹਾ ਕਿ ਵਿਛੜੀ ਹੋਈ ਨੇਕ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਸਮੂਹ ਪਰਿਵਾਰ ਨੂੰ ਇਹ ਭਾਣਾ ਮੰਨਣ ਦਾ ਬਲ ਅਤੇ ਹੌਸਲਾ ਪ੍ਰਦਾਨ ਕਰਨ। ਵੱਖ ਵੱਖ ਸ਼੍ਰੀ ਗੁਰੂ ਰਵਿਦਾਸ ਸਭਾ ਦੇ ਮੈਂਬਰਾਂ ਵੱਲੋਂ ਜਿੰਨਾ ਵਿੱਚੋ ਪਰਮਿੰਦਰ ਸਿੰਘ, ਸ਼ਿੰਦਰ ਪਾਲ, ਲਾਲ ਸਿੰਘ, ਬਲਵੰਤ ਸੁੰਦਰ, ਮੱਖਣ ਲਾਲ, ਮਨੋਹਰ ਸੰਧੂ ਫਰਾਂਸ ਤੋਂ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਏ। ਮਾਤਾ ਜੀ ਦੇ ਦੁਨੀਆ ਤੋਂ ਚਲੇ ਜਾਣ ਨਾਲ ਪੁੱਤਰ ਰਸ਼ਿੰਦਰ ਲਾਲ , ਅਸ਼ੋਕ ਲਾਲ ਅਤੇ ਰਿਸ਼ਤੇਦਾਰਾਂ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

**ਤਸਵੀਰ ਸਮੇਤ**

# ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਬੰਗਾ ਦੀ ਮੀਟਿੰਗ ਪਿੰਡ ਲੰਗੇਰੀ ਵਿਖੇ ਕੀਤੀ ਗਈ

**ਬੰਗਾ ( ਚਰਨਜੀਤ ਸੱਲ੍ਹਾ )**-ਤਰਕਸ਼ੀਲ ਸੋਸਾਇਟੀ ਪੰਜਾਬ ਇਕਾਈ ਬੰਗਾ ਦੀ ਮੀਟਿੰਗ ਸ਼ ਿਅਘੀਛ ਅੰਧ ਭੌਂਖ ਸ਼ੌਫ ਲੰਗੇਰੀ ਵਿੱਖੇ ਕੀਤੀ ਗਈ। ਪ੍ਰਧਾਨ ਹਰਜਿੰਦਰ ਸੂੰਨੀ ਵਲ੍ਹੋਂ ਵੱਖ ਵੱਖ ਮੁੱਦਿਆਂ ਤੇ ਗੱਲਬਾਤ ਕੀਤੀ ਗਈ । ਤਰਕਸ਼ੀਲ ਮੈਗਜ਼ੀਨ ਅੰਕ ਜੁਲਾਈ ਅਗਸਤ ਦੀ ਵੰਡ ਕੀਤੀ। ਮਾਸਟਰ ਜਗਦੀਸ਼ ਜੀ ਨੇ ਦੱਸਿਆ ਕਿ ਜ਼ੋਨ ਨਵਾਸ਼ਹਿਰ ਵਲ੍ਹੋਂ ਸਾਰੀਆਂ ਇਕਾਈਆ ਦੀ ਸਾਂਝੀ ਮੀਟਿੰਗ ਕੀਤੀ ਜਾਵੇਗੀ ਜਿਸ ਵਿੱਚ ਬੰਗਾ ਇਕਾਈ ਦੇ ਸਾਰੇ ਮੈਂਬਰ ਸ਼ਾਮਲ ਹੋਣਗੇ।ਪਖੰਡੀ ਬਾਬਿਆਂ, ਸਾਧਾਂ, ਤਾਂਤਰਿਕਾਂ,ਜੋਤਿਸ਼ੀਆਂ , ਪੁੱਛਾਂ ਦੇਣ ਵਾਲਿਆ ਦੀਆ ਗੈਰ ਕਾਨੂੰਨੀ ਕਾਰਵਾਈਆਂ ਅਤੇ ਗੁੰਮਰਾਹਕੁੰਨ ਇਸ਼ਤਿਹਾਰਬਾਜੀ ਤੇ ਪ੍ਰਸ਼ਾਸਨ ਤੋਂ ਪਾਬੰਦੀ ਲਾਉਣ



ਦੀ ਮੰਗ ਕੀਤੀ ਗਈ। ਤਰਕਸ਼ੀਲ ਆਗੂ ਕੁਲਵਿੰਦਰ ਖਟਕੜ ਜੀ ਦੇ ਜੀਜਾ ਜੀ ਦੀ ਬੇਵਕਤੀ ਮੌਤ ਤੇ ਇਸ ਮੌਕੇ ਇਕਾਈ ਵਲ੍ਹੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ । ਸੁਖਵਿੰਦਰ ਲੰਗੇਰੀ ਵਲ੍ਹੋਂ ਪਿੰਡ ਵਿੱਚ ਲਾਇਬ੍ਰੇਰੀ ਲਈ ਸਾਹਿਤ ਦਾ ਸਹਿਯੋਗ ਦਿੱਤਾ ਗਿਆ ਜਿਸ ਵਿੱਚ ਵਿਗਿਆਨ, ਇਤਿਹਾਸ, ਕਹਾਣੀਆ, ਨਾਵਲ ਵਰਗੀਆਂ ਕਿਤਾਬਾਂ ਸ਼ਾਮਿਲ ਕੀਤੀਆਂ ਗਈਆ । ਪੰਜਾਬੀ ਫਿਲਮ ਸੱਤਲੁਜ 'ਤੇ ਸਰਕਾਰ ਵੱਲੋਂ ਪਾਬੰਦੀ ਲਗਾਉਣਾ ਲੋਕਾਂ ਦੇ ਜਮਹੂਰੀ ਹੱਕਾਂ ਤੇ ਡਾਕਾ ਕਰਾਰ ਦਿੱਤਾ ਅਤੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।ਇਸ ਮੌਕੇ ਮੋਹਣ ਬੀਕਾ ਜੀ ,ਬਲਜੀਤ ਖਟਕੜ, ਕੁਲਵਿੰਦਰ ਖਟਕੜ, ਦਿਲਸ਼ਾਨ,ਅਰਮਾਨ ਮੌਜੂਦ ਸਨ।

# ਬਾਬਾ ਫ਼ਰੀਦ ਯੂਨੀਵਰਸਿਟੀ ਅਤੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਲਈ ਕਈ ਮਹੱਤਵਪੂਰਨ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖੇ ਗਏ

**ਫ਼ਰੀਦਕੋਟ (ਸ਼ਿਵਨਾਥ)** ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ (BFUHS), ਫ਼ਰੀਦਕੋਟ ਅਤੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ (ਘਘਸ਼ਫ਼), ਫ਼ਰੀਦਕੋਟ ਵਿਖੇ ਸਿਹਤ ਸੇਵਾਵਾਂ, ਮੈਡੀਕਲ ਸਿੱਖਿਆ ਅਤੇ ਸੰਸਥਾਗਤ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਕਈ ਮਹੱਤਵਪੂਰਨ ਵਿਕਾਸ ਪ੍ਰੋਜੈਕਟਾਂ ਦੇ ਉਦਘਾਟਨ ਅਤੇ ਨੀਂਹ ਪੱਥਰ ਰੱਖਣ ਦਾ ਸਮਾਗਮ ਆਯੋਜਿਤ ਕੀਤਾ ਗਿਆ।

ਇਨ੍ਹਾਂ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਪ੍ਰੋ. (ਡਾ.) ਰਾਜੀਵ ਸੂਦ, ਵਾਈਸ ਚਾਂਸਲਰ, ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਵੱਲੋਂ ਸ. ਗੁਰਦਿੱਤ ਸਿੰਘ ਸੇਖੋਂ, ਵਿਧਾਇਕ, ਫ਼ਰੀਦਕੋਟ ਅਤੇ ਮੈਂਬਰ, ਬੋਰਡ ਆਫ਼ ਮੈਨੇਜਮੈਂਟ, ਭਢੂਸ਼ ਡਾ. ਸੰਜੀਵ ਗੋਇਲ , ਆਈ.ਐਮ.ਏ. ਦੀ ਹਾਜ਼ਰੀ ਵਿੱਚ ਕੀਤਾ ਗਿਆ। ਇਸ ਮੌਕੇ ਯੂਨੀਵਰਸਿਟੀ ਦੇ ਸੀਨੀਅਰ ਅਧਿਕਾਰੀ, ਫੈਕਲਟੀ ਮੈਂਬਰ ਅਤੇ ਕਰਮਚਾਰੀ ਵੀ ਮੌਜੂਦ ਸਨ।

ਇਸ ਮੌਕੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ, ਫ਼ਰੀਦਕੋਟ ਵਿਖੇ ਮੈਡੀਸਨ-ੀ ਵਾਰਡ ਅਤੇ ਡਾਇਲਿਸਿਸ ਯੂਨਿਟ ਦੇ ਅਪਗ੍ਰੇਡੇਸ਼ਨ, ਫਾਰਮੇਸੀ ਬਿਲਡਿੰਗ ਦੇ ਨਿਰਮਾਣ, ਸਿਵਲ ਹਸਪਤਾਲ, ਬਾਦਲ ਵਿਖੇ ਐਫਲੂਐਂਟ ਟ੍ਰੀਟਮੈਂਟ ਪਲਾਂਟ (ਓਠਫ), ਨਰਸਿੰਗ ਕਾਲਜ, ਗੋਇੰਦਵਾਲ ਵਿਖੇ ਸੀਵੇਜ ਟ੍ਰੀਟਮੈਂਟ ਪਲਾਂਟ (ਸ਼ਠਫ), ਟਰਸ਼ਰੀ ਕੈਂਸਰ ਕੇਅਰ ਸੈਂਟਰ, ਫਾਜ਼ਿਲਕਾ ਵਿਖੇ ਐਫਲੂਐਂਟ ਟ੍ਰੀਟਮੈਂਟ ਪਲਾਂਟ (ਓਠਫ) ਅਤੇ ਐਡਵਾਂਸਡ ਕੈਂਸਰ ਇੰਸਟੀਚਿਊਟ (ਅਛੀ), ਬਠਿੰਡਾ ਵਿਖੇ ਰਿਹਾਇਸ਼ੀ ਕੰਪਲੈਕਸ ਦੀ ਸਥਾਪਨਾ ਲਈ ਨੀਂਹ ਪੱਥਰ ਰੱਖੇ ਗਏ। ਇਸ ਤੋਂ ਇਲਾਵਾ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ, ਫ਼ਰੀਦਕੋਟ ਦੇ ਨਿਊਕਲੀਅਰ ਮੈਡੀਸਨ ਵਿਭਾਗ ਦੇ ਵਾਧੂ ਬਲਾਕ ਦਾ ਵੀ ਨੀਂਹ ਪੱਥਰ ਰੱਖਿਆ ਗਿਆ।

ਇਸ ਮੌਕੇ ਜਾਣਕਾਰੀ ਦਿੱਤੀ ਗਈ ਕਿ ਨਿਊਕਲੀਅਰ ਮੈਡੀਸਨ ਵਿਭਾਗ ਵਿੱਚ ਨਵੀਂ ਫਓਠ ਸ਼ਚਓਨ ਮਸ਼ੀਨ ਸਥਾਪਿਤ ਕਰ ਦਿੱਤੀ ਗਈ ਹੈ, ਜੋ ਕਿ ਐਟਾਮਿਕ ਐਨਰਜੀ ਰੈਗੂਲੇਟਰੀ ਬੋਰਡ (ਅਓ੍ਰਭ) ਤੋਂ ਲੋੜੀਂਦੀਆਂ ਮਨਜ਼ੂਰੀਆਂ ਪ੍ਰਾਪਤ ਹੋਣ ਉਪਰੰਤ



ਮਰੀਜ਼ਾਂ ਲਈ ਸੇਵਾਵਾਂ ਸ਼ੁਰੂ ਕਰ ਦੇਵੇਗੀ। ਇਸ ਨਾਲ ਸੰਸਥਾ ਵਿੱਚ ਅਤਿ-ਆਧੁਨਿਕ ਜਾਂਚ ਸਹੂਲਤਾਂ ਨੂੰ ਹੋਰ ਮਜ਼ਬੂਤੀ ਮਿਲੇਗੀ।

ਉਦਘਾਟਨ ਕੀਤੇ ਗਏ ਪ੍ਰੋਜੈਕਟਾਂ ਵਿੱਚ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ, ਫ਼ਰੀਦਕੋਟ ਵਿਖੇ ਨਵੀਂ ੍ਰੀ ਮਸ਼ੀਨ, ਐਡਵਾਂਸਡ ਕੈਂਸਰ ਇੰਸਟੀਚਿਊਟ (ਅਛੀ), ਬਠਿੰਡਾ ਵਿਖੇ ਐਫਲੂਐਂਟ ਟ੍ਰੀਟਮੈਂਟ ਪਲਾਂਟ (ਓਠਫ) ਅਤੇ ਸਟੇਟ ਇੰਸਟੀਚਿਊਟ ਆਫ਼ ਨਰਸਿੰਗ ਐਂਡ ਪੈਰਾਮੈਡੀਕਲ ਮੈਡੀਕਲ ਸਾਇੰਸਿਜ਼ (ਸ਼ੀਂਫੰਸ਼), ਬਾਦਲ ਵਿਖੇ ਸੀਵੇਜ ਟ੍ਰੀਟਮੈਂਟ ਪਲਾਂਟ (ਸ਼ਠਫ) ਸ਼ਾਮਲ ਹਨ, ਜੋ ਵਾਤਾਵਰਣ ਸੁਰੱਖਿਆ ਅਤੇ ਉੱਚ ਪੱਧਰੀ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਹਾਇਕ ਸਾਬਤ ਹੋਣਗੇ।

ਇਸ ਮੌਕੇ ਚਾਰ ਨਵੀਆਂ ਸੱਤ-ਸੀਟਰ ਗੱਡੀਆਂ ਅਤੇ ਇੱਕ ਨਵੀਂ 52-ਸੀਟਰ ਬੱਸ ਨੂੰ ਵੀ ਪ੍ਰੋ. (ਡਾ.) ਰਾਜੀਵ ਸੂਦ ਅਤੇ ਸ. ਗੁਰਦਿੱਤ ਸਿੰਘ ਸੇਖੋਂ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ, ਜਿਸ ਨਾਲ ਯੂਨੀਵਰਸਿਟੀ ਅਤੇ ਹਸਪਤਾਲ ਦੀਆਂ ਆਵਾਜਾਈ ਸੇਵਾਵਾਂ ਹੋਰ ਸੁਚਾਰੂ ਬਣਨਗੀਆਂ।

ਸਫ਼ਾਈ ਕਰਮਚਾਰੀਆਂ ਦੀ ਸੁਰੱਖਿਆ ਅਤੇ ਭਲਾਈ ਨੂੰ ਧਿਆਨ ਵਿੱਚ ਰੱਖਦਿਆਂ ਨਵੀਂ ਸੀਵਰ ਜੈਟਿੰਗ-ਕਮ-ਸਕਸ਼ਨ ਮਸ਼ੀਨ ਨੂੰ ਵੀ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਹ ਆਧੁਨਿਕ ਮਸ਼ੀਨ ਸੀਵਰਾਂ ਦੀ ਸਫ਼ਾਈ ਅਤੇ ਰੱਖ-ਰਖਾਅ ਨੂੰ ਵਧੇਰੇ ਸੁਰੱਖਿਅਤ, ਪ੍ਰਭਾਵਸ਼ਾਲੀ ਅਤੇ ਮੈਨੂਅਲ ਦਖ਼ਲ ਤੋਂ ਮੁਕਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ।

ਇਸ ਮੌਕੇ ਸੰਬੋਧਨ ਕਰਦਿਆਂ ਪ੍ਰੋ. (ਡਾ.) ਰਾਜੀਵ ਸੂਦ ਨੇ ਕਿਹਾ ਕਿ ਬਾਬਾ ਫ਼ਰੀਦ ਯੂਨੀਵਰਸਿਟੀ ਪੰਜਾਬ ਸਰਕਾਰ ਦੇ ਵਿਜ਼ਨ ਅਨੁਸਾਰ ਸਿਹਤ ਸੇਵਾਵਾਂ ਦੇ ਬੁਨਿਆਦੀ ਢਾਂਚੇ ਨੂੰ ਲਗਾਤਾਰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਮਰੀਜ਼ਾਂ ਨੂੰ ਬਿਹਤਰ ਇਲਾਜ ਅਤੇ ਆਧੁਨਿਕ ਜਾਂਚ ਸਹੂਲਤਾਂ ਮਿਲਣ ਦੇ ਨਾਲ-ਨਾਲ ਮੈਡੀਕਲ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਿੱਖਣ ਦੇ ਮੌਕੇ ਪ੍ਰਾਪਤ ਹੋਣਗੇ ਅਤੇ ਸਿਹਤ ਕਰਮਚਾਰੀਆਂ ਲਈ ਹੋਰ ਸੁਰੱਖਿਅਤ ਅਤੇ ਸੁਚਾਰੂ ਕਾਰਜ-ਵਾਤਾਵਰਣ ਯਕੀਨੀ ਬਣੇਗਾ।

ਸ. ਗੁਰਦਿੱਤ ਸਿੰਘ ਸੇਖੋਂ, ਵਿਧਾਇਕ, ਫ਼ਰੀਦਕੋਟ ਨੇ ਵਾਇਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਜੀ ਵੱਲੋਂ ਸਿਹਤ ਸਹੂਲਤਾਂ ਦੇ ਵਿਸਥਾਰ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਨਵੇਂ ਪ੍ਰੋਜੈਕਟ ਲੋਕਾਂ ਨੂੰ ਵਿਸ਼ਵ ਪੱਧਰੀ ਸਿਹਤ ਸਹੂਲਤਾਂ ਅਤੇ ਗੁਣਵੱਤਾ ਭਰਪੂਰ ਮੈਡੀਕਲ ਸਿੱਖਿਆ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੇ ਹਨ।

# ਪੰਜਾਬੀ ਸਾਹਿਤ ਸਭਾ ਧੂਰੀ ਵੱਲੋਂ ਅਮਰੀਕਾ ਨਿਵਾਸੀ ਡਾ. ਜਸਪ੍ਰੀਤ ਸਿੰਘ ਦਾ ਧੰਨਵਾਦ

**ਧੂਰੀ (ਆਰ.ਬੀ.)** ਪੰਜਾਬੀ ਸਾਹਿਤ ਸਭਾ ( ਰਜਿ: ) ਧੂਰੀ ਜ਼ਿਲ੍ਹਾ ਸੰਗਰੂਰ ਨੇ ਇੱਕ ਵਿਸ਼ੇਸ਼ ਔਨ ਲਾਈਨ ਮੀਟਿੰਗ ਕਰਕੇ ਡਾ. ਜਸਪ੍ਰੀਤ ਸਿੰਘ , ਅਟਾਰਨੀ ਐਟ ਲਾਅ ਅਮਰੀਕਾ ਦਾ ਧੰਨਵਾਦ ਕੀਤਾ ਹੈ ਜਿਨ੍ਹਾਂ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ਪੰਜਾਬੀ ਭਾਸ਼ਾ ਦੇ ਪ੍ਰਚਾਰ , ਸੰਭਾਲ ਅਤੇ ਵਿਸ਼ਵ ਪੱਧਰ 'ਤੇ ਵਿਕਾਸ ਲਈ 05 ਕਰੋੜ ਰੁਪਏ ਭੇਂਟ ਕਰਨ ਦਾ ਐਲਾਨ ਕੀਤਾ ਹੈ । ਇੱਥੇ ਇਹ ਵਰਨਣਯੋਗ ਹੈ ਕਿ ਉਹ ਇਸ ਉੱਚ ਵਿੱਦਿਅਕ ਅਦਾਰੇ ਦੇ ਸਾਬਕਾ ਵਿਦਿਆਰਥੀ ਹਨ , ਬੀਤੇ ਦਿਨੀਂ ਯੂਨੀਵਰਸਿਟੀ ਵਿਖੇ ਇੱਕ ਸਮਾਗਮ ਵਿੱਚ ਬੋਲਦਿਆਂ ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਮਰੀਕਾ ਅਤੇ ਹੋਰ ਦੇਸ਼ਾਂ ਵਿੱਚ ਵਸਦੇ ਪੰਜਾਬੀ ਭਾਈਚਾਰੇ ਨੂੰ ਆਪਣੀ ਭਾਸ਼ਾ ਅਤੇ ਸੱਭਿਆਚਾਰਕ ਪਛਾਣ ਨੂੰ ਸੰਭਾਲਣ ਲਈ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ । ਸਿੱਖਿਆ , ਖੋਜ , ਡਿਜੀਟਲ ਸਰੋਤਾਂ ਅਤੇ ਸੱਭਿਆਚਾਰਕ ਪਹਿਲਕਦਮੀਆਂ ਰਾਹੀਂ ਪੰਜਾਬੀ ਭਾਸ਼ਾ ਨੂੰ ਵਿਸ਼ਵ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੀ ਲੋੜ ਹੈ । ਉਨ੍ਹਾਂ ਨੇ ਇਸ ਤੋਂ ਇਲਾਵਾ ਭਵਿੱਖ ਵਿੱਚ ਵੀ ਹਰ ਸੰਭਵ ਸਹਿਯੋਗ ਦੀ ਦੇਣ ਦਾ ਭਰੋਸਾ ਦਿੱਤਾ ਹੈ ।

ਸਭਾ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਨੇ ਆਪਣੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਡਾ. ਜਸਪ੍ਰੀਤ ਸਿੰਘ ਦਾ ਸ਼ੁਕਰੀਆ ਅਦਾ ਕਰਦਿਆਂ ਪੰਜਾਬੀ ਯੂਨੀਵਰਸਿਟੀ ਦੇ ਬਾਕੀ ਸਾਬਕਾ ਵਿਦਿਆਰਥੀਆਂ ( ਵਿਸ਼ੇਸ਼ ਤੌਰ 'ਤੇ ਜਿਹੜੇ ਸਰਕਾਰ ਅਤੇ ਪ੍ਰਸ਼ਾਸਨ ਵਿੱਚ ਜ਼ਿੰਮੇਵਾਰ ਅਹੁਦਿਆਂ ਉੱਪਰ ਬੈਠੇ ਹਨ ) ਨੂੰ ਵੀ ਅਪੀਲ ਕੀਤੀ ਹੈ ਕਿ ਉਹ ਵੀ ਜਸਪ੍ਰੀਤ ਸਿੰਘ ਤੋਂ ਪ੍ਰੇਰਨਾ ਲੈ ਕੇ ਯੂਨੀਵਰਸਿਟੀ ਅਤੇ ਮਾਤ ਭਾਸ਼ਾ ਪੰਜਾਬੀ ਨਾ਼ਲ ਸੰਬੰਧਿਤ ਹੋਰ ਅਦਾਰਿਆਂ ਨੂੰ ਬਚਾਉਂਣ ਲਈ ਯੋਗ ਉਪਰਾਲੇ ਜ਼ਰੂਰ ਕਰਨ ।

# ਨਾਮ ਬੜੇ ਦਰਸ਼ਨ ਛੋਟੇ ਬਨਾਮ ਉੱਜੜੇ ਬਾਗਾਂ ਦੇ ਗਾਲੜ੍ਹ ਪਟਵਾਰੀ

ਮੈਨੂੰ ਅਤੇ ਮੇਰੇ ਨਜ਼ਦੀਕੀ ਰਿਸ਼ਤੇਦਾਰ ਨੂੰ ਇੱਕ ਕੰਮ ਦੇ ਸਿਲਸਿਲੇ ਵਿੱਚ ਪਟਿਆਲੇ ਜਾਣਾ ਪਿਆ। ਸੋਚਿਆ ਵਾਪਸੀ 'ਤੇ ਭਾਸ਼ਾ ਵਿਭਾਗ ਦੇ ਦਫ਼ਤਰ ਗੇੜਾ ਕੱਢ ਆਵਾਂਗੇ। ਬੜਾ ਨਾਂ ਸੁਣਿਆ ਏ, 'ਜਸਵੰਤ ਸਿੰਘ ਜ਼ਫਰ ਸਾਹਬ' ਦਾ, ਦਰਸ਼ਨ ਹੀ ਕਰ ਆਵਾਂਗੇ, ਐਡੀ ਵੱਡੀ ਤੇ ਮਹਾਨ ਸ਼ਖ਼ਸੀਅਤ ਦੇ। ਸਿਆਣਿਆਂ ਦੇ ਕਹਿਣ ਵਾਂਗ "ਨਾਲੇ ਨੈਣਾ ਦੇਵੀ ਦੇ ਦਰਸ਼ਨ, ਨਾਲੇ ਮੁੰਜ ਬਗੜ ਦਾ ਸੌਦਾ"। ਜਿਸ ਕੰਮ ਲਈ ਉਚੇਚੇ ਤੌਰ ਤੇ ਗਏ ਸੀ, ਸਮੇਂ ਨਾਲ ਹੀ ਨਿਬੜ ਗਿਆ ਤੇ 12 ਕੁ ਵਜੇ ਦੇ ਕਰੀਬ ਅਸੀਂ ਵਿਹਲੇ ਹੋ ਗਏ। ਗੂਗਲ ਤੇ ਭਾਲ ਕਰੀ ਤਾਂ ਭਾਸ਼ਾ ਵਿਭਾਗ ਦਾ ਦਫ਼ਤਰ 10 ਕੁ ਕਿਲੋਮੀਟਰ ਦੀ ਦੂਰੀ ਤੇ ਸੀ। ਖ਼ੈਰ ਭੀੜ ਨੂੰ ਚੀਰਦੇ ਹੋਏ ਇੱਕ ਕੁ ਵਜੇ ਦੇ ਕਰੀਬ ਦਫ਼ਤਰ ਪਹੁੰਚ ਗਏ। ਪਹਿਲੀ ਮੰਜ਼ਲ 'ਤੇ ਸਥਿਤ ਲਾਇਬਰੇਰੀ ਤੋਂ ਦੋ-ਤਿੰਨ ਕਿਤਾਬਾਂ ਖਰੀਦੀਆਂ ਤੇ ਉੱਥੇ ਬੈਠੇ ਕਰਮਚਾਰੀ ਨੂੰ ਕਿਹਾ ਕਿ ਜ਼ਫਰ ਸਾਹਬ ਨੂੰ ਮਿਲਣ ਦੀ ਇੱਛਾ ਹੈ। ਕਹਿੰਦਾ ਦੂਜੀ ਮੰਜ਼ਲ ਤੇ ਦਫਤਰ ਵਿੱਚ ਹੀ ਬੈਠੇ ਨੇ, ਜਾਓ ਮਿਲ ਲਓ। ਉੱਪਰ ਜਾ ਕੇ ਦਫਤਰ ਦੇ ਬਾਹਰ ਖੜ੍ਹੇ ਕਰਮਚਾਰੀ ਨੂੰ ਪੁੱਛਿਆ ਤਾਂ ਕਹਿੰਦਾ ਲੰਘ ਜਾਓ, ਅੰਦਰ ਹੀ ਬੈਠੇ ਨੇ। ਅੰਦਰ ਗਏ ਤਾਂ ਜ਼ਫਰ ਸਾਹਬ ਕੋਲ ਦੋ-ਤਿੰਨ ਭੱਦਰਪੁਰਸ਼ ਹੋਰ ਬੈਠੇ ਸਨ। ਮੈਂ ਅੰਦਰ ਵੜਿਆ ਤਾਂ ਕਹਿੰਦੇ, "ਹਾਂਜੀ ਦੱਸੋ!"

ਮੈਂ ਕਿਹਾ, "ਕੁਝ ਨੀ ਬੱਸ ਤੁਹਾਨੂੰ ਮਿਲ ਕੇ ਤੁਹਾਡੇ ਦਰਸ਼ਨ ਕਰਨ ਆਇਆ ਸੀ"।

"ਕਿੱਥੋਂ ਆਏ ਹੋ?"

ਮੈਂ ਕਿਹਾ, "ਨਵਾਂਸ਼ਹਿਰ ਤੋਂ!"

"ਮਿਲ ਲਏ?"

ਮੈਂ ਕਿਹਾ, "ਹਾਂਜੀ"।

"ਚਲੋ, ਜਾਓ ਫਿਰ।"

ਬਾਕੀ ਤੁਸੀਂ ਖੁਦ ਅੰਦਾਜ਼ਾ ਲਾ ਸਕਦੇ ਹੋ ਕਿ ਉਸ ਸਮੇਂ ਮੇਰੀ ਕੀ ਹਾਲਤ ਹੋਈ ਹੋਵੇਗੀ। "ਧਰਤੀ ਨੇ ਹੀ ਵਿਹਲ ਨੀ ਦਿੱਤੀ"। "ਯਾਰ ਇਹ ਬੰਦਾ!"

ਖੈਰ ਮੇਰੇ ਲਈ ਤਾਂ ਉੱਚੀ ਦੁਕਾਨ ਫਿੱਕਾ ਪਕਵਾਨ ਵਾਲਾ ਤਜਰਬਾ ਪੂਰਾ ਪੂਰਾ ਫਿੱਟ ਬੈਠਿਆ। ਬਾਕੀ ਜਿਵੇਂ ਕਹਿੰਦੇ ਨੇ, "ਰਾਹ ਪਏ ਜਾਣੀਏ ਜਾ ਵਾਹ ਪਏ ਜਾਣੀਏ"।



ਗੁਰਜਿੰਦਰ ਸਿੰਘ ਸਾਹਦੜਾ
9815302341

# ਰੋਟਰੀ ਕਲੱਬ ਦੇ ਡਿਸਟ੍ਰਿਕਟ ਗਵਰਨਰ ਅਨਿਲ ਸਿੰਘਲ ਨੇ ਢਾਹਾਂ ਕਲੇਰਾਂ ਵਿਖੇ ਵਣ ਮਹਾਂਉਤਸਵ ਨੂੰ ਸਮਰਪਿਤ ਪੌਦੇ ਲਗਾ ਕੇ ਵਾਤਾਵਰਣ ਸੰਭਾਲ ਦਾ ਸੰਦੇਸ਼ ਦਿੱਤਾ

**ਬੰਗਾ 16 ਜੁਲਾਈ (ਚਰਨਜੀਤ ਸੱਲ੍ਹਾ)** ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ਦੇ ਪ੍ਰਬੰਧ ਹੇਠਾਂ ਚੱਲ ਰਹੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਰੋਟਰੀ ਡਿਸਟ੍ਰਿਕਟ 3070 ਦੇ ਗਵਰਨਰ ਅਨਿਲ ਸਿੰਘਲ ਅਤੇ ਉਹਨਾਂ ਧਰਮਪਤਨੀ ਸੋਨੀਆ ਸਿੰਘਲ ਦੇ ਢਾਹਾਂ ਕਲੇਰਾਂ ਵਿਖੇ ਪੁੱਜਣ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਅਤੇ ਸਨਮਾਨ ਕੀਤਾ ਗਿਆ ਅਤੇ ਇਸ ਮੌਕੇ ਵਣ ਮਹਾਂਉਤਸਵ ਨੂੰ ਸਮਰਪਿਤ ਪੌਦੇ ਲਗਾ ਕੇ ਵਾਤਾਵਰਨ ਦੀ ਸੰਭਾਲ ਅਤੇ ਹਰਿਆਲੀ ਵਧਾਉਣ ਦਾ ਸੰਦੇਸ਼ ਦਿੱਤਾ ਗਿਆ । ਇਸ ਮੌਕੇ ਡਿਸਟ੍ਰਿਕਟ ਗਵਰਨਰ ਨੇ ਟਰੱਸਟ ਵੱਲੋਂ ਕੁਲਵਿੰਦਰ ਸਿੰਘ ਢਾਹਾਂ ਦੀ ਅਗਵਾਈ ਵਿਚ ਢਾਹਾਂ ਕਲੇਰਾਂ ਵਿਖੇ ਚੱਲ ਰਹੀਆਂ ਮੈਡੀਕਲ ਅਤੇ ਵਿਦਿਅਕ ਸੰਸਥਾਵਾਂ ਵੱਲੋਂ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਿਹਤ, ਸਿੱਖਿਆ ਅਤੇ ਵਾਤਾਵਰਨ ਦੀ ਸੰਭਾਲ ਲਈ ਕੀਤੇ ਜਾ ਰਹੇ ਇਹ ਯਤਨ ਸਮਾਜ ਨੂੰ ਉੱਚਾ ਚੁੱਕਣ ਲਈ ਬਹੁਤ ਮਹੱਤਵਪੂਰਨ ਹਨ । ਉਨ੍ਹਾਂ ਨੇ ਸੰਸਥਾ ਦੇ ਸਮੂਹ ਪ੍ਰਬੰਧਕਾਂ ਅਤੇ ਸਟਾਫ਼ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਲੋਕ ਸੇਵਾ ਲਈ ਕੰਮ ਕਰਦੇ ਰਹਿਣ ਦੀ ਕਾਮਨਾ ਕੀਤੀ। ਟਰੱਸਟ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਮਹਿਮਾਨਾਂ ਦਾ ਨਿੱਘਾ ਸਵਾਗਤ ਕਰਦਿਆਂ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਵੱਲੋਂ ਸਿਹਤ ਅਤੇ



ਹਸਪਤਾਲ ਢਾਹਾਂ ਕਲੇਰਾਂ ਵਿਖੇ ਰੋਟਰੀ ਡਿਸਟ੍ਰਿਕਟ ਗਵਰਨਰ ਅਨਿਲ ਸਿੰਘਲ ਪੌਦੇ ਲਗਾਉਣ ਮੌਕੇ ਟਰੱਸਟ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਅਤੇ ਰੋਟਰੀ ਕਲੱਬ ਦੇ ਅਹੁਦੇਦਾਰਾਂ, ਮੈਂਬਰਾਂ ਅਤੇ ਹਸਪਤਾਲ ਸਟਾਫ ਨਾਲ।

ਸਿੱਖਿਆ ਦੇ ਖੇਤਰ ਵਿੱਚ ਕੀਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ । ਉਨ੍ਹਾਂ ਨੇ ਗੁਰੂ ਨਾਨਕ ਮਿਸ਼ਨ ਹਸਪਤਾਲ, ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਅਤੇ ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਦੀਆਂ ਉਪਲਬਧੀਆਂ ਅਤੇ ਲੋਕ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਤੋਂ ਵੀ ਜਾਣੂੰ ਕਰਵਾਇਆ । ਇਸ ਦੇ ਨਾਲ ਹੀ ਟਰੱਸਟ ਦੀਆਂ ਗਤੀਵਿਧੀਆਂ ਉੱਤੇ ਆਧਾਰਿਤ ਇੱਕ ਡਾਕੂਮੈਂਟਰੀ ਫਿਲਮ ਵੀ ਵਿਖਾਈ ਗਈ, ਜਿਸ ਦੀ ਹਾਜ਼ਰ ਮਹਿਮਾਨਾਂ ਨੇ ਭਰਪੂਰ ਸਰਾਹਨਾ ਕੀਤੀ । ਰੋਟਰੀ ਕਲੱਬ ਬੰਗਾ ਦੇ ਨਵ ਨਿਯੁਕਤ ਪ੍ਰਧਾਨ ਸ਼ਰਨਜੀਤ ਸਿੰਘ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਗੁਰੂ ਨਾਨਕ ਮਿਸ਼ਨ ਟਰੱਸਟ ਵੱਲੋਂ ਸਿਹਤ, ਸਿੱਖਿਆ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲੇ ਬੇਹੱਦ ਸ਼ਲਾਘਾਯੋਗ ਹਨ । ਉਨ੍ਹਾਂ ਨੇ ਕਿਹਾ ਕਿ ਅਜਿਹੀਆਂ ਸੰਸਥਾਵਾਂ ਸਮਾਜ ਲਈ ਪ੍ਰੇਰਣਾ ਸਰੋਤ ਹਨ ਅਤੇ ਮਨੁੱਖਤਾ ਦੀ ਸੇਵਾ ਦਾ ਵੱਡਾ ਉਦਾਹਰਨ ਹਨ । ਇਸ ਮੌਕੇ ਨਰੇਸ਼ ਅਨੰਦ ਜ਼ਿਲ੍ਹਾ ਸੈਕਟਰੀ ਜੀ ਉ ਵੀ, ਰਾਜ ਬਾਜੜ ਸਾਬਕਾ ਪ੍ਰਧਾਨ, ਸੁਰਿੰਦਰਪਾਲ ਖੇਪੜ ਸਾਬਕਾ ਪ੍ਰਧਾਨ, ਪ੍ਰਵੀਨ ਕੁਮਾਰ ਸਾਬਕਾ ਪ੍ਰਧਾਨ, ਇਕਬਾਲ ਸਿੰਘ ਬਾਜਵਾ, ਐਡਵੋਕੇਟ ਅਨਿਲ ਕਟਾਰੀਆ, ਐਮ.ਸੀ. ਜਸਵਿੰਦਰ ਸਿੰਘ ਮਾਨ, ਇੰਦਰਜੀਤ ਸਿੰਘ, ਕਮਲਜੀਤ ਸਿੰਘ ਕੁਲਥਮ, ਭੁਪਿੰਦਰ ਸਿੰਘ, ਰਣਜੀਤ ਸਿੰਘ ਮਾਨ, ਡਾ. ਗੁਰਤੇਜ ਸਿੰਘ, ਜੋਤੀ ਭਾਟੀਆ, ਜੱਗਾ ਰਾਮ, ਅਕਾਸ਼ ਕੁਮਾਰ, ਮਾਲੀ ਓਮ ਪ੍ਰਕਾਸ਼ , ਪ੍ਰੇਮ ਕੁਮਾਰ ਵੀ ਹਾਜ਼ਰ ਸਨ।

# ਆਪਣੇ ਬੀ.ਐੱਲ.ਓ. ਨਾਲ ਸੰਪਰਕ ਕਰੋ ਅਤੇ 3 ਅਗਸਤ ਤੱਕ ਐਨਿਊਮਰੇਸ਼ਨ ਫ਼ਾਰਮ ਜਮ੍ਹਾਂ ਕਰੋ - ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ

## ਹਰ ਯੋਗ ਵੋਟਰ ਤੱਕ ਪਹੁੰਚਣ ਲਈ ਬੀ.ਐੱਲ.ਓ. ਦੀ ਘਰ-ਘਰ ਮੁਹਿੰਮ 3 ਅਗਸਤ ਤੱਕ ਰਹੇਗੀ ਜਾਰੀ

**ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ)** ਭਾਰਤੀ ਚੋਣ ਕਮਿਸ਼ਨ ਨੇ ਵਿਸ਼ੇਸ਼ ਗਹਿਰੀ ਸੁਧਾਈ - 2026 ਲਈ ਸੋਧਿਆ ਸ਼ਡਿਊਲ ਜਾਰੀ ਕੀਤਾ ਹੈ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ. ਗੁਲਪ੍ਰੀਤ ਸਿੰਘ ਔਲਖ ਨੇ ਜ਼ਿਲ੍ਹੇ ਦੇ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਸਬੰਧਤ ਬੀ.ਐੱਲ.ਓ. ਨਾਲ ਸੰਪਰਕ ਕਰਕੇ 3 ਅਗਸਤ ਤੱਕ ਆਪਣਾ ਐਨਿਊਮਰੇਸ਼ਨ ਫਾਰਮ ਭਰ ਕੇ ਜ਼ਰੂਰ ਜਮ੍ਹਾਂ ਕਰਵਾਉਣ, ਤਾਂ ਜੋ ਵੋਟਰ ਸੂਚੀਆਂ ਨੂੰ ਸਹੀ, ਪਾਰਦਰਸ਼ੀ ਅਤੇ ਤਰੁੱਟੀ-ਰਹਿਤ ਬਣਾਇਆ ਜਾ ਸਕੇ। ਇਸ ਸਬੰਧੀ ਡਿਪਟੀ ਕਮਿਸ਼ਨਰ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੋਧੇ ਹੋਏ ਸ਼ਡਿਊਲ ਅਨੁਸਾਰ ਬੀ.ਐੱਲ.ਓ. ਵੱਲੋਂ ਘਰ-ਘਰ ਜਾ ਕੇ ਵੋਟਰਾਂ ਦੀ ਪੜਤਾਲ ਅਤੇ ਐਨਿਊਮਰੇਸ਼ਨ ਫਾਰਮ ਇਕੱਤਰ ਕਰਨ ਦਾ ਕੰਮ ਹੁਣ 3 ਅਗਸਤ 2026 ਤੱਕ ਜਾਰੀ ਰਹੇਗਾ। ਇਸ ਦੇ ਨਾਲ ਹੀ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਦੀ ਪ੍ਰਕਿਰਿਆ ਵੀ 3 ਅਗਸਤ ਤੱਕ ਪੂਰੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਡਰਾਫਟ ਵੋਟਰ ਸੂਚੀ 13 ਅਗਸਤ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਇਸ ਤੋਂ ਬਾਅਦ ਦਾਅਵੇ ਅਤੇ ਇਤਰਾਜ਼ 13 ਅਗਸਤ ਤੋਂ 12 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ। ਨੋਟਿਸ ਪੜਾਅ, ਦਾਅਵੇ ਅਤੇ ਇਤਰਾਜ਼ ਦਾ ਨਿਪਟਾਰਾ 13 ਅਗਸਤ 2026



ਤੋਂ 8 ਅਕਤੂਬਰ 2026 ਤੱਕ ਕੀਤਾ ਜਾਵੇਗਾ, ਜਦਕਿ ਅੰਤਿਮ ਵੋਟਰ ਸੂਚੀ 12 ਅਕਤੂਬਰ 2026 ਨੂੰ ਪ੍ਰਕਾਸ਼ਿਤ ਹੋਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਮੁੱਚਾ ਚੋਣ ਅਮਲਾ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੂਰੀ ਪਾਰਦਰਸ਼ਤਾ, ਨਿਰਪੱਖਤਾ ਅਤੇ ਸੁਚੱਜੇ ਢੰਗ ਨਾਲ ਵਿਸ਼ੇਸ਼ ਗਹਿਰੀ ਸੁਧਾਈ-2026 ਨੂੰ ਅਮਲ ਵਿੱਚ ਲਿਆ ਰਿਹਾ ਹੈ। ਉਨ੍ਹਾਂ ਕਿਹਾ ਕਿ ਵੋਟਰਾਂ ਨੂੰ ਕਿਸੇ ਵੀ ਜਾਣਕਾਰੀ ਜਾਂ ਸਹਾਇਤਾ ਲਈ ਆਪਣੇ ਸਬੰਧਤ ਬੀ.ਐੱਲ.ਓ. ਨਾਲ ਸੰਪਰਕ ਕਰਨ ਦੀ ਅਪੀਲ ਵੀ ਕੀਤੀ ਹੈ। ਇਸ ਤੋਂ ਇਲਾਵਾ ਐੱਸ.ਆਈ.ਆਰ.-2026 ਸਬੰਧੀ ਕਿਸੇ ਵੀ ਜਾਣਕਾਰੀ, ਸਹਾਇਤਾ ਜਾਂ ਸ਼ਿਕਾਇਤ ਲਈ ਜ਼ਿਲ੍ਹਾ ਚੋਣ ਦਫ਼ਤਰ, ਸ਼ਹੀਦ ਭਗਤ ਸਿੰਘ ਨਗਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ ਜਾਂ ਚੋਣ ਕਮਿਸ਼ਨ ਦੇ ਟੋਲ-ਫ਼ਰੀ ਨੰਬਰ 1950 'ਤੇ ਕਾਲ ਕਰਕੇ ਵੀ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਹੈ।

# ਵਿਧਾਇਕ ਬੰਗਾ ਸੁਖਵਿੰਦਰ ਕੁਮਾਰ ਸੁੱਖੀ ਨੇ ਆਂਗਨਵਾੜੀ ਵਰਕਰਾਂ ਨੂੰ ਵੰਡੇ ਨਿਯੁਕਤੀ ਪੱਤਰ

**ਬੰਗਾ - (ਸਤਨਾਮ ਸਿੰਘ ਸਹੂੰਗੜਾ)** ਬਲਾਕ ਬੰਗਾ ਅਧੀਨ ਚੱਲ ਰਹੇ ਆਂਗਨਵਾੜੀ ਸੈਂਟਰਾਂ ਵਿਖੇ ਖਾਲੀ ਆਂਗਨਵਾੜੀ ਵਰਕਰਾਂ ਦੀਆਂ ਪੋਸਟਾਂ ਤੇ ਨਿਯੁਕਤ ਆਂਗਨਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰਾਂ ਦੀ ਵੰਡ ਹਲਕਾ ਵਿਧਾਇਕ ਡਾ.ਸੁਖਵਿੰਦਰ ਕੁਮਾਰ ਸੁੱਖੀ ਜੀ ਵੱਲੋਂ ਕੀਤੀ ਗਈ।ਉਨ੍ਹਾਂ ਵੱਲੋਂ ਸੰਬੋਧਿਤ ਕਰਦਿਆਂ ਸਬੰਧਿਤ ਨਵਨਿਯੁਕਤ ਆਂਗਨਵਾੜੀ ਵਰਕਰਾਂ ਨੂੰ ਸਲਾਹ ਦਿੱਤੀ ਗਈ ਕਿ ਉਨ੍ਹਾ ਵੱਲੋਂ ਆਪਣੀ ਡਿਊਟੀ ਲਗਨ ਅਤੇ ਇਮਾਨਦਾਰੀ ਨਾਲ ਕੀਤੀ ਜਾਵੇ। ਇਸ ਮੌਕੇ ਤੇ ਸ੍ਰੀ ਪੂਰਨ ਪੰਕਜ ਸ਼ਰਮਾ, ਬਾਲ ਵਿਕਾਸ ਪ੍ਰੋਜੈਕਟ ਅਫਸਰ, ਬੰਗਾ ਵੱਲੋਂ ਦੱਸਿਆ ਗਿਆ ਕਿ ਅੱਜ ਬਲਾਕ ਬੰਗਾ ਅਧੀਨ 14 ਆਂਗਨਵਾੜੀ ਵਰਕਰਾਂ ਅਤੇ ਬਲਾਕ ਔੜ ਅਧੀਨ 09 ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰਾਂ ਦੀ ਵੰਡ ਕੀਤੀ ਗਈ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਖਾਲੀ ਪੋਸਟਾਂ ਤੇ ਨਿਯੁਕਤੀਆਂ ਹੋਣ ਨਾਲ ਸਬੰਧਿਤ ਪਿੰਡਾਂ ਦੇ ਆਂਗਨਵਾੜੀ ਸੈਂਟਰਾਂ ਦੀ ਕਾਰਜਕੁਸ਼ਲਤਾ ਵਿੱਚ ਸੁਧਾਰ ਆਉਣ ਨਾਲ ਪਿੰਡਾਂ ਦੇ ਲੋਕਾਂ ਨੂੰ ਵਿਭਾਗੀ ਸਕੀਮਾਂ ਦਾ ਲਾਭ ਪ੍ਰਭਾਵਸ਼ਾਲੀ ਤਰੀਕੇ ਨਾਲ ਦਵਾਇਆ ਜਾ ਸਕੇਗਾ।ਇਸ ਮੌਕੇ ਤੇ ਸ੍ਰੀ ਸ਼ਾਮ ਲਾਲ ਜੂਨੀਅਰ ਸਹਾਇਕ ਸ੍ਰੀਮਤੀ ਹਰਕਮਲਜੀਤ, ਸ੍ਰੀਮਤੀ ਕੁਲਵਿੰਦਰ ਕੌਰ, ਸੁਪਰਵਾਈਜ਼ਰ ਹਾਜ਼ਰ ਸਨ।



# ਗਿਆਰਵੀਂ ਜਮਾਤ ਵਿੱਚ ਵੋਕੇਸ਼ਨਲ ਇਲੈਕਟ੍ਰੀਕਲ ਟ੍ਰੇਡ ਦੀਆਂ ਕਲਾਸਾਂ ਸ਼ੁਰੂ

**ਹੁਸ਼ਿਆਰਪੁਰ /ਮਾਹਿਲਪੁਰ, 16 ਜੁਲਾਈ ( ਤਰਸੇਮ ਦੀਵਾਨਾ )** – ਇਥੋਂ ਦੇ ਖਾਲਸਾ ਕਾਲਜ ਮਾਹਿਲਪੁਰ ਦੇ ਕੈਂਪਸ ਵਿੱਚ ਚੱਲ ਰਹੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਗਿਆਰਵੀਂ ਜਮਾਤ ਦੇ ਨਵੇਂ ਅਕਾਦਮਿਕ ਸੈਸ਼ਨ ਲਈ ਵੋਕੇਸ਼ਨਲ ਇਲੈਕਟ੍ਰੀਕਲ ਟ੍ਰੇਡ ਦੀਆਂ ਕਲਾਸਾਂ ਸ਼ੁਰੂ ਹੋ ਗਈਆਂ ਹਨ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਸਮੁੱਚੇ ਸਟਾਫ਼ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੁਨਰ ਅਧਾਰਿਤ ਸਿੱਖਿਆ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਅਤੇ ਇਲੈਕਟ੍ਰੀਕਲ ਟ੍ਰੇਡ ਵਿਦਿਆਰਥੀਆਂ ਨੂੰ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੇ ਵਧੀਆ ਮੌਕੇ



ਪ੍ਰਦਾਨ ਕਰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਟ੍ਰੇਡ ਰਾਹੀਂ ਵਿਦਿਆਰਥੀ ਇਲੈਕਟ੍ਰੀਕਲ ਵਾਇਰਿੰਗ, ਮੁਰੰਮਤ, ਸੁਰੱਖਿਆ ਅਤੇ ਆਧੁਨਿਕ ਤਕਨੀਕੀ ਹੁਨਰਾਂ ਦੀ ਸਿਖਲਾਈ ਪ੍ਰਾਪਤ ਕਰ ਸਕਦੇ ਹਨ, ਜੋ ਭਵਿੱਖ ਵਿੱਚ ਉਨ੍ਹਾਂ ਦੇ ਕਰੀਅਰ ਲਈ ਬਹੁਤ ਲਾਭਦਾਇਕ ਸਾਬਤ ਹੋਵੇਗੀ। ਉਨ੍ਹਾਂ ਨੇ ਇੱਛੁਕ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਹੁਨਰ ਕੇਂਦਰਿਤ ਕੋਰਸ ਵਿੱਚ ਆਪਣਾ ਦਾਖਲਾ ਯਕੀਨੀ ਬਣਾਉਣ ।

ਉਨ੍ਹਾਂ ਦੱਸਿਆ ਕਿ ਇਸ ਟ੍ਰੇਡ ਵਿੱਚ ਕੁੱਲ 25 ਸੀਟਾਂ ਉਪਲਬਧ ਹਨ ਅਤੇ ਇਹ ਦਾਖਲੇ ਪਹਿਲਾਂ ਆਓ-ਪਹਿਲਾਂ ਪਾਓ ਦੇ ਅਧਾਰ 'ਤੇ ਕੀਤੇ ਜਾਣਗੇ। ਇਸ ਮੌਕੇ ਕਾਲਜ ਦਾ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸੀ।

ਫੋਟੋ ਅਜਮੇਰ ਦੀਵਾਨਾ

# ਨਰੇਗਾ ਵਰਕਰਾਂ ਦੀ ਬੇਰਹਿਮੀ ਨਾਲ ਕੁੱਟਮਾਰ ਕਰਨ ਵਾਲੇ ਪੁਲਿਸ ਅਧਿਕਾਰੀਆਂ ਖ਼ਿਲਾਫ਼ ਤੁਰੰਤ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ : ਬਰਿੰਦਰ ਸਿੰਘ ਪਰਮਾਰ


**ਹੁਸ਼ਿਆਰਪੁਰ, 16 ਜੁਲਾਈ ( ਤਰਸੇਮ ਦੀਵਾਨਾ )** – ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜ਼ਿਲਾ ਸਕੱਤਰ ਜਨਰਲ ਬਰਿੰਦਰ ਸਿੰਘ ਪਰਮਾਰ ਨੇ ਖੰਨਾ ਵਿਖੇ ਆਪਣੀਆਂ ਹੱਕੀ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰ ਰਹੀਆਂ ਨਰੇਗਾ ਮੁਲਾਜ਼ਮ ਔਰਤਾਂ ਅਤੇ ਵਰਕਰਾਂ 'ਤੇ ਪੁਲਿਸ ਵੱਲੋਂ ਕੀਤੇ ਗਏ ਲਾਠੀਚਾਰਜ ਅਤੇ ਅਣਮਨੁੱਖੀ ਵਰਤਾਓ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਪਰਮਾਰ ਨੇ ਕਿਹਾ ਕਿ ਖੰਨਾ ਵਿੱਚ ਜੋ ਕੁਝ ਹੋਇਆ, ਉਸ ਨਾਲ ਇਨਸਾਨੀਅਤ ਸ਼ਰਮਸਾਰ ਹੋਈ ਹੈ ਅਤੇ ਪੰਜਾਬ ਦੇ ਲੋਕ ਇਸ ਬੇਇਨਸਾਫ਼ੀ ਲਈ ਮੌਜੂਦਾ ਸਰਕਾਰ ਨੂੰ ਕਦੇ ਵੀ ਮੁਆਫ਼ ਨਹੀਂ ਕਰਨਗੇ। ਬਰਿੰਦਰ ਸਿੰਘ ਪਰਮਾਰ ਨੇ ਆਖਿਆ ਕਿ ਪਿਛਲੇ 8 ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਕਾਰਨ ਨਰੇਗਾ ਮੁਲਾਜ਼ਮ ਭੁੱਖਮਰੀ ਦੇ ਕੰਢੇ ਪਹੁੰਚ ਚੁੱਕੇ ਹਨ। ਜਦੋਂ ਇਹ ਮੁਲਾਜ਼ਮ ਆਪਣੀ ਰੋਜ਼ੀ-ਰੋਟੀ ਲਈ ਮੰਤਰੀ ਦੀ ਕੋਠੀ ਅੱਗੇ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕਰਨ ਪਹੁੰਚੇ, ਤਾਂ ਸਰਕਾਰ ਨੇ ਮੁਲਾਜ਼ਮਾਂ ਦੀ ਗੱਲ ਸੁਣਨ ਦੀ ਬਜਾਏ ਪੁਲਿਸ ਪ੍ਰਸ਼ਾਸਨ



ਰਾਹੀਂ ਉਨ੍ਹਾਂ 'ਤੇ ਅੰਨ੍ਹੇਵਾਹ ਲਾਠੀਆਂ ਵਰ੍ਹਾਈਆਂ। ਉਨ੍ਹਾਂ ਦੋਸ਼ ਲਾਇਆ ਕਿ ਪੁਲਿਸ ਵੱਲੋਂ ਮੁਲਾਜ਼ਮਾਂ ਨੂੰ ਪਸ਼ੂਆਂ ਵਾਂਗ ਕੁੱਟਿਆ ਗਿਆ, ਜਿਸ ਕਾਰਨ ਕਈਆਂ ਦੀਆਂ ਲੱਤਾਂ ਤੱਕ ਤੋੜ ਦਿੱਤੀਆਂ ਗਈਆਂ। ਸਭ ਤੋਂ ਮੰਦਭਾਗੀ ਗੱਲ ਇਹ ਹੈ ਕਿ ਲੋਕਤੰਤਰ ਵਿੱਚ ਧੀਆਂ-ਭੈਣਾਂ ਦੇ ਸਤਿਕਾਰ ਨੂੰ ਮਿੱਟੀ ਵਿੱਚ ਰੋਲਿਆ ਗਿਆ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਪਰਮਾਰ ਨੇ ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਸਖਤੀ ਨਾਲ ਕਿਹਾ ਕਿ ਨਰੇਗਾ ਮੁਲਾਜ਼ਮਾਂ ਦੀ ਪਿਛਲੇ 8 ਮਹੀਨਿਆਂ ਦੀ ਬਣਦੀ ਤਨਖ਼ਾਹ ਤੁਰੰਤ ਬਿਨਾਂ ਕਿਸੇ ਦੇਰੀ ਦੇ ਜਾਰੀ ਕੀਤੀ ਜਾਵੇ। ਉਨ੍ਹਾਂ ਮੰਗ ਕੀਤੀ ਕਿ ਸ਼ਾਂਤਮਈ ਪ੍ਰਦਰਸ਼ਨ ਕਰ ਰਹੀਆਂ ਔਰਤਾਂ ਅਤੇ ਮੁਲਾਜ਼ਮਾਂ 'ਤੇ ਬੇਰਹਿਮੀ ਨਾਲ ਕੁੱਟਮਾਰ ਕਰਨ ਵਾਲੇ ਪੁਲਿਸ ਅਧਿਕਾਰੀਆਂ ਖ਼ਿਲਾਫ਼ ਤੁਰੰਤ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਜਿਹੜੇ ਪੁਲਿਸ ਕਰਮਚਾਰੀਆਂ ਨੇ ਕਾਨੂੰਨ ਨੂੰ ਛਿੱਕੇ ਟੰਗ ਕੇ ਮੁਲਾਜ਼ਮਾਂ ਦੀਆਂ ਲੱਤਾਂ ਤੋੜੀਆਂ ਹਨ, ਉਨ੍ਹਾਂ ਨੂੰ ਬਿਨਾਂ ਕਿਸੇ ਦੇਰੀ ਦੇ ਨੌਕਰੀ ਤੋਂ ਬਰਖ਼ਾਸਤ ਕੀਤਾ ਜਾਵੇ। ਇਸ ਦੇ ਨਾਲ ਹੀ ਲਾਠੀਚਾਰਜ ਦੌਰਾਨ ਜ਼ਖਮੀ ਹੋਏ ਸਮੂਹ ਪੀੜਤ ਮੁਲਾਜ਼ਮਾਂ ਦਾ ਸਰਕਾਰੀ ਖਰਚੇ 'ਤੇ ਮੁਫ਼ਤ ਇਲਾਜ ਕਰਵਾਇਆ ਜਾਵੇ ਅਤੇ ਉਨ੍ਹਾਂ ਨੂੰ ਬਣਦਾ ਯੋਗ ਮੁਆਵਜ਼ਾ ਦਿੱਤਾ ਜਾਵੇ। ਬਰਿੰਦਰ ਸਿੰਘ ਪਰਮਾਰ ਨੇ ਮੁੱਖ ਮੰਤਰੀ ਨੂੰ ਸਿੱਧਾ ਸਵਾਲ ਕਰਦਿਆਂ ਕਿਹਾ ਕਿ ਜੋ ਸਰਕਾਰ ਖੁਦ ਨੂੰ ਆਮ ਲੋਕਾਂ ਦੀ ਸਰਕਾਰ ਅਖਵਾਉਂਦੀ ਹੈ, ਕੀ ਉਸ ਦੇ ਰਾਜ ਵਿੱਚ ਹੱਕ ਮੰਗਣਾ ਗੁਨਾਹ ਹੋ ਗਿਆ ਹੈ? ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਨਰੇਗਾ ਮੁਲਾਜ਼ਮਾਂ ਦੀਆਂ ਇਨ੍ਹਾਂ ਮੰਗਾਂ ਨੂੰ ਤੁਰੰਤ ਨਾ ਮੰਨਿਆ ਅਤੇ ਦੋਸ਼ੀ ਪੁਲਿਸ ਵਾਲਿਆਂ 'ਤੇ ਕਾਰਵਾਈ ਨਾ ਕੀਤੀ, ਤਾਂ ਸ਼੍ਰੋਮਣੀ ਅਕਾਲੀ ਦਲ ਬਾਦਲ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਤਿੱਖਾ ਸੰਘਰਸ਼ ਵਿੱਢਣ ਤੋਂ ਪਿੱਛੇ ਨਹੀਂ ਹਟੇਗਾ।

# ਕੌਮੀ ਜਾਂਚ ਏਜੰਸੀ ਮਜ਼ਦੂਰ ਹੱਕਾਂ ਦੇ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣਾ ਬੰਦ ਕਰੇ

**ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ)** ਅੱਜ ਇੱਥੇ ਪ੍ਰੈੱਸ ਬਿਆਨ ਜਾਰੀ ਕਰਕੇ ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਸੂਬਾ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋ. ਏ .ਕੇ. ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ ਪਾਲ ਨੇ ਹਰਿਆਣਾ ਦੇ ਸੋਨੀਪਤ ਜ਼ਿਲ੍ਹੇ ਦੇ ਕੁੰਡਲੀ ਉਦਯੋਗਿਕ ਖੇਤਰ ਵਿੱਚ ਮਜ਼ਦੂਰ ਅਧਿਕਾਰ ਸੰਗਠਨ ਦੇ ਕਾਰਕੁਨ ਮਨਜੀਤ ਨੂੰ ਕਥਿਤ ਲਖਨਊ ਸਾਜ਼ਿਸ਼ ਕੇਸ ਸਬੰਧੀ ਕੌਮੀ ਜਾਂਚ ਏਜੰਸੀ (ਐੱਨ.ਆਈ.ਏ.) ਵੱਲੋਂ ਨੋਟਿਸ ਜਾਰੀ ਕੀਤੇ ਜਾਣ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਇਹ ਕਥਿਤ ਪੁੱਛਗਿੱਛ ਮਜ਼ਦੂਰ ਆਗੂਆਂ, ਵਿਦਿਆਰਥੀ ਕਾਰਕੁਨਾਂ, ਵਕੀਲਾਂ, ਪੱਤਰਕਾਰਾਂ ਅਤੇ ਉਹਨਾਂ ਸਭ ਜਮਹੂਰੀ ਆਵਾਜ਼ਾਂ ਨੂੰ ਅਪਰਾਧੀ ਬਣਾਉਣ ਦੀ ਹਕੂਮਤੀ ਮੁਹਿੰਮ ਦਾ ਹਿੱਸਾ ਹੈ, ਜੋ ਮਜ਼ਦੂਰਾਂ, ਕਿਸਾਨਾਂ, ਦਲਿਤਾਂ, ਆਦਿਵਾਸੀਆਂ ਅਤੇ ਹੋਰ ਹਾਸ਼ੀਏ 'ਤੇ ਧੱਕੇ ਹੋਏ ਭਾਈਚਾਰਿਆਂ ਦੇ ਹਿਤਾਂ ਲਈ ਆਵਾਜ਼ ਉਠਾਉਂਦੇ ਹਨ। ਕਥਿਤ ਲਖਨਊ ਸਾਜ਼ਿਸ਼ ਕਿਸੇ ਅਸਲ ਅਪਰਾਧ ਦੀ ਜਾਂਚ ਲਈ ਨਹੀਂ, ਸਗੋਂ ਭੀਮਾ ਕੋਰੇਗਾਂਓ ਕੇਸ ਦੀ ਤਰਜ਼ ’ਤੇ ਜਮਹੂਰੀ ਅਸਹਿਮਤੀ ਅਤੇ ਲੋਕ ਸੰਘਰਸ਼ਾਂ ਨੂੰ ਕੁਚਲਣ ਦੇ ਰਾਜਨੀਤਕ ਹਥਿਆਰ ਤੌਰ ਦੇ



ਤੌਰ ’ਤੇ ਘੜਿਆ ਗਿਆ ਹੈ। ਪਿਛਲੇ ਕੁਝ ਸਾਲਾਂ ਦੌਰਾਨ ਏਜੰਸੀ ਨੇ ਇਸ ਕੇਸ ਦਾ ਘੇਰਾ ਲਗਾਤਾਰ ਵਧਾਉਂਦਿਆਂ ਹਰਿਆਣਾ, ਦਿੱਲੀ, ਉੱਤਰ ਪ੍ਰਦੇਸ਼, ਪੰਜਾਬ ਅਤੇ ਹੋਰ ਸੂਬਿਆਂ ਦੇ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਕਥਿਤ ਮਾਓਵਾਦੀ ਸੰਬੰਧਾਂ ਦੇ ਆਧਾਰ 'ਤੇ ਛਾਪੇਮਾਰੀਆਂ, ਨਿਗਰਾਨੀ, ਗ੍ਰਿਫ਼ਤਾਰੀਆਂ ਅਤੇ ਲਗਾਤਾਰ ਪਰੇਸ਼ਾਨ ਕੀਤੇ ਜਾਣ ਦਾ ਸਿਲਸਿਲਾ ਵਿੱਢਿਆ ਹੋਇਆ ਹੈ। ਹਿਮਾਂਸ਼ੂ ਕਸ਼ਿਯਪ, ਐਡਵੋਕੇਟ ਅਜੇ ਕੁਮਾਰ ਅਤੇ ਡਾਕੂਮੈਂਟਰੀ ਫਿਲਮਸਾਜ਼ ਵਿਸ਼ਾਲ ਸਿੰਘ ਨੂੰ ਝੂਠੇ ਦੋਸ਼ਾਂ ਦੇ ਤਹਿਤ ਜੇਲ੍ਹ ਵਿਚ ਡੱਕਿਆ ਹੋਇਆ ਹੈ। ਇਹ ਨੋਟਿਸ ਵੀ ਉੱਤਰੀ ਭਾਰਤ ਦੇ ਉਦਯੋਗਿਕ ਖੇਤਰਾਂ ਵਿੱਚ ਚੱਲ ਰਹੇ ਮਜ਼ਦੂਰ ਅੰਦੋਲਨ ਨੂੰ ਡਰਾਉਣ ਅਤੇ ਦਬਾਉਣ ਦੀ ਇੱਕ ਹੋਰ ਕੋਸ਼ਿਸ਼ ਹੈ ਕਿਉਂਕਿ ਮਜ਼ਦੂਰ ਹੱਕਾਂ ਦੇ ਕਾਰਕੁਨ ਕੁੰਡਲੀ ਉਦਯੋਗਿਕ ਖੇਤਰ ਵਿੱਚ ਮਜ਼ਦੂਰਾਂ ਨੂੰ ਜਥੇਬੰਦ ਕਰਨ ਕਰ ਰਹੇ ਹਨ, ਜਿੱਥੇ ਹਜ਼ਾਰਾਂ ਮਜ਼ਦੂਰ ਬਿਹਤਰ ਤਨਖ਼ਾਹਾਂ, ਸੁਰੱਖਿਅਤ ਕੰਮਕਾਜੀ ਹਾਲਾਤਾਂ ਅਤੇ ਆਪਣੇ ਬੁਨਿਆਦੀ ਮਜ਼ਦੂਰੀ ਹੱਕਾਂ ਲਈ ਸੰਘਰਸ਼ ਕਰ ਰਹੇ ਹਨ। ਇਸੇ ਸਾਲ ਮਾਰਚ ਮਹੀਨੇ ਵੀ ਦਿੱਲੀ ਕੌਮੀ ਰਾਜਧਾਨੀ ਖੇਤਰ ਵਿਚ ਮਨਜੀਤ ਸਮੇਤ ਬਹੁਤ ਸਾਰੇ ਕਾਰਕੁਨਾਂ ਨੂੰ ਪੁਲਿਸ ਵੱਲੋਂ ਅਗਵਾ ਕਰਕੇ ਗ਼ੈਰ-ਕਾਨੂੰਨੀ ਹਿਰਾਸਤ ਵਿਚ ਰੱਖ ਕੇ ਤਸੀਹੇ ਦਿੱਤੇ ਗਏ ਸਨ। ਉਨ੍ਹਾਂ ਮੰਗ ਕੀਤੀ ਕਿ ਨੋਟਿਸਾਂ ਰਾਹੀਂ ਦਹਿਸ਼ਤ ਫੈਲਾਉਣੀ ਬੰਦ ਕੀਤੀ ਜਾਵੇ। ਮਨਜੀਤ ਨੂੰ ਜਾਰੀ ਕੀਤਾ ਨੋਟਿਸ ਤੁਰੰਤ ਵਾਪਸ ਲਿਆ ਜਾਵੇ। ਫ਼ਰਜ਼ੀ ਲਖਨਊ ਕੇਸ ਤੁਰੰਤ ਰੱਦ ਕੀਤਾ ਜਾਵੇ। ਇਸ ਕੇਸ ਵਿੱਚ ਗ੍ਰਿਫ਼ਤਾਰ ਕੀਤੇ ਸਾਰੇ ਕਾਰਕੁਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਗ਼ੈਰ-ਕਾਨੂੰਨੀ ਹਿਰਾਸਤ ਵਿਚ ਲੈਣ ਅਤੇ ਹਿਰਾਸਤੀ ਤਸ਼ੱਦਦ ਲਈ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇ। ਕਾਰਕੁਨਾਂ ਅਤੇ ਜਮਹੂਰੀ ਅਸਹਿਮਤੀ ਦਾ ਅਪਰਾਧੀਕਰਨ ਬੰਦ ਕੀਤਾ ਜਾਵੇ। ਬੋਲਣ ਦੀ ਆਜ਼ਾਦੀ, ਜਥੇਬੰਦੀ ਬਣਾਉਣ ਦੇ ਹੱਕ ਅਤੇ ਸ਼ਾਂਤਮਈ ਵਿਰੋਧ ਦੇ ਜਮਹੂਰੀ ਅਧਿਕਾਰਾਂ ਦਾ ਘਾਣ ਬੰਦ ਕੀਤੀ ਜਾਵੇ ਅਤੇ ਜਬਰ ਦਾ ਸੰਦ ਕੌਮੀ ਜਾਂਚ ਏਜੰਸੀ ਭੰਗ ਕੀਤੀ ਜਾਵੇ।

# ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਦੀ ਤੋੜ-ਭੰਨ੍ਹ ਦੀ ਘਟਨਾ ਅਤਿ ਮੰਦਭਾਗੀ, ਦੋਸ਼ੀਆਂ ਖ਼ਿਲਾਫ਼ ਤੁਰੰਤ ਹੋਵੇ ਸਖ਼ਤ ਕਾਰਵਾਈ : ਬੇਗਮਪੁਰਾ ਟਾਈਗਰ ਫੋਰਸ

## ਬਾਬਾ ਸਾਹਿਬ ਦੀਆਂ ਮੂਰਤੀਆਂ ਦੇ ਨੇੜੇ ਪੰਜਾਬ ਸਰਕਾਰ ਸੀ.ਸੀ.ਟੀ.ਵੀ. ਕੈਮਰਿਆਂ ਦੀ ਯੋਗ ਵਿਵਸਥਾ ਕਰਵਾਏ : ਠਰੋਲੀ, ਹੈਪੀ, ਬੰਟੀ, ਕਲੋਤਾ

**ਹੁਸ਼ਿਆਰਪੁਰ 16 ਜੁਲਾਈ (ਤਰਸੇਮ ਦੀਵਾਨਾ )** - ਲੁਧਿਆਣਾ-ਜਲੰਧਰ ਬਾਈਪਾਸ 'ਤੇ ਸਥਿਤ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਦੇ ਦੁਆਲੇ ਲੱਗੇ ਸ਼ੀਸ਼ੇ ਨੂੰ ਕੁਝ ਸ਼ਰਾਰਤੀ ਤੇ ਗਲਤ ਅਨਸਰਾਂ ਵੱਲੋਂ ਤੋੜੇ ਜਾਣ ਦੀ ਘਟਨਾ ਸਾਹ-ਮਣੇ ਆਈ ਹੈ। ਇਸ ਘਿਨਾਉਣੀ ਹਰਕਤ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਬੇਗਮਪੁਰਾ ਟਾਈਗਰ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਜਿਲ੍ਹਾ ਪ੍ਰਧਾਨ ਹੈਪੀ ਫ਼ਤਿਹਗੜ੍ਹ, ਬੰਟੀ ਹਰਿਆਣਾ ਪ੍ਰਧਾਨ ਹਲਕਾ ਸ਼ਾਮ ਚੁਰਾਸੀ, ਅਮਨਦੀਪ ਕੌਂਡਲਾ, ਰਾਮ ਮੂਰਤੀ ਕੈਂਥ, ਰਾਹੁਲ ਕਲੋਤਾ, ਰਾਹੁਲ ਬੱਧਣ ਨਾਰਾ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ । ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਦੇਸ਼ ਅੰਦਰ ਅੰਬੇਡਕਰਵਾਦੀ ਸੋਚ ਦੇ ਖ਼ਿਲਾਫ਼ ਚੱਲ ਰਹੀ ਇੱਕ ਡੂੰਘੀ ਸਾਜ਼ਿਸ਼ ਦਾ ਹਿੱਸਾ ਹਨ। ਉਨ੍ਹਾਂ ਕਿਹਾ ਕਿ ਇੱਕ ਪਾਸੇ ਮੌਜੂਦਾ ਸਰਕਾਰਾਂ ਦਫ਼ਤਰਾਂ ਵਿੱਚ ਬਾਬਾ ਸਾਹਿਬ ਦੀਆਂ ਤਸਵੀਰਾਂ ਲਗਾ ਕੇ ਵੱਡੇ-ਵੱਡੇ ਦਾਅਵੇ ਕਰਦੀਆਂ



ਹਨ, ਪਰ ਦੂਜੇ ਪਾਸੇ ਉਨ੍ਹਾਂ ਦੇ ਬੁੱਤਾਂ ਅਤੇ ਵਿਚਾਰਧਾਰਾ ਦੀ ਰੱਖਿਆ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਸਾਬਤ ਹੋ ਰਹੀਆਂ ਹਨ। ਉਨ੍ਹਾਂ ਸਵਾਲ ਉਠਾਇਆ ਕਿ ਜੇਕਰ ਸਰਕਾਰ ਬਾਬਾ ਸਾਹਿਬ ਦਾ ਦਿਲੋਂ ਸਤਿਕਾਰ ਕਰਦੀ ਹੈ, ਤਾਂ ਅਜਿਹੇ ਗਲਤ ਅਨਸਰਾਂ ਨੂੰ ਨੱਥ ਪਾਉਣ ਵਿੱਚ ਢਿੱਲ ਕਿਉਂ ਵਰਤੀ ਜਾ ਰਹੀ ਹੈ? ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਵਿੱਚ ਮਨੂੰਵਾਦੀ ਅਤੇ ਜਾਤੀਵਾਦੀ ਸੋਚ ਵਾਲੀਆਂ ਤਾਕਤਾਂ ਅੱਜ ਵੀ ਸੰਵਿਧਾਨ ਅਤੇ ਬਰਾਬਰਤਾ ਦੇ ਅਧਿਕਾਰਾਂ ਨੂੰ ਬਰਦਾਸ਼ਤ ਨਹੀਂ ਕਰ ਪਾ ਰਹੀਆਂ। ਬਾਬਾ ਸਾਹਿਬ ਨੇ ਸੰਵਿਧਾਨ ਰਾਹੀਂ ਹਰ ਵਰਗ ਨੂੰ ਬਰਾਬਰ ਦੇ ਹੱਕ ਦਿੱਤੇ ਹਨ, ਪਰ ਕੁਝ ਮਾਨਸਿਕਤਾ ਦੇ ਮਾਰੇ ਲੋਕ ਅੱਜ ਵੀ ਨਫ਼ਰਤ ਫੈਲਾਉਣ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ।

ਉਹਨਾਂ ਕਿਹਾ ਕਿ ਐਸਸੀ ਓਬੀਸੀ ਘੱਟ ਗਿਣਤੀ ਅਤੇ ਸਮੂਹ ਇਨਸਾਫ਼ ਪਸੰਦ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਾਰੇ ਆਪਸੀ ਮੱਤਭੇਦ ਭੁਲਾ ਕੇ ਇੱਕ ਤਾਕਤ ਬਣ ਕੇ ਇਕੱਠੇ ਹੋਣ, ਤਾਂ ਜੋ ਅਜਿਹੀਆਂ ਮਨੂੰਵਾਦੀ ਤਾਕਤਾਂ ਦੇ ਮਨਸੂਬਿਆਂ ਨੂੰ ਨਾਕਾਮ ਕੀਤਾ ਜਾ ਸਕੇ।

ਉਨ੍ਹਾਂ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਬਾਬਾ ਸਾਹਿਬ ਦੀਆਂ ਮੂਰਤੀਆਂ ਦੇ ਨੇੜੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਯੋਗ ਵਿਵਸਥਾ ਕੀਤੀ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਚਿਤਾਵਨੀ ਦਿੱਤੀ ਕਿ ਇਸ ਘਿਨਾਉਣੀ ਹਰਕਤ ਨੂੰ ਅੰਜਾਮ ਦੇਣ ਵਾਲੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਜੇਲ੍ਹ ਦੀਆਂ ਸਲਾਖਾਂ ਪਿੱਛੇ ਬੰਦ ਕੀਤਾ ਜਾਵੇ। ਜੇਕਰ ਪ੍ਰਸ਼ਾਸਨ ਨੇ ਜਲਦੀ ਕੋਈ ਸਖ਼ਤ ਕਾਰਵਾਈ ਨਾ ਕੀਤੀ, ਤਾਂ ਸਮੂਹ ਅੰਬੇਡਕਰਵਾਦੀ ਲੋਕਾ ਵੱਲੋਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

ਫੋਟੋ ਅਜਮੇਰ ਦੀਵਾਨਾ

# ਰਾਹੁਲ ਗਾਂਧੀ ਦੀ ਅਗਵਾਈ ਹੇਠ ਦੇਸ਼ ਭਰ ਵਿੱਚ ਕਾਂਗਰਸ ਮਜ਼ਬੂਤ 2027 ਦੀਆ ਚੌਣਾ ਵਿੱਚ ਫਿਰ ਬਣੇਗੀ ਕਾਂਗਰਸ ਦੀ ਸਰਕਾਰ : ਮਨੀ ਫਰਵਾਹਾ

## ਕੇਂਦਰ ਦੀਆਂ ਗਲਤ ਨੀਤੀਆਂ ਨੇ ਦੇਸ਼ ਦੀ ਆਰਥਿਕਤਾ ਦਾ ਲੱਕ ਤੋੜ ਦਿੱਤਾ ਹੈ

**ਹੁਸ਼ਿਆਰਪੁਰ, 16 ਜੁਲਾਈ (ਤਰਸੇਮ ਦੀਵਾਨਾ)** - ਉੱਘੇ ਕਾਂਗਰਸੀ ਆਗੂ ਮਨੀ ਫਰਵਾਹਾ ਨੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਕੇਂਦਰ ਦੀਆਂ ਗਲਤ ਨੀਤੀਆਂ ਨੇ ਦੇਸ਼ ਦੀ ਆਰਥਿਕਤਾ ਦਾ ਲੱਕ ਤੋੜ ਦਿੱਤਾ ਹੈ। ਅੱਜ ਦੇਸ਼ ਦੀ ਆਮ ਜਨਤਾ ਰਿਕਾਰਡ ਤੋੜ ਮਹਿੰਗਾਈ, ਬੇਰੁਜ਼ਗਾਰੀ ਅਤੇ ਭਾਰੀ ਆਰਥਿਕ ਮੰਦਹਾਲੀ ਦਾ ਸਾਹਮਣਾ ਕਰ ਰਹੀ ਹੈ। ਲੋਕ ਹੁਣ ਇਸ ਮੌਜੂਦਾ ਸਿਸਟਮ ਤੋਂ ਪੂਰੀ ਤਰ੍ਹਾਂ ਅੱਕ ਚੁੱਕੇ ਹਨ ਅਤੇ ਦੇਸ਼ ਦੇ ਨਾਲ-ਨਾਲ ਪੰਜਾਬ ਵਿੱਚ ਵੀ ਵੱਡਾ ਬਦਲਾਅ ਚਾਹੁੰਦੇ ਹਨ। ਭਾਜਪਾ ਅਤੇ ਆਮ ਆਦਮੀ ਪਾਰਟੀ ਦੀਆਂ ਲੋਕ-ਵਿਰੋਧੀ ਨੀਤੀਆਂ ਤੋਂ ਨਿਰਾਸ਼ ਹੋ ਕੇ ਜਨਤਾ ਹੁਣ ਕਾਂਗਰਸ ਨੂੰ ਇੱਕੋ-ਇੱਕ ਉਮੀਦ ਵਜੋਂ ਦੇਖ ਰਹੀ ਹੈ। ਮਨੀ ਫਰਵਾਹਾ ਨੇ ਕਿਹਾ ਕਿ ਸਾਲ 2014 ਤੋਂ ਸੱਤਾ ਸੰਭਾਲਣ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਲਗਾਤਾਰ 'ਕਾਂਗਰਸ ਮੁਕਤ ਭਾਰਤ' ਦਾ ਹੋਕਾ ਦਿੰਦੇ ਆ ਰਹੇ ਹਨ, ਪਰ ਦੇਸ਼ ਦੀ ਜਨਤਾ ਹੁਣ ਇਸ ਝੂਠੀ ਰਾਜਨੀਤੀ ਨੂੰ ਸਮਝ ਚੁੱਕੀ ਹੈ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ




ਨੇਤਾ ਰਾਹੁਲ ਗਾਂਧੀ ਅਤੇ ਗਾਂਧੀ ਪਰਿਵਾਰ ਦੇ ਅਕਸ ਨੂੰ ਖਰਾਬ ਕਰਨ ਲਈ ਸੋਸ਼ਲ ਮੀਡੀਆ ਸਮੇਤ ਵੱਖ-ਵੱਖ ਪ੍ਰਚਾਰ ਸਾਧਨਾਂ 'ਤੇ ਕਰੋੜਾਂ ਰੁਪਏ ਪਾਣੀ ਵਾਂਗ ਵਹਾਏ ਗਏ, ਪਰ ਇਸ ਦੇ ਬਾਵਜੂਦ ਰਾਹੁਲ ਗਾਂਧੀ ਦੀ ਲੋਕਪ੍ਰਿਯਤਾ ਦਿਨ-ਬ-ਦਿਨ ਵਧਦੀ ਗਈ। ਰਾਹੁਲ ਗਾਂਧੀ ਨੇ ਦੇਸ਼ ਦੇ ਗਰੀਬਾਂ, ਆਮ ਲੋਕਾਂ ਅਤੇ ਕਿਸਾਨਾਂ ਦੀ ਆਵਾਜ਼ ਨੂੰ ਸੜਕ ਤੋਂ ਲੈ ਕੇ ਸੰਸਦ ਤੱਕ ਬੁਲੰਦ ਕੀਤਾ ਹੈ। ਨਿਆਂ, ਸੰਵਿਧਾਨ ਅਤੇ ਲੋਕਤੰਤਰ ਦੀ ਰੱਖਿਆ ਲਈ ਕੀਤੇ ਗਏ ਉਨ੍ਹਾਂ ਦੇ ਸੰਘਰਸ਼ ਸਦਕਾ ਅੱਜ ਵਿਸ਼ਵ ਪੱਧਰ 'ਤੇ ਵੀ ਲੋਕ ਉਨ੍ਹਾਂ ਨੂੰ ਦੇਸ਼ ਦੀ ਸੱਚੀ ਆਵਾਜ਼ ਮੰਨਣ ਲੱਗੇ ਹਨ। ਪੰਜਾਬ ਕਾਂਗਰਸ ਦੇ ਸਮੂਹ ਆਗੂਆਂ ਅਤੇ ਵਰਕਰਾਂ ਨੂੰ ਸੁਨ-ੇਹਾ ਦਿੰਦਿਆਂ ਮਨੀ ਫਰਵਾਹਾ ਨੇ ਅਪੀਲ ਕੀਤੀ ਕਿ ਪਾਰਟੀ ਨੂੰ ਮਜ਼ਬੂਤ ਕਰਨ ਲਈ ਸਾਰੇ ਆਗੂ ਨਿੱਜੀ ਮਤਭੇਦਾਂ ਅਤੇ ਧੜੇਬੰਦੀ ਤੋਂ ਉੱਪਰ ਉੱਠ ਕੇ ਇੱਕ ਮੰਚ 'ਤੇ ਇਕੱਠੇ ਹੋਣ। ਉਨ੍ਹਾਂ ਕਿਹਾ, "ਸਾਨੂੰ ਵਿਰੋਧੀ ਪਾਰਟੀਆਂ—ਆਪ (ਅਅਫ) ਅਤੇ ਭਾਜਪਾ (ਭਝਫ) ਨੂੰ ਕਾਂਗਰਸ ਵਿਰੁੱਧ ਕੂੜ ਪ੍ਰਚਾਰ ਕਰਨ ਦਾ ਕੋਈ ਮੌਕਾ ਨਹੀਂ ਦੇਣਾ ਚਾਹੀਦਾ।" ਸਾਨੂੰ ਨਿੱਜੀ ਹਿੱਤਾਂ ਨੂੰ ਪਿੱਛੇ ਰੱਖ ਕੇ ਲੋਕ ਹਿੱਤਾਂ ਲਈ ਡਟਣਾ ਚਾਹੀਦਾ ਹੈ ਅਤੇ ਰਾਹੁਲ ਗਾਂਧੀ ਦੇ ਹੱਥ ਮਜ਼ਬੂਤ ਕਰਨੇ ਚਾਹੀਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਭਰ ਵਿੱਚ ਕਾਂਗਰਸ ਲਗਾਤਾਰ ਮਜ਼ਬੂਤੀ ਵੱਲ ਕਦਮ ਵਧਾ ਰਹੀ ਹੈ ਅਤੇ ਕੇਂਦਰ ਵਿੱਚ ਮੁੜ ਸੱਤਾ ਸੰਭਾਲਣ ਵੱਲ ਤੇਜ਼ੀ ਨਾਲ ਅੱਗੇ ਵਧ ਰਹੀ ਹੈ। ਵੱਖ-ਵੱਖ ਰਾਜਾਂ ਵਿੱਚ ਕਾਂਗਰਸ ਦੀਆਂ ਸਰਕਾਰਾਂ ਬਣਨ ਕਾਰਨ ਵਰਕਰਾਂ ਵਿੱਚ ਇੱਕ ਨਵਾਂ ਉਤਸ਼ਾਹ ਪੈਦਾ ਹੋਇਆ ਹੈ। ਸਾਲ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਕੋਲ ਲੋਕਾਂ ਦਾ ਵਿਸ਼ਵਾਸ ਜਿੱਤ ਕੇ ਸੂਬੇ ਵਿੱਚ ਮੁੜ ਸੱਤਾ ਹਾਸਲ ਕਰਨ ਦਾ ਬਹੁਤ ਸੁਨਹਿਰੀ ਮੌਕਾ ਹੈ। ਮਨੀ ਫਰਵਾਹਾ ਨੇ ਭਰੋਸਾ ਜਤਾਇਆ ਕਿ ਪਾਰਟੀ ਦੀ ਇਸੇ ਇੱਕਜੁੱਟਤਾ ਦੇ ਜ਼ੋਰ 'ਤੇ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣੇਗੀ ਅਤੇ ਸੂਬਾ ਮੁੜ ਵਿਕਾਸ ਤੇ ਖੁਸ਼ਹਾਲੀ ਦੀਆਂ ਲੀਹਾਂ 'ਤੇ ਪਰਤੇਗਾ।

# ਸੀਨੀਅਰ ਪੱਤਰਕਾਰ ਮਹੇਸ਼ ਸ਼ਰਮਾ ਦੇ ਅਚਾਨਕ ਦੇਹਾਂਤ 'ਤੇ ਪ੍ਰੈਸ ਕਲੱਬ ਰਾਏਕੋਟ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ

**ਰਾਏਕੋਟ, 16 ਜੁਲਾਈ ਗੁਰਭਿੰਦਰ ਗੁਰੀ**

ਟ੍ਰਿਬਿਊਨ ਗਰੁੱਪ ਦੇ ਸੀਨੀਅਰ ਪੱਤਰਕਾਰ ਮਹੇਸ਼ ਸ਼ਰਮਾ ਦੀ ਹੋਈ ਅਚਾਨਕ ਮੌਤ ਨੇ ਸਭ ਨੂੰ ਸੁੰਨ ਕਰਕੇ ਰੱਖ ਦਿੱਤਾ ਹੈ। ਜਿਉਂ ਹੀ ਉਹਨਾਂ ਦੇ ਦੇਹਾਂਤ ਦੀ ਦੁਖਦਾਈ ਖਬਰ ਪਤਾ ਲੱਗੀ ਤਾਂ ਉਹਨਾਂ ਦੇ ਸਾਥੀ ਪੱਤਰਕਾਰਾਂ ਸਮੇਤ ਸਭ ਸਨੇਹੀਆਂ ਨੂੰ ਭਾਰੀ ਸਦਮਾਂ ਲੱਗਿਆ।

ਮਹੇਸ਼ ਸਰਮਾ ਪ੍ਰੈਸ ਕਲੱਬ ਰਾਏਕੋਟ ਦੇ ਸੀਨੀਅਰ ਮੈਂਬਰ ਸਨ। ਉਨ੍ਹਾਂ ਦੀ ਪੱਤਰਕਾਰੀ ਹਮੇਸ਼ਾ ਹੀ ਸਚਾਈ, ਨਿਰਪੱਖਤਾ ਤੇ ਨਿਡਰਤਾ ਨਾਲ ਲਬਰੇਜ਼ ਰਹੀ ਹੈ, ਉਹਨਾਂ ਔਖੇ ਹਾਲਤਾਂ ਵਿੱਚ ਵੀ ਕਦੇ ਸੱਚ ਦਾ ਸਾਥ ਨਹੀਂ ਛੱਡਿਆ। ਮਹੇਸ਼ ਸ਼ਰਮਾ ਵਿਦਿਆਰਥੀ ਜੀਵਨ ਤੋਂ ਹੀ ਸਮਾਜਿਕ, ਸੱਭਿਆਚਾਰਕ ਅਤੇ ਵਿਗਿਆਨਕ ਵਿਸ਼ਿਆਂ 'ਤੇ ਨਿਰਪੱਖ, ਤੱਥਾਂ-ਆਧਾਰਿਤ ਅਤੇ ਸੰਵੇਦਨਸ਼ੀਲ ਲੇਖਣੀ ਲਈ ਜਾਣੇ ਜਾਂਦੇ ਸਨ। ਉਹ



ਇਮਾਨਦਾਰ, ਨਿਮਰ ਸੁਭਾਅ ਤੇ ਖੁੱਲ੍ਹੇ ਵਿਚਾਰਾਂ ਦੇ ਮਾਲਕ ਸਨ ਤੇ ਸਮਾਜ ਵਿੱਚ ਉਨ੍ਹਾਂ ਵਰਗੀ ਸ਼ਖ਼ਸੀਅਤ ਦੇ ਮਾਲਕ ਬਹੁਤ ਹੀ ਘੱਟ ਮਿਲਦੇ ਹਨ। ਸਾਬਕਾ ਸੰਸਦੀ ਸਕੱਤਰ ਬਿਕਰਮਜੀਤ ਸਿੰਘ ਖਾਲਸਾ ਨੇ ਸਮਾਜ ਪ੍ਰਤੀ ਉਨ੍ਹਾਂ ਦੇ ਯੋਗਦਾਨ ਨੂੰ ਸ਼ਰਧਾਂਜਲੀ ਭੇਂਟ ਕੀਤੀ। ਲੋਕ ਸਭਾ ਮੈਂਬਰ ਡਾ. ਅਮਰ ਸਿੰਘ ਨੇ ਕਿਹਾ ਕਿ ਮਹੇਸ਼ ਸ਼ਰਮਾ ਦੀ ਲੇਖਣੀ ਵਿੱਚ ਕਮਾਲ ਦਾ ਹੁਨਰ ਸੀ ਉਹ ਇਲਾਕੇ ਦੀ ਹਰ ਖ਼ਬਰ ਨੂੰ ਸੰਪੂਰਨਤਾ ਨਾਲ ਪ੍ਰਕਾਸ਼ਿਤ ਕਰਵਾਉਂਦੇ ਸਨ।

ਮਹੇਸ਼ ਸ਼ਰਮਾ ਨੇ ਰਾਏਕੋਟ, ਮੰਡੀ ਅਹਿਮਦਗੜ੍ਹ, ਮਾਲੇਰਕੋਟਲਾ, ਜਗਰਾਉਂ ਇਲਾਕੇ ਦੀਆਂ ਸਮੱਸਿਆਵਾਂ ਨੂੰ ਆਪਣੀ ਰਿਪੋਰਟਿੰਗ ਰਾਹੀਂ ਲੋਕਾਂ ਅਤੇ ਪ੍ਰਸ਼ਾਸਨ ਤੱਕ ਪਹੁੰਚਾਇਆ। ਉਹਨਾਂ ਦੇ ਜਾਣ ਨਾਲ ਪੱਤਰਕਾਰੀ ਖੇਤਰ ਨੂੰ ਵੱਡਾ ਘਾਟਾ ਪਿਆ ਹੈ। ਇਸ ਸਬੰਧੀ ਰਾਏਕੋਟ ਪ੍ਰੈਸ ਕਲੱਬ ਦੇ ਪ੍ਰਧਾਨ ਸੰਜੀਵ ਭੱਲਾ, ਇਕਬਾਲ ਸਿੰਘ.ਗੁਲਾਬ, ਗੁਰਭਿੰਦਰ ਸਿੰਘ ਗੁਰੀ , ਸੁਸ਼ੀਲ ਕੁਮਾਰ, ਰਘਬੀਰ ਸਿੰਘ ਜੱਗਾ, ਇਮਰਾਨ ਖਾਨ, ਅਮਿਤ ਪਾਸੀ, ਡਾ. ਪ੍ਰਵੀਨ ਅੱਗਰਵਾਲ, ਸੁਸ਼ੀਲ ਵਰਮਾ, ਆਤਮਾ ਸਿੰਘ ਲੋਹਟਬੱਦੀ, ਜਸਵੰਤ ਸਿੰਘ ਸਿੱਧੂ, ਨਾਮਪ੍ਰੀਤ ਗੋਗੀ, ਸ਼ਮਸ਼ੇਰ ਸਿੰਘ ਤੇ ਆਰ ਜੀ ਵਲੋਂ ਪਰਿਵਾਰ ਨਾਲ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕੀਤੀ ਹੈ।

# ਚੋਣ ਕਮਿਸ਼ਨ ਦੀਆਂ ਹਦਾਇਤਾਂ 'ਤੇ ਪਿੰਡ ਰੈਲਮਾਜਰਾ ਵਿਖੇ ਵੋਟਾਂ ਦੀ ਸੁਧਾਈ ਸਬੰਧੀ ਬੀ.ਐਲ.ਓ. ਅਤੇ ਬੀ.ਐਲ.ਏਜ਼ ਦੀ ਹੋਈ ਅਹਿਮ ਮੀਟਿੰਗ

**ਨਵਾਂਸ਼ਹਿਰ /ਕਾਠਗੜ੍ਹ, 16 ਜੁਲਾਈ (ਜਤਿੰਦਰਪਾਲ ਸਿੰਘ ਕਲੇਰ)**- ਮਾਣਯੋਗ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕਾਠਗੜ੍ਹ ਦੇ ਨੇੜਲੇ ਪਿੰਡ ਰੈਲਮਾਜਰਾ ਵਿਖੇ ਵੋਟਾਂ ਦੀ ਸੁਧਾਈ (ਐਸ.ਆਈ.ਆਰ.) ਸਬੰਧੀ ਬੂਥ ਨੰਬਰ 192 ਦੇ ਬੀ.ਐਲ.ਓ. (ਬੂਥ ਲੈਵਲ ਅਫ਼ਸਰ) ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਬੀ.ਐਲ.ਏਜ਼ (ਬੂਥ ਲੈਵਲ ਏਜੰਟਾਂ) ਵਿਚਕਾਰ ਇੱਕ ਅਹਿਮ ਮੀਟਿੰਗ ਸਫ਼ਲਤਾਪੂਰਵਕ ਸੰਪੰਨ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਬੂਥ ਨੰਬਰ 192 ਦੀ ਬੀ.ਐਲ.ਓ. ਸੀਮਾ ਵੱਲੋਂ ਕੀਤੀ ਗਈ, ਜਿਸ ਵਿੱਚ ਚੋਣ ਕਮਿਸ਼ਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਬਾਰੇ ਹਾਜ਼ਰ ਨੁਮਾਇੰਦਿਆਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਇਸ ਵਿਸ਼ੇਸ਼ ਮੀਟਿੰਗ ਵਿੱਚ ਲੋਕਤੰਤਰਿਕ ਪ੍ਰਕਿਰਿਆ ਨੂੰ ਮਜ਼ਬੂਤ ਕਰਨ ਅਤੇ ਵੋਟਰ ਸੂਚੀਆਂ ਨੂੰ ਦਰੁਸਤ ਕਰਨ ਦੇ ਮਕਸਦ ਨਾਲ ਸਮੂਹ ਰਾਜਨੀਤਿਕ ਪਾਰਟੀਆਂ ਦੇ ਅਹੁਦੇਦਾਰਾਂ ਨੇ ਹਿੱਸਾ ਲਿਆ। ਮੀਟਿੰਗ ਵਿੱਚ ਪਿੰਡ ਰੈਲਮਾਜਰਾ ਦੇ ਮੌਜੂਦਾ ਸਰਪੰਚ ਅਤੇ ਆਮ ਆਦਮੀ ਪਾਰਟੀ ਦੇ ਆਗੂ



ਸਰਪੰਚ ਸਿਕੰਦਰ ਸਿੰਘ ਲਾਂਦੀ, ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਆਗੂ ਸ਼ਮਸ਼ੇਰ ਸਿੰਘ ਸ਼ੇਰਾ , ਕਾਂਗਰਸ ਪਾਰਟੀ ਦੇ ਨੁਮਾਇੰਦੇ ਰਾਜਕੁਮਾਰ, ਭਾਰਤੀ ਜਨਤਾ ਪਾਰਟੀ (ਬੀਜੇਪੀ) ਦੇ ਸੰਦੀਪ ਕੁਮਾਰ ਰਾਣਾ ਅਤੇ ਬਹੁਜਨ ਸਮਾਜ ਪਾਰਟੀ (ਬੀਐਸਪੀ) ਦੇ ਜਸਕਰਨ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਦੌਰਾਨ ਸਾਰੇ ਆਗੂਆਂ ਨੇ ਆਪਸੀ ਤਾਲਮੇਲ ਨਾਲ ਵੋਟਰ ਸੂਚੀ ਨੂੰ ਪਾਰਦਰਸ਼ੀ ਅਤੇ ਤਰੁਟੀ-ਮੁਕਤ ਬਣਾਉਣ ਲਈ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਦੇ ਸਬੰਧ ਵਿੱਚ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਚੋਣ ਕਮਿਸ਼ਨ ਦੀ ਇਸ ਮੁਹਿਮ ਤਹਿਤ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਨਵੇਂ ਯੋਗ ਨੌਜਵਾਨਾਂ ਦੀਆਂ ਵੋਟਾਂ ਬਣਾਉਣ, ਪਿੰਡ ਛੱਡ ਚੁੱਕੇ ਜਾਂ ਸਵਰਗਵਾਸ ਹੋ ਚੁੱਕੇ ਵੋਟਰਾਂ ਦੇ ਨਾਮ ਨਿਯਮਾਂ ਅਨੁਸਾਰ ਸੂਚੀ ਵਿੱਚੋਂ ਕੱਟਣ ਅਤੇ ਵੋਟਰ ਕਾਰਡਾਂ ਵਿੱਚ ਮੌਜੂਦ ਕਿਸੇ ਵੀ ਤਰ੍ਹਾਂ ਦੀਆਂ ਗਲਤੀਆਂ ਨੂੰ ਸੁਧਾਰਨ ਸਬੰਧੀ ਰਣਨੀਤੀ ਉੱਤੇ ਚਰਚਾ ਕੀਤੀ ਗਈ। ਬੀ.ਐਲ.ਓ. ਸੀਮਾ ਨੇ ਸਮੂਹ ਪਾਰਟੀ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਪਿੰਡ ਦੇ ਘਰ-ਘਰ ਤੱਕ ਪਹੁੰਚ ਕਰਕੇ ਕੋਈ ਵੀ ਯੋਗ ਵੋਟਰ ਵਾਂਝਾ ਨਾ ਰਹਿਣ ਦੇਣ ਵਿੱਚ ਪ੍ਰਸ਼ਾਸਨ ਦਾ ਸਹਿਯੋਗ ਕਰਨ। ਇਸ ਮੌਕੇ ਹਾਜ਼ਰ ਸਮੂਹ ਪਾਰਟੀਆਂ ਦੇ ਆਗੂਆਂ ਨੇ ਭਰੋਸਾ ਦਿਵਾਇਆ ਕਿ ਉਹ ਵੋਟਰ ਸੂਚੀ ਦੀ ਸੁਧਾਈ ਦੇ ਇਸ ਅਹਿਮ ਕਾਰਜ ਵਿੱਚ ਚੋਣ ਕਮਿਸ਼ਨ ਦੀਆਂ ਹਦਾਇਤਾਂ ਦਾ ਪੂਰਨ ਪਾਲਣ ਕਰਦੇ ਹੋਏ ਆਪਣੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਉਣਗੇ।

# ਮਨਰੇਗਾ ਮੁਲਾਜ਼ਮਾਂ ਅਤੇ ਮਜ਼ਦੂਰਾਂ ਤੇ ਪੰਜਾਬ ਪੁਲਿਸ ਵੱਲੋਂ ਅੰਨ੍ਹੇਵਾਹ ਤਸ਼ੱਦਦ ਕਰਨ ਦੀ ਸਖਤ ਨਿਖੇਧੀ

**ਫ਼ਰੀਦਕੋਟ ( ਸ਼ਿਵਨਾਥ )** ਪਿਛਲੇ ਅੱਠ ਮਹੀਨਿਆਂ ਤੋਂ ਆਪਣੀਆਂ ਰੁਕੀਆਂ ਤਨਖਾਹਾਂ ਜਾਰੀ ਕਰਵਾਉਣ, ਆਪਣੀਆਂ ਸੇਵਾਵਾਂ ਰੈਗੂਲਰ ਕਰਵਾਉਣ ਅਤੇ ਕੁੱਝ ਹੋਰ ਹੱਕੀ ਅਤੇ ਜਾਇਜ਼ ਮੰਗਾਂ ਨੂੰ ਲੈਕੇ ਮਨਰੇਗਾ ਦੀ ਮੁਲ-ਾਜ਼ਮ ਯੂਨੀਅਨ ਪੰਜਾਬ ਵੱਲੋਂ ਪੰਜਾਬ ਦੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਖੰਨਾ ਸ਼ਹਿਰ ਵਿਖੇ ਕੋਠੀ ਸਾਹਮਣੇ ਰੋਸ ਪ੍ਰਦਰਸ਼ਨ ਕਰਨ ਦਾ ਐਕਸ਼ਨ ਪ੍ਰੋਗਰਾਮ ਉਲੀਕਿਆ ਗਿਆ ਸੀ। ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਸ਼ਹਿ ਤੇ ਮਨਰੇਗਾ ਮੁਲਾਜ਼ਮਾਂ ਅਤੇ ਉਹਨਾਂ ਦੀਆਂ ਮੰਗਾਂ ਦੀ ਹਮਾਇਤ ਵਿੱਚ ਆਏ ਨਰੇਗਾ ਮਜ਼ਦੂਰਾਂ ਉੱਪਰ ਪੰਜਾਬ ਪੁਲਿਸ ਵੱਲੋਂ ਪਾਣੀ ਦੀਆਂ ਬੁਛਾੜਾਂ ਮਾਰਨ, ਅੱਥਰੂ ਗੈਸ ਦੇ ਗੋਲੇ ਸੁੱਟਣ, ਅੰਨੇਵਾਹ ਪੁਲਿਸ ਤਸ਼ੱਦਦ ਕਰਦੇ ਹੋਏ ਲੱਤਾਂ ਤੋੜਣ ਅਤੇ ਕਈਆਂ ਨੂੰ ਗੰਭੀਰ ਜ਼ਖਮੀ ਕਰਨ ਦੀ ਬਹੁਤ ਮੰਦਭਾਗੀ ਘਟਨਾ ਬੀਤੇ ਕੱਲ੍ਹ ਵਾਪਰੀ ਹੈ।

ਇਸ ਘਟਨਾ ਦੀ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਵੀਰ ਸਿੰਘ ਕੰਮੇਆਣਾ ਅਤੇ ਸਲਾਹਕ-ਾਰ ਬਲਕਾਰ ਸਿੰਘ ਸਹੋਤਾ , ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਸੁਖਜਿੰਦਰ ਸਿੰਘ ਤੂੰਬੜਭੰਨ, ਪੈਨਸ਼ਨਰ



ਆਗੂ ਪ੍ਰੇਮ ਚਾਵਲਾ, ਗੁਰਚਰਨ ਸਿੰਘ ਮਾਨ, ਹਰਪਾਲ ਸਿੰਘ ਮਚਾਕੀ, ਇੰਦਰਜੀਤ ਸਿੰਘ ਗਿੱਲ, ਖੇਤ ਮਜ਼ਦੂਰਾਂ ਦੇ ਆਗੂ ਕਾਮਰੇਡ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹੋਏ ਦੋਸ਼ ਲਾਇਆ ਕਿ ਅਜਿਹਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸ਼ਹਿ ਤੇ ਵਾਪਰ ਰਿਹਾ ਹੈ । ਪੰਜਾਬ ਸਰਕਾਰ ਨੇ ਹੱਕ ਮੰਗਦੇ ਲੋਕਾਂ ਦੇ ਮਸਲੇ ਹੱਲ ਕਰਨ ਦੀ ਬਜਾਏ ਪੁਰਅਮਨ ਸੰਘਰਸ਼ਾਂ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣ ਦਾ ਲੋਕ ਵਿਰੋਧੀ ਰਾਹ ਚੁਣਿਆ ਹੋਇਆ ਹੈ ਅਤੇ ਇਹ ਰਾਹ ਸਿੱਧਾ ਹੀ ਆਮ ਆਦਮੀ ਪਾਰਟੀ ਦੇ ਪਤਨ ਵੱਲ ਨੂੰ ਜਾਂਦਾ ਹੈ। ਆਗੂਆਂ ਨੇ ਮੁੱਖ ਮੰਤਰੀ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਹੈਂਕੜ ਭਰੇ ਵਤੀਰੇ ਦਾ ਰਾਹ ਤੁਰੰਤ ਤਿਆਗ ਕਰਕੇ ਸਮੂਹ ਸੰਘਰਸ਼ਸ਼ੀਲ ਲੋਕਾਂ ਦੇ ਮਸਲੇ ਪਹਿਲ ਦੇ ਆਧਾਰ ਤੇ ਹੱਲ ਕੀਤੇ ਜਾਣ। ਆਗੂਆਂ ਨੇ ਚਿਤਾਵਨੀ ਦਿੰਦਿਆਂ, ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਪੰਜਾਬ ਵਿਧਾਨ ਸਭਾ ਚੋਣਾਂ ਕੋਈ ਬਹੁਤੀਆਂ ਦੂਰ ਨਹੀਂ ਹਨ। ਹੁਕਮਰਾਨ ਸਰਕਾਰਾਂ ਤੋਂ ਅੱਕੇ ਹੋਏ ਲੋਕ ਸਾਰਾ ਹਿਸਾਬ ਕਿਤਾਬ ਕਰਨਾ ਜਾਣਦੇ ਹਨ। ਹੋਰਨਾਂ ਤੋਂ ਇਲਾਵਾ ਸੁਖਮੰਦਰ ਸਿੰਘ ਮੇਟ ਢੁੱਡੀ, ਮੇਟ ਲਵਪ੍ਰੀਤ ਕੋਰ ਪਿਪਲੀ, ਕੁਲਦੀਪ ਕੌਰ ਮੇਟ ਕੋਟਸੁਖੀਆ, ਗੁਰਪ੍ਰੀਤ ਕੌਰ ਮੇਟ ਕੋਟਸੁਖੀਆ, ਮੇਟ ਕਰਮਜੀਤ ਕੌਰ ਗੋਲੇਵਾਲਾ, ਅੰਜੂ ਕੋਰ ਮੇਟ ਰਾਜੋਵਾਲਾ , ਵੀਰਪਾਲ ਕੌਰ ਮੇਟ ਕਿਲਾਂ ਨੌਂ , ਸੁਖਮੰਦਰ ਸਿੰਘ ਕਿਲਾਂ ਨੌਂ , ਸੁਨੀਤਾ ਰਾਣੀ ਮੇਟ ਮਿੱਡੂ ਮਾਨ , ਸਿਮਰਨ ਕੋਰ ਮੇਟ ਰੁਪਇਆ ਵਾਲਾ ਹਾਜ਼ਰ ਸਨ ।

# ਰੋਟਰੀ ਕਲੱਬ ਦੇ ਡਿਸਟ੍ਰਿਕਟ ਗਵਰਨਰ ਅਨਿਲ ਸਿੰਘਲ ਨੇ ਢਾਹਾਂ ਕਲੇਰਾਂ ਵਿਖੇ ਵਣ ਮਹਾਂਉਤਸਵ ਨੂੰ ਸਮਰਪਿਤ ਪੌਦੇ ਲਗਾ ਕੇ ਵਾਤਾਵਰਣ ਸੰਭਾਲ ਦਾ ਸੰਦੇਸ਼ ਦਿੱਤਾ

**ਨਵਾਂਸ਼ਹਿਰ /ਬੰਗਾ 16 ਜੁਲਾਈ (ਜਤਿੰਦਰ ਪਾਲ ਸਿੰਘ ਕਲੇਰ )** ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ਦੇ ਪ੍ਰਬੰਧ ਹੇਠਾਂ ਚੱਲ ਰਹੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਰੋਟਰੀ ਡਿਸਟ੍ਰਿਕਟ 3070 ਦੇ ਗਵਰਨਰ ਅਨਿਲ ਸਿੰਘਲ ਅਤੇ ਉਹਨਾਂ ਧਰਮਪਤਨੀ ਸੋਨੀਆ ਸਿੰਘਲ ਦੇ ਢਾਹਾਂ ਕਲੇਰਾਂ ਵਿਖੇ ਪੁੱਜਣ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਅਤੇ ਸਨਮਾਨ ਕੀਤਾ ਗਿਆ ਅਤੇ ਇਸ ਮੌਕੇ ਵਣ ਮਹਾਂਉਤਸਵ ਨੂੰ ਸਮਰਪਿਤ ਪੌਦੇ ਲਗਾ ਕੇ ਵਾਤਾਵਰਨ ਦੀ ਸੰਭਾਲ ਅਤੇ ਹਰਿਆਲੀ ਵਧਾਉਣ ਦਾ ਸੰਦੇਸ਼ ਦਿੱਤਾ ਗਿਆ । ਇਸ ਮੌਕੇ ਡਿਸਟ੍ਰਿਕਟ ਗਵਰਨਰ ਨੇ ਟਰੱਸਟ ਵੱਲੋਂ ਕੁਲਵਿੰਦਰ ਸਿੰਘ ਢਾਹਾਂ ਦੀ ਅਗਵਾਈ ਵਿਚ ਢਾਹਾਂ ਕਲੇਰਾਂ ਵਿਖੇ ਚੱਲ ਰਹੀਆਂ ਮੈਡੀਕਲ ਅਤੇ ਵਿਦਿਅਕ ਸੰਸਥਾਵਾਂ ਵੱਲੋਂ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਿਹਤ, ਸਿੱਖਿਆ ਅਤੇ ਵਾਤਾਵਰਨ ਦੀ ਸੰਭਾਲ ਲਈ ਕੀਤੇ ਜਾ ਰਹੇ ਇਹ ਯਤਨ ਸਮਾਜ ਨੂੰ ਉੱਚਾ ਚੁੱਕਣ ਲਈ ਬਹੁਤ ਮਹੱਤਵਪੂਰਨ ਹਨ । ਉਨ੍ਹਾਂ ਨੇ ਸੰਸਥਾ ਦੇ ਸਮੂਹ ਪ੍ਰਬੰਧਕਾਂ ਅਤੇ ਸਟਾਫ਼ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਲੋਕ ਸੇਵਾ ਲਈ ਕੰਮ ਕਰਦੇ ਰਹਿਣ ਦੀ ਕਾਮਨਾ ਕੀਤੀ।

ਟਰੱਸਟ ਦੇ ਪ੍ਰਧਾਨ ਕੁਲਵਿੰਦਰ



ਸਿੰਘ ਢਾਹਾਂ ਨੇ ਮਹਿਮਾਨਾਂ ਦਾ ਨਿੱਘਾ ਸਵਾਗਤ ਕਰਦਿਆਂ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਵੱਲੋਂ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕੀਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ । ਉਨ੍ਹਾਂ ਨੇ ਗੁਰੂ ਨਾਨਕ ਮਿਸ਼ਨ ਹਸਪਤਾਲ, ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਅਤੇ ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਦੀਆਂ ਉਪਲਬਧੀਆਂ ਅਤੇ ਲੋਕ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਤੋਂ ਵੀ ਜਾਣੂੰ ਕਰਵਾਇਆ । ਇਸ ਦੇ ਨਾਲ ਹੀ ਟਰੱਸਟ ਦੀਆਂ ਗਤੀਵਿਧੀਆਂ ਉੱਤੇ ਆਧਾਰਿਤ ਇੱਕ ਡਾਕੂਮੈਂਟਰੀ ਫਿਲਮ ਵੀ ਵਿਖਾਈ ਗਈ, ਜਿਸ ਦੀ ਹਾਜ਼ਰ ਮਹਿਮਾਨਾਂ ਨੇ ਭਰਪੂਰ ਸਰਾਹਨਾ ਕੀਤੀ । ਰੋਟਰੀ ਕਲੱਬ ਬੰਗਾ ਦੇ ਨਵ ਨਿਯੁਕਤ ਪ੍ਰਧਾਨ ਸ਼ਰਨਜੀਤ ਸਿੰਘ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਗੁਰੂ ਨਾਨਕ ਮਿਸ਼ਨ ਟਰੱਸਟ ਵੱਲੋਂ ਸਿਹਤ, ਸਿੱਖਿਆ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾ-ਲੇ ਬੇਹੱਦ ਸ਼ਲਾਘਾਯੋਗ ਹਨ । ਉਨ੍ਹਾਂ ਨੇ ਕਿਹਾ ਕਿ ਅਜਿਹੀਆਂ ਸੰਸਥਾਵਾਂ ਸਮਾਜ ਲਈ ਪ੍ਰੇਰਣਾ ਸਰੋਤ ਹਨ ਅਤੇ ਮਨੁੱਖਤਾ ਦੀ ਸੇਵਾ ਦਾ ਵੱਡਾ ਉਦ-ਾਹਰਨ ਹਨ । ਇਸ ਮੌਕੇ ਨਰੇਸ਼ ਅਨੰਦ ਜ਼ਿਲ੍ਹਾ ਸੈਕਟਰੀ ਜੀ ਓ ਵੀ, ਰਾਜ ਬਾਜੜ ਸਾਬਕਾ ਪ੍ਰਧਾਨ, ਸੁਰਿੰਦਰਪਾਲ ਖੇਪੜ ਸਾਬਕਾ ਪ੍ਰਧਾਨ, ਪ੍ਰਵੀਨ ਕੁਮਾਰ ਸਾਬਕਾ ਪ੍ਰਧਾਨ, ਇਕਬਾਲ ਸਿੰਘ ਬਾਜਵਾ, ਐਡਵੋਕੇਟ ਅਨਿਲ ਕਟਾਰੀਆ, ਐਮ.ਸੀ. ਜਸਵਿੰਦਰ ਸਿੰਘ ਮਾਨ, ਇੰਦਰਜੀਤ ਸਿੰਘ, ਕਮਲਜੀਤ ਸਿੰਘ ਕੁਲਥਮ, ਭੁਪਿੰਦਰ ਸਿੰਘ, ਰਣਜੀਤ ਸਿੰਘ ਮਾਨ, ਡਾ. ਗੁਰਤੇਜ ਸਿੰਘ, ਜੋਤੀ ਭਾਟੀਆ, ਜੋਗਾ ਰਾਮ, ਅਕਾਸ਼ ਕੁਮਾਰ, ਮਾਲੀ ਓਮ ਪ੍ਰਕਾਸ਼ , ਪ੍ਰੇਮ ਕੁਮਾਰ ਵੀ ਹਾਜ਼ਰ ਸਨ।

# ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਚੱਕ ਸਾਹਬੂ ਦੀਆਂ ਸੰਗਤਾਂ ਨੇ ਜਲੇਬੀਆਂ ਦਾ ਲੰਗਰ ਲਗਾਇਆ



**ਫਿਲੌਰ/ਅੱਪਰਾ, 16 ਜੁਲਾਈ (ਦੀਪਾ)**-ਧੰਨ ਧੰਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਚੱਕ ਸਾਹਬੂ ਦੀਆਂ ਸਮੂਹ ਸੰਗਤਾਂ ਵਲੋਂ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਜਲੇਬੀਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਉਪਰੰਤ ਸਾਰੇ ਸੇਵਕਾਂ ਨੇ ਸੰਗਤਾਂ ਨੂੰ ਲੰਗਰ ਛਕਾਇਆ। ਇਸ ਮੌਕੇ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਪ੍ਰਬੰਧਕਾਂ ਵਲੋਂ ਚੱਕ ਸਾਹਬੂ ਦੀਆਂ ਸਮੂਹ ਸੰਗਤਾਂ ਨੂੰ ਸਿਰੋਪਾਓ ਪਹਿਨਾ ਕੇ ਸਨਮਾਨਿਤ ਵੀ ਕੀਤਾ ਗਿਆ । ਇਸ ਮੌਕੇ ਵਿੱਕੀ ਸੰਧੂ, ਤੀਰਥ ਸਿੰਘ ਮੈਂਗੜ੍ਹਾ, ਚਰਨਜੀਤ ਲਾਲ, ਕਸ਼ਮੀਰ ਲਾਲ, ਕਾਲਾ, ਦਿਨੇਸ਼ ਮੈਂਗੜ੍ਹਾ, ਅੰਮ੍ਰਿਤ ਪਾਲ ਸੰਧੂ, ਬਲਵੀਰ ਚੰਦ, ਅਕਾਸ਼ ਮੈਂਗੜ੍ਹਾ, ਰੋਹਨੀ ਮੈਂਗੜ੍ਹਾ, ਸੁਖਵਿੰਦਰ ਕੌਰ, ਗੁਰਬਖ਼ਸ਼ ਰਾਣੀ, ਸੁਭਮਪ੍ਰੀਤ ਸਿੰਘ, ਨਵਨੀਤ ਕੌਰ, ਕਮਲ ਕੁਮਾਰ ਸੰਧੂ,ਹਰਮਨਜੋਤ ਸਿੰਘ, ਇਸ਼ਾਨ ਸਿੰਘ, ਪਰਮਜੀਤ ਕੌਰ, ਕਮਲਜੀਤ ਕੌਰ ਤੇ ਹੋਰ ਸੰਗਤਾਂ ਹਾਜ਼ਰ ਸਨ।

# ਨਵੀਂ ਪੀੜ੍ਹੀ ਦੇ ਭਵਿੱਖ ਲਈ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਮੁੱਖ ਮੰਤਰੀ ਬਣਾਉਣਾ ਮੁੱਖ ਲੋੜ , ਭਾਈ ਅਵਤਾਰ ਸਿੰਘ ਰਾਏਸਰ

## ਪੰਜਾਬ ਵਿੱਚ ਭਾਈ ਦੀਪ ਸਿੱਧੂ ਵੱਲੋਂ ਚਲਾਈ ਲਹਿਰ , ਵਾਰਿਸ ਪੰਜਾਬ ਦੇ ਅਗਲੀ ਸਰਕਾਰ ਬਣਾਉਣ ਲਈ ਤਿਆਰ ਗੁਰਮੀਤ ਸਿੰਘ ਮਾਹਮਦਪੁਰ







**ਮਹਿਲ ਕਲਾਂ ( ਗੁਰਭਿੰਦਰ ਸਿੰਘ ਗੁਰੀ)**ਪੰਜਾਬ ਦੇ ਜੁਝਾਰੂ ਲਹਿਰ ਦੇ ਕੇਂਦਰ ਵਜੋਂ ਜਾਣੇ ਜਾਂਦੇ ਵਿਧਾਨ ਸਭਾ ਹਲਕੇ ਮਹਿਲ ਕਲਾਂ ਦੇ ਇਤਿਹਾਸਕ ਪਿੰਡ ਕੁਤਬਾ ਦੇ ਅੰਦਰਲੇ ਗੁਰੂ ਘਰ ਸਾਹਮਣੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਵੱਲੋਂ ਸ੍ਰ ਗੁਰਮੀਤ ਸਿੰਘ ਮਾਹਮਦਪੁਰ, ਭਾਈ ਅਵਤਾਰ ਸਿੰਘ ਰਾਏਸਰ ਅਤੇ ਰਣਜੀਤ ਸਿੰਘ ਚੰਨਣਵਾਲ ਦੀ ਅਗਵਾਈ ਹੇਠ ਹੋਈ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਭਾਈ ਅਵਤਾਰ ਸਿੰਘ ਰਾਏਸਰ ਨੇ ਕਿਹਾ ਕਿ ਅੱਜ ਕੌਮ ਦੀ ਖੁਸ਼ਕਿਸਮਤੀ ਹੈ ਕਿ ਜਿਸਨੂੰ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੀ ਅੱਖ ਵਿਚ ਅੱਖ ਪਾਕੇ ਗੱਲ ਕਰਨ ਵਾਲੇ,ਕੌਮ ਦੇ ਸਵੈਮਾਣ ਦੀ ਰਾਖੀ ਲਈ ਨਿਧੜਕ ਤੇ ਬੇਬਾਕ ਆਗੂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਮਿਲਿਆ ਹੈ। ਸਾਨੂੰ ਆਪਣੇ ਬੱਚਿਆਂ ਦੇ ਉੱਜਲ ਭਵਿੱਖ ਲਈ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਮੁੱਖ ਮੰਤਰੀ ਬਣਾਉਣ ਲਈ ਇੱਕਜੁੱਟ ਹੋਕੇ ਕੰਮ ਕਰਨ ਦਾ ਵੇਲਾ ਆ ਗਿਆ ਹੈ। ਇਸ ਲਈ ਜੇਕਰ ਅਸੀਂ ਕੁਤਾਹੀ ਵਰਤ ਗਏ ਤਾਂ ਇਤਿਹਾਸ ਸਾਨੂੰ ਮਾਫ ਨਹੀਂ ਕਰੇਗਾ। ਪਾਰਟੀ ਦੇ ਸੀਨੀਅਰ ਆਗੂ ਸ੍ਰ ਗੁਰਮੀਤ ਸਿੰਘ ਮਾਹਮਦਪੁਰ ਨੇ ਕਿਹਾ ਕਿ ਭਾਈ ਦੀਪ ਸਿੱਧੂ ਵੱਲੋਂ ਚਲਾਈ ਗਈ ਵਾਰਿਸ ਪੰਜਾਬ ਦੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਪੰਜਾਬ ਵਿੱਚ ਲਿਆਉਣ ਅਤੇ ਮੁੱਖ ਮੰਤਰੀ ਬਣਾਉਣ ਲਈ ਅੱਜ ਤੋਂ ਹੀ ਤਿਆਰੀਆਂ ਸ਼ੁਰੂ ਕਰਨੀਆਂ ਚਾਹੀਦੀਆਂ ਹਨ। ਉਹਨਾਂ ਕਿਹਾ ਕਿ ਕੁਤਬਾ ਪਿੰਡ ਇਤਿਹਾਸਕ ਪਿੰਡ ਵਜੋਂ ਮਾਣ ਹਾਸਲ ਕਰ ਚੁੱਕਿਆ।ਇਸ ਲਈ ਅਗਲੀ ਲੜਾਈ ਦੀ ਸ਼ੁਰੂਆਤ ਵੀ ਇੱਥੋ ਕੀਤੀ ਜਾਵੇਗੀ। ਉਹਨਾਂ ਪਿੰਡ ਦੇ ਸਾਰੇ ਹੀ ਗੁਰਸਿੱਖ ਬੱਚਿਆਂ ਨੂੰ ਦੇਖ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਅਗਲੇ ਦਿਨਾਂ ਵਿੱਚ ਵੱਡੀ ਪੱਧਰ ਤੇ ਵਿਸ਼ਾਲ ਮੀਟਿੰਗ ਕਰਕੇ ਪੂਰੇ ਪਿੰਡ ਨਿਵਾਸੀਆਂ ਨੂੰ ਵਾਰਿਸ ਪੰਜਾਬ ਦੇ ਪਾਰਟੀ ਨਾਲ ਜੋੜਿਆ ਜਾਵੇਗਾ। ਗਿਆਨੀ ਰਣਜੀਤ ਸਿੰਘ ਚੰਨਣਵਾਲ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਦੇ ਹੱਕ ਵਿੱਚ ਲਹਿਰ ਦੇਖਣ ਨੂੰ ਮਿਲੇਗੀ। ਇਸ ਲਈ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕਰਕੇ ਪਾਰਟੀ ਮੈਂਬਰ ਬਣਾਇਆ ਜਾਵੇਗਾ। ਨੌਜਵਾਨ ਆਗੂ ਸ੍ਰ ਗੁਰਪ੍ਰੀਤ ਸਿੰਘ ਕਾਲਾਬੂਲਾ ਨੇ ਕਿਹਾ ਪਾਰਟੀ ਮਹਾਰਾਜਾ ਰਣਜੀਤ ਸਿੰਘ ਵਰਗਾ ਰਾਜ ਦੇਣ ਲਈ ਵਚਨਬੱਧ ਹੈ। ਜਿਸ ਵਿਚ 40 ਸਾਲ ਵਿੱਚ ਇੱਕ ਵੀ ਵਿਅਕਤੀ ਨੂੰ ਫਾਂਸੀ ਨਹੀਂ ਦਿੱਤੀ ਗਈ। ਉਹਨਾਂ ਕਿਹਾ ਕਿ ਰਿਪੋਰਟਾਂ ਅਨੁਸਾਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ ਹੇਠ ਪੰਜਾਬ ਵਿੱਚ ਸਰਕਾਰ ਬਣਨ ਜਾ ਰਹੀ ਹੈ ਜਿਸ ਰਾਜ ਦੇ ਇੱਕ ਰੁਪਏ ਦੇ ਇੰਗਲੈਂਡ ਵਿਚ 13 ਰੁਪਏ ਬਣਦੇ ਸਨ। ਸਾਡੇ ਲੀਡਰਾਂ ਨੇ ਦੇਸ਼ ਨੂੰ ਲੁੱਟ ਕੇ ਕੰਗਾਲ ਕਰ ਦਿੱਤਾ ਹੈ। ਕਰਜ਼ੇ ਚੁੱਕ ਕੇ ਸਰਕਾਰਾਂ ਚਲਾਈਆਂ ਜਾਂਦੀਆਂ ਹਨ। ਇਸ ਸਮੇਂ ਛਾਪਾ ਪਿੰਡ ਦੇ ਇਕਾਈ ਪ੍ਰਧਾਨ ਸ੍ਰ ਬਲਵਿੰਦਰ ਸਿੰਘ,ਮੇਜਰ ਸਿੰਘ ਮਹਿਲ ਖੁਰਦ, ਰਾਜਪ੍ਰੀਤ ਸਿੰਘ ਚੰਨਣਵਾਲ, ਗੁਰਭਿੰਦਰ ਸਿੰਘ ਗੁਰੀ ,ਪਾਰਸਾ ਸ਼ਾਰਦਾ ਤੋਂ ਇਲਾਵਾ ਵੱਡੀ ਗਿਣਤੀ ਪਿੰਡ ਨਿਵਾਸੀ ਹਾਜ਼ਰ ਸਨ।

# ਭਾਰਤ-ਅਮਰੀਕਾ ਵਪਾਰਕ ਸਮਝੌਤੇ ਵਿੱਚੋਂ ਖੇਤੀ ਤੇ ਡੇਅਰੀ ਉਤਪਾਦਾਂ ਨੂੰ ਬਾਹਰ ਰੱਖਿਆ ਜਾਵੇ : ਸੇਠੀ ਸਰਪੰਚ ਥੋਪੀਆ

**ਬਲਾਚੌਰ 16 ਜੁਲਾਈ (ਜਤਿੰਦਰ ਪਾਲ ਸਿੰਘ ਕਲੇਰ )** ਕਿਸਾਨੀ ਅਤੇ ਜਵਾਨੀ ਨੂੰ ਬਚਾਉਣ ਲਈ ਯਤਨਸ਼ੀਲ ਅਤੇ ਪੰਜਾਬ ਦੇ ਕਿਸਾਨਾਂ ਨਾਲ ਹਰੇਕ ਮੋਰਚੇ 'ਤੇ ਡੱਟਕੇ ਖਲੋਣ ਵਾਲੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ )ਦੇ ਸੀਨੀਅਰ ਆਗੂ ਸੇਠੀ ਸਰਪੰਚ ਥੋਪੀਆ ਨੇ ਭਾਰਤ ਅਤੇ ਅਮਰੀਕਾ ਦਰਮਿਆਨ ਪ੍ਰਸਤਾਵਿਤ ਵਪਾਰਕ ਸਮਝੌਤੇ ਵਿੱਚ ਖੇਤੀਬਾੜੀ ਅਤੇ ਡੇਅਰੀ ਉਤਪਾਦਾਂ ਨੂੰ ਸ਼ਾਮਲ ਕਰਨ ਦੇ ਮੁੱਦੇ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਹੈ ਕਿ ਜੇਕਰ ਇਸ ਸਮਝੌਤੇ ਵਿੱਚ ਖੇਤੀ ਅਤੇ ਡੇਅਰੀ ਖੇਤਰ ਨੂੰ ਸ਼ਾਮਲ ਕੀਤਾ ਗਿਆ ਤਾਂ ਇਸ ਦਾ ਸਭ ਤੋਂ ਵੱਡਾ ਨੁਕਸਾਨ ਪੰਜਾਬ ਦੇ ਕਿਸਾਨਾਂ, ਡੇਅਰੀ ਪਾਲਕਾਂ ਅਤੇ ਖੇਤ ਮਜ਼ਦੂਰਾਂ ਨੂੰ ਝੱਲਣਾ ਪਵੇਗਾ। ਸੇਠੀ ਸਰਪੰਚ ਥੋਪੀਆ ਨੇ ਕਿਹਾ ਕਿ ਪੰਜਾਬ ਦੀ ਆਰਥਿਕਤਾ ਦਾ ਮੁੱਖ ਆਧਾਰ ਖੇਤੀਬਾੜੀ ਅਤੇ ਡੇਅਰੀ ਖੇਤਰ ਹੈ। ਵਿਦੇਸ਼ੀ ਉਤਪਾਦਾਂ ਨੂੰ ਖੁੱਲ੍ਹੀ ਪਹੁੰਚ ਮਿਲਣ ਨਾਲ ਸਥਾਨਕ ਕਿਸਾਨਾਂ ਦੀ ਆਮਦਨ ਪ੍ਰਭਾਵਿਤ ਹੋਵੇਗੀ ਅਤੇ ਪੇਂਡੂ ਆਰਥਿਕਤਾ 'ਤੇ ਵੀ ਨਕਾਰਾਤਮਕ ਅਸਰ ਪਵੇਗਾ। ਉਨ੍ਹਾਂ



ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸੂਬੇ ਦੀਆਂ ਸਾਰੀਆਂ ਕਿਸਾਨ ਅਤੇ ਮਜ਼ਦੂਰ ਜਥੇਬੰਦੀਆਂ ਨਾਲ ਮਿਲ ਕੇ ਇਸ ਫੈਸਲੇ ਦਾ ਲੋਕਤੰਤਰੀ ਢੰਗ ਨਾਲ ਡੱਟ ਕੇ ਵਿਰੋਧ ਕਰੇਗਾ। ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਲੋੜ ਪੈਣ 'ਤੇ ਵੱਡਾ ਜਨ ਅੰਦੋਲਨ ਵੀ ਸ਼ੁਰੂ ਕੀਤਾ ਜਾਵੇਗਾ। ਸੇਠੀ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਭਾਰਤ-ਅਮਰੀਕਾ ਵਪਾਰਕ ਸਮਝੌਤੇ ਵਿੱਚੋਂ ਖੇਤੀਬਾੜੀ ਅਤੇ ਡੇਅਰੀ ਉਤਪਾਦਾਂ ਨੂੰ ਤੁਰੰਤ ਬਾਹਰ ਰੱਖਿਆ ਜਾਵੇ, ਤਾਂ ਜੋ ਪੰਜਾਬ ਦੇ ਕਿਸਾਨਾਂ, ਡੇਅਰੀ ਪਾਲਕਾਂ ਅਤੇ ਖੇਤ ਮਜ਼ਦੂਰਾਂ ਦੇ ਹਿੱਤਾਂ ਦੀ ਰੱਖਿਆ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਕਿਸਾਨੀ ਨਾਲ ਕਿਸੇ ਵੀ ਤਰ੍ਹਾਂ ਦਾ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਕਿਸਾਨਾਂ ਦੇ ਹੱਕਾਂ ਲਈ ਹਰ ਸੰਘਰਸ਼ ਲੜਿਆ ਜਾਵੇਗਾ।

# ਵਿਧਾਨ ਸਭਾ ਹਲਕਾ ਫਿਲੌਰ ਦੇ ਸ਼੍ਰੇਣੀ ਵਰਗ ਦੀ ਮੁੜ ਸਮੀਖਿਆ ਲਈ ਚੋਣ ਕਮਿਸ਼ਨ ਨੂੰ ਦਿੱਤਾ ਲਿਖਤੀ ਮੰਗ ਪੱਤਰ

**ਫਿਲੌਰ/ਅੱਪਰਾ, 16 ਜੁਲਾਈ (ਦੀਪਾ)**-ਵਿਧਾਨ ਸਭਾ ਹਲਕਾ ਫਿਲੌਰ ਦੇ ਸ਼੍ਰੇਣੀ ਵਰਗ ਦੀ ਮੁੜ ਸਮਿਖਿਆ ਲਈ ਹਲਕੇ ਦੇ ਲੋਕਾਂ ਵਲੋਂ ਚੋਣ ਕਮਿਸ਼ਨ ਪੰਜਾਬ ਨੂੰ ਇੱਕ ਦਿੱਤਾ ਮੰਗ ਪੱਤਰ ਦਿੱਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਮਾਜ ਸੇਵਕ ਵਿਨੋਦ ਭਾਰਦਵਾਜ ਵਾਸੀ ਪਿੰਡ ਮੋਰੋਂ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਫਿਲੌਰ ਪਿਛਲੇ ਕਾਫੀ ਸਮੇਂ ਤੋਂ ਅਨੁਸੂਚਿਤ ਜਾਤੀ ਲਈ ਰਾਖਵਾਂ ਚੱਲਦਾ ਆ ਰਿਹਾ ਹੈ। ਵਰਤਮਾਨ ਸਮੇਂ ਵਿੱਚ ਹਲਕੇ




ਦੀ ਆਬਾਦੀ, ਵੋਟਰਾਂ ਦੀ ਬਣਤਰ ਤੇ ਸਥਿਤੀ ਅਤੇ ਸਮਾਜਿਕ ਹਾਲਤਾਂ ਵਿੱਚ ਕਾਫੀ ਬਦਲਾਅ ਆਇਆ ਹੈ। ਇਸ ਲਈ ਉਨਾਂ ਸੰਵਿਧਾਨ ਦੇ ਆਰਟੀਕਲ 82, ਆਰਟੀਕਲ 330 ਤੇ 332 ਦੇ ਤਹਿਤ ਹਲਕੇ ਦੀ ਹੱਦਬੰਦੀ ਤੇ ਰਾਖਵੀਂ ਸਥਿਤੀ ਲਈ ਮੁੜ ਸਮੀਖਿਆ ਦੀ ਮੰਗ ਕਰਦਿਆਂ ਚੋਣ ਕਮਿਸ਼ਨ ਜਲੰਧਰ ਦੇ ਰਾਹੀਂ ਚੋਣ ਕਮਿਸ਼ਨ ਭਾਰਤ ਤੇ ਚੋਣ ਕਮਿਸ਼ਨ ਪੰਜਾਬ ਨੂੰ ਇੱਕ ਲਿਖਤੀ ਮੰਗ ਪੱਤਰ ਦਿੱਤਾ ਹੈ। ਇਸ ਮੌਕੇ ਜਗਮੇਲ ਸਿੰਘ ਜੱਗੀ, ਬਲਕਾਰ ਸਿੰਘ ਨਿੱਝਰ, ਪੰਡਿਤ ਬਿੱਟੂ, ਕੁਲਦੀਪ ਸਿੰਘ ਜੌਹਲ, ਕਾਲਾ ਐਮ ਸੀ, ਹਰਦੀਪ ਸਿੰਘ ਗੁਲਾਟੀ, ਨਵਜੀਤ ਸਿੰਘ ਮੋਰੋਂ, ਫੀਰਾ ਮੋਰੋਂ ਵੀ ਹਾਜ਼ਰ ਸਨ।

# ਅਣਪਛਾਤੇ ਲੁਟੇਰਿਆਂ ਨੇ ਲੁੱਟਣ ਦੀ ਨੀਅਤ ਨਾਲ ਸਕੂਟਰ ਸਵਾਰ ਵਿਅਕਤੀ ਨੂੰ ਦਾਤਰ ਮਾਰ ਕੇ ਕੀਤਾ ਗੰਭੀਰ ਜ਼ਖਮੀ

## ਲੁਟੇਰੇ ਬੇਖੌਫ ਹੋ ਕੇ ਦੇ ਰਹੇ ਨੇ ਵਾਰਦਾਤਾਂ ਨੂੰ ਅੰਜਾਮ

**ਫਿਲੌਰ/ਅੱਪਰਾ, 16 ਜੁਲਾਈ (ਦੀਪਾ)**-ਅੱਪਰਾ ਤੇ ਆਸ ਪਾਸ ਦੇ ਪਿੰਡਾਂ ਵਿੱਚ ਅਣਪਛਾਤੇ ਲੁਟੇਰੇ ਤੇ ਬੇਖੌਫ ਹੋ ਕੇ ਲੁੱਟ ਖੋਹ ਤੇ ਚੋਰੀ ਦੀਆਂ ਵਾਰਦਾਤਾਂ ਨੂੰ ਸ਼ਰੇਆਮ ਅੰਜਾਮ ਦੇ ਰਹੇ ਹਨ, ਜਦਕਿ ਪੁਲਿਸ ਸਿਰਫ ਮੂਕ ਦਰਸ਼ਕ ਬਣੀ ਹੋਈ ਹੈ ਤੇ 'ਸੱਪ' ਲੰਘ ਜਾਣ ਤੋਂ ਬਾਅਦ ਲਕੀਰ ਨੂੰ ਹੀ 'ਪਿੱਟ' ਰਹੀ ਹੈ। ਬੀਤੀ ਰਾਤ ਵੀ ਲਗਭਗ 8-30 ਵਜੇ ਅਣਪਛਾਤੇ ਲੁਟੇਰਿਆਂ ਨੇ ਲੁੱਟਣ ਦੀ ਨੀਅਤ ਨਾਲ ਕੰਮ ਤੋਂ ਘਰ ਪਰਤ ਰਹੇ ਸਕੂਟਰ ਸਵਾਰ ਵਿਅਕਤੀ ਨੂੰ ਦਾਤਰ ਮਾਰ ਕੇ ਕੀਤਾ ਗੰਭੀਰ ਰੂਪ 'ਚ ਜ਼ਖਮੀ ਕਰ ਦਿੱਤਾ। ਘਟਨਾ ਸੰਬੰਧੀ ਜਾਣਕਾਰੀ ਦਿੰਦਿਆਂ ਰਾਜੇਸ਼ ਕੁਮਾਰ ਉਰਫ ਬੁੱਧੂ ਪੁੱਤਰ ਜੀਤ ਰਾਮ ਵਾਸੀ ਪਿੰਡ ਛੋਕਰਾਂ ਨੇ ਦੱਸਿਆ ਕਿ ਮੈਂ ਅੱਪਰਾ ਵਿਖੇ ਸਕੂਟਰ ਮਕੈਨਿਕ ਦਾ ਕੰਮ ਕਰਦਾ ਹਾਂ। ਬੀਤੀ ਰਾਤ ਲਗਭਗ 8-30 ਵਜੇ ਮੈਂ ਆਪਣੇ ਸਕੂਟਰ 'ਤੇ ਸਵਾਰ ਹੋ ਕੇ ਕੰਮ ਤੋਂ ਘਰ ਨੂੰ ਪਰਤ ਰਿਹਾ ਸੀ, ਕਿ ਅੱਪਰਾ ਤੋਂ ਛੋਕਰਾਂ ਰੋਡ 'ਤੇ ਪਿੱਛੋਂ ਆ ਰਹੇ ਤਿੰਨ ਅਣਪਛਾਤੇ ਮੋਟਰਸਾਈਕਲ ਸਵਾਰ ਲੁਟੇਰਿਆਂ ਨੇ ਲੁੱਟਣ ਦੀ ਨੀਅਤ ਨਾਲ ਮੈਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤੇ ਮੇਰੀ ਸੱਜੀ ਬਾਂਹ ਤੇ ਦਾਤਰ ਨਾਲ ਵਾਰ ਕਰ ਦਿੱਤਾ

ਮੇਰੇ ਵਲੋਂ ਰੌਲਾ ਪਾਉਣ ਤੇ ਪਿੰਡ ਦੀ ਸੰਘਣੀ ਆਬਾਦੀ ਦੇ ਨੇੜੇ ਆ ਜਾਣ ਕਾਰਣ ਉਕਤ ਲੁਟੇਰੇ ਫ਼ਰਾਰ ਹੋ ਗਏ। ਉਕਤ ਲੁਟੇਰਿਆਂ ਨੇ ਆਪਣੇ ਮੂੰਹ ਕੱਪੜੇ ਨਾਲ ਬੰਨ੍ਹੇ ਹੋਏ ਸਨ। ਰਾਜੇਸ਼ ਕੁਮਾਰ ਨੂੰ ਇਲਾਜ ਲਈ ਇੱਕ ਸਥਾਨਕ ਹਸਪਤਾਲ ਦਾਖਲ ਕਰਵਾਇਆ ਗਿਆ। ਘਟਨਾ ਸੰਬੰਧੀ ਅੱਪਰਾ ਪੁਲਿਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ।

# ਸਾਬਕਾ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਕਾਠਗੜ੍ਹ ਤੋਂ ਤੀਰਥ ਯਾਤਰੀਆਂ ਦਾ ਜਥਾ ਢੋਲ-ਧਮੱਕੇ ਨਾਲ ਰਵਾਨਾ; ਦਿੱਤੀਆਂ ਸ਼ੁਭਕਾਮਨਾਵਾਂ

**ਨਵਾਂਸ਼ਹਿਰ /ਕਾਠਗੜ੍ਹ, 16 ਜੁਲਾਈ (ਜਤਿੰਦਰਪਾਲ ਸਿੰਘ ਕਲੇਰ) :** ਪਿੰਡ ਕਾਠਗੜ੍ਹ ਵਿਖੇ ਅੱਜ ਉਸ ਸਮੇਂ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਜਦੋਂ ਪੰਜਾਬ ਸਰਕਾਰ ਦੀ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਤਹਿਤ ਰਵਾਨਾ ਹੋ ਰਹੇ ਸ਼ਰਧਾਲੂਆਂ ਦੇ ਜਥੇ ਨੂੰ ਮਿਲਣ ਲਈ ਸੀਨੀਅਰ 'ਆਪ' ਆਗੂ ਅਤੇ ਸਾਬਕਾ ਚੇਅਰਮੈਨ ਜ਼ਿਲ੍ਹਾ ਪਲੈਨਿੰਗ ਬੋਰਡ ਸਤਨਾਮ ਜਲਾਲਪੁਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਸ਼ਰਧਾਲੂਆਂ ਦੇ ਜਥੇ ਨੂੰ ਪੂਰੇ ਜੋਸ਼ ਅਤੇ ਢੋਲ-ਧਮੱਕੇ ਨਾਲ ਸ਼ੁਭਕਾਮਨਾਵਾਂ ਦਿੰਦੇ ਹੋਏ ਰਵਾਨਾ ਕੀਤਾ ਗਿਆ।

ਇਸ ਭਗਤੀਮਈ ਅਤੇ ਉਤਸ਼ਾਹਜਨਕ ਮਾਹੌਲ ਦੌਰਾਨ ਯਾਤਰੀਆਂ ਨਾਲ ਗੱਲਬਾਤ ਕਰਦਿਆਂ ਸਤਨਾਮ ਜਲਾਲਪੁਰ ਨੇ ਕਿਹਾ ਕਿ ਲੋਕਾਂ ਦੀ ਸੇਵਾ ਅਤੇ ਬਜ਼ੁਰਗਾਂ ਦਾ ਸਤਿਕਾਰ ਸਾਡੀ ਪਹਿਲ ਹੈ। ਉਨ੍ਹਾਂ ਅੱਗੇ ਬੋਲਦਿਆਂ ਕਿਹਾ ਕਿ ਅੱਜ



ਉਨ੍ਹਾਂ ਨੂੰ ਕਾਠਗੜ੍ਹ ਵਿਖੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਜਾ ਰਹੇ ਸ਼ਰਧਾਲੂਆਂ ਨੂੰ ਮਿਲਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਇਸ ਦੌਰਾਨ ਉਨ੍ਹਾਂ ਨੇ ਯਾਤਰੀਆਂ ਨੂੰ ਸਫ਼ਰ ਦੀਆਂ ਵਧਾਈਆਂ ਦਿੱਤੀਆਂ ਅਤੇ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਸਹੂਲਤ ਲਈ ਸ਼ੁਰੂ ਕੀਤੀ ਗਈ ਇਸ ਸ਼ਾਨਦਾਰ ਲੋਕ ਭਲਾਈ ਪਹਿਲ (ਤੀਰਥ ਯਾਤਰਾ ਸਕੀਮ) ਬਾਰੇ ਵਿਸਥਾਰਪੂਰਵਕ ਜਾਣਕਾਰੀ ਵੀ ਸਾਂਝੀ ਕੀਤੀ।

ਸਾਬਕਾ ਚੇਅਰਮੈਨ ਨੇ ਅਰਦਾਸ ਕਰਦਿਆਂ ਆਖਿਆ ਕਿ ਵਾਹਿਗੁਰੂ ਸਮੂਹ ਯਾਤਰੀਆਂ ਦੀ ਇਸ ਯਾਤਰਾ ਨੂੰ ਸੁਖਮਈ, ਸੁਰੱਖਿਅਤ ਅਤੇ ਮੰਗਲਮਈ ਬਣਾਉਣ ਤਾਂ ਜੋ ਸਾਰੇ ਸ਼ਰਧਾਲੂ ਸੁਖ-ਸਾਂਦ ਨਾਲ ਦਰਸ਼ਨ ਦੀਦਾਰੇ ਕਰਕੇ ਪਰਤਣ।

# ਸਾਬਕਾ ਚੇਅਰਮੈਨ ਸਤਨਾਮ ਜਲਾਲਪੁਰ ਨੇ ਪਿੰਡ ਮਣਸੇਵਾਲ ਵਿਖੇ ਸ਼੍ਰੀਮਤੀ ਜੋਗਿੰਦਰੋ ਜੀ ਦੇ ਭੋਗ ਸਮਾਗਮ 'ਚ ਕੀਤੀ ਸ਼ਿਰਕਤ, ਪਰਿਵਾਰ ਨਾਲ ਕੀਤਾ ਦੁੱਖ ਸਾਂਝਾ

**ਬਲਾਚੌਰ , 16 ਜੁਲਾਈ (ਜਤਿੰਦਰਪਾਲ ਸਿੰਘ ਕਲੇਰ) :** ਕਾਠਗੜ੍ਹ ਦੇ ਨਜ਼ਦੀਕੀ ਪਿੰਡ ਮਣਸੇਵਾਲ ਵਿਖੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਸਵਰਗੀ ਪ੍ਰੇਮ ਚੰਦ ਭੀਮਾ ਜੀ ਦੀ ਭਾਬੀ, ਸ਼੍ਰੀਮਤੀ ਜੋਗਿੰਦਰੋ ਜੀ ਨਮਿੱਤ ਰੱਖੇ ਗਏ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਸਮਾਗਮ ਕਰਵਾਇਆ ਗਿਆ। ਇਸ ਸ਼ੋਕ ਸਮਾਗਮ ਵਿੱਚ ਪਲਾਨਿੰਗ ਬੋਰਡ ਦੇ ਸਾਬਕਾ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਤਨਾਮ ਜਲਾਲਪੁਰ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ। ਸਮਾਗਮ ਦੌਰਾਨ ਹਾਜ਼ਰੀ ਭਰਦਿਆਂ ਸਤਨਾਮ ਜਲਾਲਪੁਰ ਨੇ ਪਰਿਵਾਰਕ ਮੈਂਬਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਦੁੱਖ ਦੀ ਇਸ ਔਖੀ ਘੜੀ ਵਿੱਚ ਉਹ ਅਤੇ ਸਮੁੱਚੀ ਪਾਰਟੀ ਪਰਿਵਾਰ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਸਵਰਗੀ ਪ੍ਰੇਮ ਚੰਦ ਭੀਮਾ ਜੀ ਅਤੇ ਉਨ੍ਹਾਂ ਦੇ ਪਰਿਵਾਰ ਦਾ ਇਲਾਕੇ ਵਿੱਚ ਅਹਿਮ ਸਥਾਨ ਹੈ, ਅਤੇ ਸ਼੍ਰੀਮਤੀ ਜੋਗਿੰਦਰੋ ਜੀ ਦਾ ਅਚਾਨਕ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ



ਜਾਣਾ ਪਰਿਵਾਰ ਦੇ ਨਾਲ-ਨਾਲ ਸਮਾਜ ਲਈ ਵੀ ਇੱਕ ਬਹੁਤ ਵੱਡਾ ਘਾਟਾ ਹੈ ਜਿਸ ਨੂੰ ਕਦੇ ਵੀ ਪੂਰਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਪਰਮਾਤਮਾ ਦੀ ਰਜ਼ਾ ਵਿੱਚ ਰਹਿਣ ਦਾ ਸੁਨੇਹਾ ਦਿੰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਵਾਹਿਗੁਰੂ ਵਿਛੜੀ ਹੋਈ ਨੇਕ ਆਤਮਾ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਬਖ਼ਸ਼ਣ ਅਤੇ ਪਿੱਛੇ ਰਹਿੰਦੇ ਪਰਿਵਾਰ, ਰਿਸ਼ਤੇਦਾਰਾਂ ਅਤੇ ਸਾਕ-ਸਬੰਧੀਆਂ ਨੂੰ ਇਹ ਅਸਹਿਣਸ਼ੀਲ ਘਾਟਾ ਸਹਿਣ ਦੀ ਸ਼ਕਤੀ ਅਤੇ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ। ਇਸ ਮੌਕੇ ਉਨ੍ਹਾਂ ਦੇ ਨਾਲ ਇਲਾਕੇ ਦੇ ਹੋਰ ਵੀ ਕਈ ਮੋਹਤਬਰ ਵਿਅਕਤੀਆਂ ਅਤੇ ਪਾਰਟੀ ਵਰਕਰਾਂ ਨੇ ਹਾਜ਼ਰੀ ਭਰ ਕੇ ਦੁਖੀ ਪਰਿਵਾਰ ਨਾਲ ਦੁੱਖ ਵੰਡਾਇਆ।

# ਰਾਜਨੀਤਿਕ ਚਿੰਤਨ ਮੰਥਨ: (ਬਾਬਾ ਸਾਹਿਬ ਅੰਬੇਡਕਰ ਜੀ ਤੋਂ ਲੈ ਕੇ ਭੈਣ ਕੁਮਾਰੀ ਮਾਇਆਵਤੀ ਜੀ ਤੱਕ)





ਬਾਬਾ ਸਾਹਿਬ ਅੰਬੇਡਕਰ ਜੀ ਨੇ ਵੀ ਤਿੰਨ ਰਾਜਨੀਤਿਕ ਪਾਰਟੀਆਂ ਬਣਾਈਆਂ। ਇੱਕ 1937 ਵਿੱਚ "Independent Labour Party" ਸੀ, ਜਦੋਂ ਉਨ੍ਹਾਂ ਦੀ ਪਾਰਟੀ ਨੇ ਪਹਿਲੀ ਵਾਰ 17 ਵਿਧਾਇਕ ਜਿੱਤੇ ਸਨ।

ਦੂਜੀ 1942 ਵਿੱਚ "Scheduled Caste Federaiton" ਸੀ। ਇਸ ਪਾਰਟੀ ਨੇ ਕਈ ਚੋਣਾਂ ਲੜੀਆਂ, ਹਾਲਾਂਕਿ ਇਸਨੇ ਮਹੱਤਵਪੂਰਨ ਸਫਲਤਾ ਪ੍ਰਾਪਤ ਨਹੀਂ ਕੀਤੀ।

ਤੀਜੀ ਸੀ, "Repubilc Party of Inida", ਇੱਕ ਅਜਿਹੀ ਪਾਰਟੀ ਬਣਾਉਣ ਦਾ ਇਰਾਦਾ ਸੀ ਜੋ ਆਜ਼ਾਦੀ ਤੋਂ ਬਾਅਦ ਇੱਕ ਨਵਾਂ ਰਸਤਾ ਤੈਅ ਕਰੇਗੀ ਪਰ ਬਾਬਾ ਸਾਹਿਬ ਜੀ ਦੀ ਮੌਤ ਦਸੰਬਰ 1956 ਵਿੱਚ ਇਸ ਤੋਂ ਪਹਿਲਾਂ ਹੀ ਹੋ ਗਈ ਸੀ। ਇਸ ਪਾਰਟੀ ਦੀ ਸਥਾਪਨਾ 1957 ਵਿੱਚ ਹੋਈ ਸੀ। ਇਸਨੇ ਵਿਰੋਧੀ ਧਿਰ ਵਿੱਚ ਵੀ ਇੱਕ ਮਜ਼ਬੂਤ ਭੂਮਿਕਾ ਨਿਭਾਈ।"ਦਲਿਤ ਪੈਂਥਰ ਕਿਤਾਬ ਮੁਤਾਬਕ ਬਾਬਾ ਸਾਹਿਬ ਹੁਣ "Scheduled Caste Federaiton" ਨਾਮ ਨਾਲ ਸਹਿਮਤ ਨਹੀਂ ਸਨ, ਕਿਉਂਕਿ ਇਹ ਸਮਾਜਿਕ ਵਰਗੀਕਰਨ ਦਾ ਪ੍ਰਭਾਵ ਦੇ ਸਕਦਾ ਹੈ। ਉਹਨਾ ਨੇ ਰਾਖਵਾਂਕਰਨ ਅਤੇ ਜਾਤ ਦੋਵਾਂ ਨੂੰ ਤਿਆਗ ਦਿੱਤਾ ਅਤੇ ਇੱਕ ਬੋਧੀ ਬਣ ਗਏ ਅਤੇ ਇਹ ਉਸਦੀ ਨਵੀਂ ਸ਼ੁਰੂਆਤ ਹੋਣੀ ਸੀ।

ਵੈਸੇ ਵੀ! ਰਾਖਵਾਂਕਰਨ ਅਤੇ ਹਿੰਦੂ ਧਰਮ ਦੋਵਾਂ ਨੂੰ ਤਿਆਗਣ ਤੋਂ ਬਾਅਦ ਬਾਬਾ ਸਾਹਿਬ ਜੀ ਕੋਲ ਬਹੁਤਾ ਸਮਾਂ ਨਹੀਂ ਬਚਿਆ ਸੀ ਪਰ ਰਿਪ-ਬਲਿਕਨ ਪਾਰਟੀ ਆਫ਼ ਇੰਡੀਆ ਭਾਰਤੀ ਰਾਜਨੀਤੀ ਵਿੱਚ ਆਪਣੀ ਮੌਜੂਦਗੀ ਸਥਾਪਤ ਕਰਨ ਵਿੱਚ ਕਾਮਯਾਬ ਰਹੀ। ਬੈਂਕਾਂ ਦੇ ਰਾਸ਼ਟਰੀਕਰਨ ਤੋਂ ਲੈ ਕੇ ਸਥਾਈ ਰਿਹਾਇਸ਼ ਦੀ ਧਾਰਨਾ ਤੱਕ, ਇਹ ਪਾਰਟੀ ਇਸ ਲਈ ਜ਼ਿੰਮੇਵਾਰ ਸੀ।

ਪਾਰਟੀ ਦੇ ਅੰਦਰ ਵੀ ਮਤਭੇਦ ਉਭਰਨ ਲੱਗੇ। ਹੁਣ ਤੱਕ, ਇਹ ਮਾਰਕਸ, ਅੰਬੇਡਕਰ, ਬੁੱਧ ਅਤੇ ਫੂਲੇ ਵਰਗੀਆਂ ਵਿਚਾਰਧਾਰਾਵਾਂ ਦਾ ਸੰਗਮ ਸੀ, ਪਰ ਹੁਣ ਇਨ੍ਹਾਂ ਮੁੱਦਿਆਂ 'ਤੇ ਟਕਰਾਅ ਵਧ ਗਿਆ ਹੈ। ਦੂਜੇ ਪਾਸੇ, ਖਾਸ ਕਰਕੇ ਮਹਾਰਾਸ਼ਟਰ ਵਿੱਚ, ਅਮਰੀਕਾ ਦੇ ਬਲੈਕ ਪੈਂਥਰਜ਼ ਵਰਗਾ ਇੱਕ ਸੰਗਠਨ, ਜੋ ਅਸ਼ੁਤਾਂ ਦੇ ਮੁੱਦਿਆਂ ਨੂੰ ਅੱਗੇ ਵਧਾਉਂਦਾ ਸੀ, ਨਾਮਦੇਵ ਢਸਾਲ, ਜੇ.ਵੀ. ਪਵਾਰ, ਰਾਜਾ ਢਲੇ, ਰਾਮਦਾਸ ਸੋਰਟੇ, ਲਤੀਫ ਖਟੀਕ, ਅਵਿਨਾਸ਼ ਮਹਾਤੇਕਰ, ਪ੍ਰਹਿਲਾਦ ਚੇਂਦਾਂਕਰ, ਅਰਜੁਨ ਡਾਂਗੇਲੇ, ਅਨਿਲ ਕਾਂਬਲੇ, ਗੰਗਾਧਰ ਗਾਡੇ, ਪ੍ਰਤੀਮਕੁਮਾਰ ਸ਼ੇਗਵਡਕਰ, ਟੀ.ਐਮ. ਕਾਂਬਲੇ, ਅਰੁਣ ਕਾਂਬਲੇ ਅਤੇ ਰਾਮਦਾਸ ਅਠਾਵਲੇ ਵਰਗੇ ਕਈ ਵਿਅਕਤੀਆਂ ਨੇ ਦਲਿਤ ਪੈਂਥਰ ਅੰਦੋਲਨ ਨੂੰ ਹਵਾ ਦਿੱਤੀ।

ਰਿਪਬਲਿਕਨ ਪਾਰਟੀ ਆਫ਼ ਇੰਡੀਆ ਅਤੇ ਦਲਿਤ ਪੈਂਥਰਜ਼ ਬਹੁਜਨ ਸਮਾਜ ਪਾਰਟੀ (ਬੀ.ਐਸ.ਪੀ) ਅਤੇ ਭੀਮ ਆਰਮੀ ਏਕਤਾ ਮਿਸ਼ਨ (ਭੀਮ ਆਰਮੀ) ਦੇ ਸਮਾਨ ਵਿਚਾਰਧਾਰਾ ਸਨ ਜੋ ਉੱਤਰੀ ਭਾਰਤ ਵਿੱਚ ਉੱਭਰੇ ਸਨ। ਹਾਲਾਂਕਿ, ਇਸ ਸਮੇਂ ਦੌਰਾਨ, ਰਿਪਬਲਿਕਨ ਪਾਰਟੀ ਆਫ਼ ਇੰਡੀਆ ਦੇ ਅੰਦਰ ਫੁੱਟ ਨੇ ਇਸਨੂੰ ਇੱਕ ਪਾਰਟੀ ਤੋਂ ਅੱਜ ਲਗਭਗ ਪੰਜਾਹ ਧੜਿਆਂ ਵਿੱਚ ਬਦਲ ਦਿੱਤਾ।

ਸ਼ੁਰੂ ਵਿੱਚ, ਰਾਮਦਾਸ ਅਠਾਵਲੇ ਇੱਕ ਸ਼ਾਨਦਾਰ ਇਨਕਲਾਬੀ ਅਤੇ ਚਿੰਤਕ ਸਨ। ਉਨ੍ਹਾਂ ਦੀ ਪਾਰਟੀ ਨੂੰ ਅਕਸਰ ਅਸਲੀ ਪਾਰਟੀ ਮੰਨਿਆ ਜਾਂਦਾ ਸੀ, ਪਰ 1970 ਦੇ ਦਹਾਕੇ ਵਿੱਚ ਮੰਤਰੀ ਬਣਨ ਤੋਂ ਬਾਅਦ, ਉਨ੍ਹਾਂ ਨੇ ਪਹਿਲਾਂ ਦਲਿਤ ਪੈਂਥਰਾਂ ਨੂੰ ਤੋੜ ਦਿੱਤਾ ਅਤੇ ਫਿਰ, ਕਾਂਗਰਸ ਅਤੇ ਭਾਜਪਾ ਨਾਲ ਗੱਠਜੋੜ ਕਰਕੇ, ਹੁਣ ਉਨ੍ਹਾਂ ਦੀ ਭੂਮਿਕਾ ਦਾ ਮਜ਼ਾਕ ਉਡਾਇਆ ਜਾਂਦਾ ਹੈ।

ਦੂਜੇ ਪਾਸੇ, ਪ੍ਰਕਾਸ਼ ਅੰਬੇਡਕਰ ਧੜਾ, ਕਾਂਬਲੇ ਧੜਾ, ਅਤੇ ਗਵਾਈ ਧੜਾ, ਹੋਰਾਂ ਦੇ ਨਾਲ, ਵੀ ਕੋਈ ਮਹੱਤਵਪੂਰਨ ਮਹੱਤਵ ਨਹੀਂ ਰੱਖਦੇ। ਬਸਪਾ ਨੇ ਭਾਜਪਾ ਨਾਲ ਵੀ ਕਈ ਗੱਠਜੋੜ ਬਣਾਏ ਪਰ ਇਹ ਗੱਠਜੋੜ ਓਨੇ ਹੀ ਸ਼ੱਕੀ ਹਨ ਜਿੰਨੇ ਜ਼ਰੂਰੀ ਹਨ। ਭਾਜਪਾ ਅਤੇ ਬਸਪਾ ਵਿਚਕਾਰ ਅਸਲ ਵਿੱਚ ਇੱਕ ਗੱਠਜੋੜ ਸੀ, ਪਰ ਉਹ ਆਪਸੀ ਜ਼ਰੂਰਤਾਂ 'ਤੇ ਅਧਾਰਤ ਸਨ।

ਪਹਿਲਾਂ, ਆਓ ਸਮਝੀਏ ਕਿ ਮਾਨਯੋਗ ਕਾਂਸ਼ੀ ਰਾਮ ਜੀ ਇਸ ਮੁਕਾਮ 'ਤੇ ਕਿਵੇਂ ਪਹੁੰਚੇ।

ਜਦੋਂ ਮਾਨਯੋਗ ਸਾਹਿਬ ਨੇ ਆਪਣੀ ਸਰਕਾਰੀ ਨੌਕਰੀ ਛੱਡ ਦਿੱਤੀ ਤਾਂ ਉਹ ਅੰਬੇਡਕਰ ਅੰਦੋਲਨ ਅਤੇ ਕ੍ਰਾਂਤੀ ਨੂੰ ਸਮਝਣ ਲਈ ਮਹਾਰਾਸ਼ਟਰ ਗਏ ਅਤੇ ਉਨ੍ਹਾਂ ਨੂੰ ਉੱਤਰ ਪ੍ਰਦੇਸ਼ ਵਿੱਚ ਸਫਲਤਾ ਮਿਲੀ। ਉਨ੍ਹਾਂ ਨੇ ਡਾ. ਅੰਬੇਡਕਰ ਦੇ ਵਿਚਾਰਾਂ ਨੂੰ ਫੈਲਾਉਣ ਅਤੇ ਉਨ੍ਹਾਂ ਨੂੰ ਉੱਤਰੀ ਭਾਰਤ ਵਿੱਚ ਸੱਤਾ ਵਿੱਚ ਲਿਆਉਣ ਵਿੱਚ ਵੱਡੀ ਭੂਮਿਕਾ ਨਿਭਾਈ।

ਜਦੋਂ ਬਹੁਜਨ ਸਮਾਜ ਪਾਰਟੀ ਨੇ ਪਹਿਲੀ ਵਾਰ ਉੱਤਰ ਪ੍ਰਦੇਸ਼ ਵਿੱਚ ਸਰਕਾਰ ਬਣਾਈ, ਤਾਂ ਲਗਭਗ 150,000 ਲੋਕਾਂ 'ਤੇ ਗੁੰਡਾ ਐਕਟ ਲਗਾਇਆ ਗਿਆ। ਅੱਧੇ ਅਪਰਾਧੀ ਉੱਤਰ ਪ੍ਰਦੇਸ਼ ਤੋਂ ਭੱਜ ਗਏ। ਇਹ ਕਾਰਵਾਈ ਭੈਣ ਜੀ ਨੇ ਕੀਤੀ ਸੀ, ਜਦੋਂ ਕਿ ਵਿਚਾਰ ਮਾਨਯੋਗ ਕਾਂਸ਼ੀ ਰਾਮ ਜੀ ਦਾ ਸੀ, ਜਦੋਂ ਮਾਨਯੋਗ ਕਾਂਸ਼ੀ ਰਾਮ ਜੀ ਜਿਉਂਦੇ ਸਨ, ਉਨ੍ਹਾਂ ਦੀ ਵਿਚਾਰਧਾਰਕ ਸ਼ਕਤੀ ਨੂੰ ਆਸਾਨੀ ਨਾਲ ਦੇਖਿਆ ਅਤੇ ਸਮਝਿਆ ਜਾ ਸਕਦਾ ਹੈ।

ਉਨ੍ਹਾਂ ਦੁਆਰਾ ਕੀਤਾ ਗਿਆ ਸੰਘਰਸ਼ ਉਨ੍ਹਾਂ ਨੂੰ ਬਾਬਾ ਸਾਹਿਬ ਤੋਂ ਬਾਅਦ ਦੂਜਾ ਵਿਅਕਤੀ ਬਣਾਉਂਦਾ ਹੈ, ਜਿਸਨੇ ਇਕੱਲੇ ਤੌਰ 'ਤੇ ਕ੍ਰਾਂਤੀ ਪੈਦਾ ਕੀਤੀ। ਭੈਣ ਜੀ ਦਾ ਸ਼ਾਨਦਾਰ ਕਾਰਜਕਾਲ ਮਾਨਯੋਗ ਸਾਹਿਬ ਦੇ ਦਿਮਾਗ ਕਾਰਨ ਯੁੱਗਾਂ ਤੱਕ ਯਾਦ ਰੱਖਿਆ ਜਾਵੇਗਾ। ਨੇਤਾ ਹਮੇਸ਼ਾ ਸੰਘਰਸ਼ ਰਾਹੀਂ ਜਾਂ ਮਜ਼ਬੂਤ ਨੀਤੀਆਂ ਰਾਹੀਂ ਬਣਾਏ ਜਾਂਦੇ ਹਨ। ਜੇਕਰ ਇਨ੍ਹਾਂ ਵਿੱਚੋਂ ਇੱਕ ਦੀ ਵੀ ਘਾਟ ਹੈ, ਤਾਂ ਰਾਜਨੀਤੀ ਅਤੇ ਸਮਾਜ ਦੋਵੇਂ ਪਿੱਛੇ ਰਹਿ ਜਾਂਦੇ ਹਨ।

ਬਹੁਜਨ ਰਾਜਨੀਤੀ ਕਾਰਨ ਉੱਤਰ ਪ੍ਰਦੇਸ਼ ਲਈ ਆਉਣ ਵਾਲੀਆਂ ਚੋਣਾਂ ਬਹੁਤ ਮਹੱਤਵਪੂਰਨ ਹੋਣਗੀਆਂ। ਇਹ ਭਵਿੱਖ ਦੀ ਦਿਸ਼ਾ ਨਿਰਧਾਰਤ ਕਰਨਗੀਆਂ ਕਿਉਂਕਿ ਅੱਜ ਦੇ ਨੌਜਵਾਨ ਅੱਗੇ ਦੇਖ ਰਹੇ ਹਨ। ਬਾਬਾ ਸਾਹਿਬ, ਹੋਰ ਬਹੁਤ ਸਾਰੇ ਮਹਾਂਪੁਰਖਾਂ ਦੇ ਨਾਲ, ਅਤੀਤ ਵਿੱਚ ਆਪਣਾ ਕੰਮ ਕੀਤਾ ਹੈ, ਜਿਵੇਂ ਕਿ ਮਾਨਯੋਗ ਕਾਂਸ਼ੀ ਰਾਮ ਅਤੇ ਮਾਇਆਵਤੀ ਜੀ ਵੀ ਕਰਨ ਦੀ ਕੋਸ਼ਿਸ ਕਰ ਰਹੇ ਹਨ।

ਹੁਣ ਇਹ ਕੱਲ੍ਹ ਬਾਰੇ ਹੈ, ਜਿਸਨੂੰ ਵਰਤਮਾਨ ਤੋਂ ਸੰਬੋਧਿਤ ਕੀਤਾ ਜਾਣਾ ਚਾਹੀਦਾ ਹੈ। ਧਰਨਾ, ਪ੍ਰਦਰਸ਼ਨ, ਵਿਰੋਧ ਅਤੇ ਸੰਘਰਸ਼ ਸਿਰਫ਼ ਅੱਜ ਦੀ ਜ਼ਰੂਰਤ ਨਹੀਂ ਹੈ, ਸਗੋਂ ਇੱਕ ਸਦੀਵੀ ਜ਼ਰੂਰਤ ਹੈ। ਜੇਕਰ ਕੋਈ ਅੱਜ ਰੋ ਰਿਹਾ ਹੈ, ਤਾਂ ਉਸਦੇ ਹੰਝੂ ਅੱਜ ਹੀ ਪੂੰਝਣੇ ਚਾਹੀਦੇ ਹਨ। ਸਾਰਿਆਂ ਲਈ ਇਹ ਸਮਝਣਾ ਮਹੱਤਵਪੂਰਨ ਹੈ ਕਿ ਹੰਝੂ ਮੰਗਣਾ ਰਾਜਨੀਤੀ ਨਹੀਂ ਹੈ, ਕਿਉਂਕਿ ਹੰਝੂ ਪੂੰਝਣ ਨਾਲ ਵੀ ਦਰਦ ਘੱਟ ਹੋ ਸਕਦਾ ਹੈ।

ਮੈਂ ਪਿਛਲੇ ਹਫ਼ਤੇ ਹਿਮਾਚਲ ਪ੍ਰਦੇਸ਼ ਦਾ ਦੌਰਾ ਕੀਤਾ ਸੀ। ਉੱਥੇ ਇੱਕ 12 ਸਾਲ ਦੇ ਲੜਕੇ ਨੇ ਜਾਤੀ ਸੰਬੰਧੀ ਮੁੱਦਿਆਂ ਕਾਰਨ ਖੁਦਕੁਸ਼ੀ ਕਰ ਲਈ ਸੀ। ਉੱਥੇ ਕਾਂਗਰਸ ਸਰਕਾਰ ਹੈ, ਪਰ ਰਾਹੁਲ ਗਾਂਧੀ ਨੇ ਇਸ ਘਟਨਾ 'ਤੇ ਕੋਈ ਬਿਆਨ ਜਾਰੀ ਨਹੀਂ ਕੀਤਾ ਹੈ, ਹਾਲਾਂਕਿ ਇਹ ਘਟਨਾ ਦੇਸ਼ ਭਰ ਵਿੱਚ ਚਰਚਾ ਦਾ ਵਿਸ਼ਾ ਹੈ। ਲੋਕ ਪੁੱਛਦੇ ਹਨ, "ਕਾਂਗਰਸ ਦਾ ਸਮਾਜਿਕ ਨਿਆਂ ਕਿੱਥੇ ਹੈ?"

ਇਹੀ ਸਥਿਤੀ ਕੇਤਨ ਲਾਲ ਦੇ ਪਰਿਵਾਰ ਨਾਲ ਵੀ ਹੈ ਜੋ ਟੀਹਰੀ ਵਿੱਚ ਹੈ। ਸਾਰਿਆਂ ਨੇ ਪ੍ਰਤੀਕਿਰਿਆ ਦਿੱਤੀ, ਪਰ ਰਾਹੁਲ ਗਾਂਧੀ, ਮਾਇਆਵਤੀ, ਮੋਦੀ ਅਤੇ ਅਮਿਤ ਸ਼ਾਹ ਪਰਿਵਾਰ ਨੂੰ ਮਿਲਣ ਨਹੀਂ ਗਏ। ਇਹ ਠੀਕ ਹੈ, ਪਰ ਜਿਨ੍ਹਾਂ ਨੇ ਅਜਿਹਾ ਕੀਤਾ, ਜਿਵੇਂ ਕਿ ਚੰਦਰਸ਼ੇਖਰ, ਉਨ੍ਹਾਂ ਨੂੰ ਉਨ੍ਹਾਂ ਤੋਂ ਸਵਾਲ ਪੁੱਛਣਾ ਅਨੈਤਿਕ ਲੱਗਦਾ ਹੈ।

ਮੇਰਾ ਮੰਨਣਾ ਹੈ ਕਿ ਬਸਪਾ ਨੂੰ ਉੱਤਰ ਪ੍ਰਦੇਸ਼ 'ਤੇ ਰਾਜ ਕਰਨਾ ਚਾਹੀਦਾ ਹੈ, ਅਤੇ ਬਹਿਨਜੀ ਨੂੰ ਇੱਕ ਵਾਰ ਫਿਰ ਮੁੱਖ ਮੰਤਰੀ ਬਣਨਾ ਚਾਹੀਦਾ ਹੈ। ਉਨ੍ਹਾਂ ਕੋਲ ਚਾਰ ਵਾਰ ਦਾ ਤਜਰਬਾ ਹੈ, ਜਦੋਂ ਕਿ ਅੱਜ ਆਜ਼ਾਦ ਸਮਾਜ ਪਾਰਟੀ ਕੋਲ ਤਜਰਬੇ ਅਤੇ ਲੀਡਰਸ਼ਿਪ ਦੀ ਘਾਟ ਹੈ। ਭਾਵੇਂ ਭਵਿੱਖ ਦੇ ਨੇਤਾ ਉੱਭਰਦੇ ਹਨ, ਉਨ੍ਹਾਂ ਨੂੰ ਵਿਵਸਥਾ ਸਥਾਪਤ ਕਰਨ ਵਿੱਚ ਸਮਾਂ ਲੱਗੇਗਾ।

ਯਾਦ ਰੱਖੋ, ਸਰਕਾਰਾਂ ਨੌਕਰਸ਼ਾਹਾਂ ਅਤੇ ਚਿੰਤਕਾਂ ਦੁਆਰਾ ਚਲਾਈਆਂ ਜਾਂਦੀਆਂ ਹਨ, ਨੇਤਾਵਾਂ ਦੁਆਰਾ ਨਹੀਂ। ਬਸਪਾ ਕੋਲ ਹੁਣ ਮਾਨਵੇਂਦਰ ਵਰਗਾ ਚਿੰਤਕ ਨਹੀਂ ਹੈ ਜੋ ਆਪਣੇ ਫੈਸਲਿਆਂ ਨੂੰ ਜੀਵਨ ਦੇ ਸਕੇ ਅਤੇ ਬਸਪਾ ਕੋਲ ਅੰਦਰੂਨੀ ਤੌਰ 'ਤੇ ਭਰੋਸੇਮੰਦ ਅਤੇ ਤਜਰਬੇਕਾਰ ਲੋਕਾਂ ਦੀ ਘਾਟ ਹੈ। ਕਾਂਗਰਸ ਅਤੇ ਭਾਜਪਾ ਦੀ ਦੁਰਦਸ਼ਾ ਪਹਿਲਾਂ ਹੀ ਸਪੱਸ਼ਟ ਹੈ, ਅਤੇ ਇਸ 'ਤੇ ਧਿਆਨ ਦੇਣ ਦੀ ਕੋਈ ਲੋੜ ਨਹੀਂ ਹੈ। ਅਜਿਹੀ ਸਥਿਤੀ ਵਿੱਚ, ਸਮਝਦਾਰੀ ਦੀ ਲੋੜ ਹੈ।

ਐਡਵੋਕੇਟ ਚੰਦਰਸ਼ੇਖਰ ਨੂੰ ਆਪਣੇ ਆਗੂਆਂ ਦੀ ਗਿਣਤੀ ਵੀ ਵਧਾਉਣੀ ਚਾਹੀਦੀ ਹੈ। ਜੇਕਰ ਕਾਂਗਰਸ ਦੂਜੇ ਰਾਜਾਂ ਵਿੱਚ ਤਾਕਤ ਨਹੀਂ ਦਿਖਾਉਂਦੀ, ਤਾਂ ਇਹ ਯੂਪੀ ਵਿੱਚ ਵੋਟ ਕੱਟਣ ਵਾਲਾ ਸਾਬਤ ਹੋਵ-ਗਾ। ਭਾਜਪਾ ਅਤੇ ਸਮਾਜਵਾਦੀ ਪਾਰਟੀ ਆਪਣੇ ਨਫ਼ੇ ਅਤੇ ਨੁਕਸਾਨ ਦੋਵਾਂ ਤੋਂ ਬਾਹਰ ਹਨ।

ਇਹ ਸਭ ਕੁਝ ਇਸ ਲਈ ਹੋ ਰਿਹਾ ਹੈ ਕਿਉਂਕਿ ਦੇਸ਼ ਭਰ ਦੇ ਦਲਿਤ ਬਹੁਜਨ ਰਾਜਨੀਤੀ 'ਤੇ ਨੇੜਿਓਂ ਨਜ਼ਰ ਰੱਖਦੇ ਹਨ। ਕਈ ਵਾਰ ਦੂਜਿਆਂ ਵਿਰੁੱਧ ਵਿਅੰਗ ਆਪਣੇ ਆਪ 'ਤੇ ਉਲਟਾ ਪੈਂਦਾ ਹੈ। ਬਹੁਜਨ ਨੇਤਾਵਾਂ ਨੂੰ ਇਸ ਤੋਂ ਬਚਣਾ ਚਾਹੀਦਾ ਹੈ। ਇਹ ਇੱਕ ਪ੍ਰੀਖਿਆ ਹੋਣ ਜਾ ਰਹੀ ਹੈ, ਜਿਸ ਤੋਂ ਨਿਰਪੱਖ ਸਿੱਟੇ ਨਿਕਲਣਗੇ, ਜੋ ਬਿਨਾਂ ਸ਼ੱਕ ਰਾਜਨੀਤੀ ਦਾ ਭਵਿੱਖ ਨਿਰਧਾਰਤ ਕਰੇਗਾ। ਇਸ ਬਾਰੇ ਗੱਲ ਕਰਨ ਨਾਲੋਂ ਇਸਦੀ ਉਡੀਕ ਕਰਨ ਵਿੱਚ ਜ਼ਿਆਦਾ ਖੁਸ਼ੀ ਹੈ। ਹਿੰਦੀ ਲੇਖਕ ਆਰਪੀ ਵਿਸ਼ਾਲ।



**ਇੰਜ:- ਵਿਸ਼ਾਲ ਖੈਰਾ**
**+39 3275742539**
**(ਅਨੁਵਾਦ ਅਤੇ ਐਡਿਟਿੰਗ )**

# ਰਾਮ ਮੰਦਰ ਚੜ੍ਹਾਵਾ ਮਾਮਲਾ: ਆਸਥਾ ਦੇ ਨਾਲ-ਨਾਲ ਜਵਾਬਦੇਹੀ ਦੀ ਵੀ ਪ੍ਰੀਖਿਆ



ਅਯੋਧਿਆ ਦੇ ਸ਼੍ਰੀ ਰਾਮ ਜਨਮਭੂਮੀ ਮੰਦਰ ਨਾਲ ਜੁੜੇ ਕਥਿਤ ਚੜ੍ਹਾਵਾ ਗੜਬੜੀ ਮਾਮਲੇ ਨੇ ਦੇਸ਼ ਭਰ ਵਿੱਚ ਚਰਚਾ ਛੇੜ ਦਿੱਤੀ ਹੈ। ਮੀਡੀਆ ਰਿਪੋਰਟਾਂ ਮੁਤਾਬਕ ਸੁਪਰੀਮ ਕੋਰਟ ਨੇ ਉੱਤਰ ਪ੍ਰਦੇਸ਼ ਸਰਕਾਰ ਵੱਲੋਂ ਗਠਿਤ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਤੋਂ ਇਸ ਮਾਮਲੇ ਬਾਰੇ ਤਾਜ਼ਾ ਸਥਿਤੀ ਰਿਪੋਰਟ ਮੰਗੀ ਹੈ। ਸਰਵੋਚ ਅਦਾਲਤ ਦੀ ਦਖ਼ਲਅੰਦਾਜ਼ੀ ਇਸ ਗੱਲ ਦਾ ਸੰਕੇਤ ਹੈ ਕਿ ਮਾਮਲਾ ਕੇਵਲ ਵਿੱਤੀ ਬੇਨਿਯਮੀਆਂ ਤੱਕ ਸੀਮਿਤ ਨਹੀਂ, ਸਗੋਂ ਕਰੋੜਾਂ ਸ਼ਰਧਾਲੂਆਂ ਦੀ ਆਸਥਾ ਅਤੇ ਭਰੋਸੇ ਨਾਲ ਵੀ ਜੁੜਿਆ ਹੋਇਆ ਹੈ।

ਰਾਮ ਮੰਦਰ ਸਿਰਫ਼ ਇੱਕ ਧਾਰਮਿਕ ਸਥਾਨ ਨਹੀਂ, ਸਗੋਂ ਭਾਰਤੀ ਸਭਿਆਚਾਰ, ਪਰੰਪਰਾ ਅਤੇ ਲੰਬੇ ਇਤਿਹਾਸਕ ਸੰਘਰਸ਼ ਦਾ ਪ੍ਰਤੀਕ ਹੈ। ਇਸੇ ਕਰਕੇ ਜਦੋਂ ਇਸ ਪਵਿੱਤਰ ਧਾਮ ਨਾਲ ਜੁੜੇ ਚੜ੍ਹਾਵੇ ਦੇ ਪ੍ਰਬੰਧਨ 'ਤੇ ਸਵਾਲ ਖੜ੍ਹੇ ਹੁੰਦੇ ਹਨ ਤਾਂ ਲੋਕਾਂ ਦੀ ਚਿੰਤਾ ਸੁਭਾਵਿਕ ਹੈ। ਅਜਿਹੇ ਮਾਮਲਿਆਂ ਵਿੱਚ ਸਭ ਤੋਂ ਵੱਧ ਲੋੜ ਪਾਰਦਰਸ਼ੀ ਅਤੇ ਨਿਰਪੱਖ ਜਾਂਚ ਦੀ ਹੁੰਦੀ ਹੈ, ਤਾਂ ਜੋ ਸੱਚਾਈ ਬਿਨਾਂ ਕਿਸੇ ਸ਼ੱਕ ਦੇ ਸਾਹਮਣੇ ਆ ਸਕੇ।

ਭਾਰਤ ਵਿੱਚ ਕਰੋੜਾਂ ਲੋਕ ਆਪਣੀ ਸ਼ਰਧਾ ਅਤੇ ਵਿਸ਼ਵਾਸ ਨਾਲ ਮੰਦਰਾਂ ਵਿੱਚ ਦਾਨ ਕਰਦੇ ਹਨ। ਇਹ ਦਾਨ ਕਿਸੇ ਵਿਅਕਤੀ ਲਈ ਨਹੀਂ, ਸਗੋਂ ਧਾਰਮਿਕ ਕਾਰਜਾਂ, ਸਮਾਜ ਸੇਵਾ ਅਤੇ ਲੋਕ-ਭਲਾਈ ਦੀ ਭਾਵਨਾ ਨਾਲ ਦਿੱਤਾ ਜਾਂਦਾ ਹੈ। ਇਸ ਲਈ ਧਾਰਮਿਕ ਸੰਸਥਾਵਾਂ ਉੱਤੇ ਇਹ ਨੈਤਿਕ ਜ਼ਿੰਮੇਵਾਰੀ ਬਣਦੀ ਹੈ ਕਿ ਦਾਨ ਦੀ ਹਰ ਪੈਸੇ ਦੀ ਵਰਤੋਂ ਪੂਰੀ ਪਾਰਦਰਸ਼ਤਾ ਨਾਲ ਹੋਵੇ ਅਤੇ ਉਸ ਦਾ ਹਿਸਾਬ ਜਨਤਕ ਭਰੋਸੇ ਦੇ ਮਿਆਰਾਂ 'ਤੇ ਖਰਾ ਉਤਰੇ।

ਕਾਨੂੰਨ ਦਾ ਸਿਧਾਂਤ ਸਪੱਸ਼ਟ ਹੈ ਕਿ ਜਾਂਚ ਪੂਰੀ ਹੋਣ ਅਤੇ ਦੋਸ਼ ਸਾਬਤ ਹੋਣ ਤੋਂ ਪਹਿਲਾਂ ਕਿਸੇ ਨੂੰ ਦੋਸ਼ੀ ਨਹੀਂ ਮੰਨਿਆ ਜਾ ਸਕਦਾ। ਇਸ ਲਈ ਜਾਂਚ ਏਜੰਸੀਆਂ ਨੂੰ ਬਿਨਾਂ ਕਿਸੇ ਦਬਾਅ ਦੇ ਆਪਣਾ ਕੰਮ ਕਰਨ ਦੇਣਾ ਚਾਹੀਦਾ ਹੈ। ਜੇ ਕੋਈ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਖ਼ਿਲਾਫ਼ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ, ਪਰ ਜੇ ਦੋਸ਼ ਸਾਬਤ ਨਹੀਂ ਹੁੰਦੇ ਤਾਂ ਬੇਵਜ੍ਹਾ ਕਿਸੇ ਦੀ ਸਾਖ ਨੂੰ ਨੁਕਸਾਨ ਵੀ ਨਹੀਂ ਪਹੁੰਚਣਾ ਚਾਹੀਦਾ।

ਇਸ ਘਟਨਾ ਨੇ ਇੱਕ ਵਾਰ ਫਿਰ ਇਹ ਸਵਾਲ ਖੜ੍ਹਾ ਕੀਤਾ ਹੈ ਕਿ ਦੇਸ਼ ਦੀਆਂ ਵੱਡੀਆਂ ਧਾਰਮਿਕ ਸੰਸਥਾਵਾਂ ਵਿੱਚ ਵਿੱਤੀ ਪ੍ਰਬੰਧਨ ਹੋਰ ਮਜ਼ਬੂਤ, ਆਧੁਨਿਕ ਅਤੇ ਪਾਰਦਰਸ਼ੀ ਕਿਵੇਂ ਬਣਾਇਆ ਜਾਵੇ। ਨਿਯਮਿਤ ਆਡਿਟ, ਡਿਜ਼ੀਟਲ ਲੇਖਾ-ਜੋਖਾ, ਨਿਗਰਾਨੀ ਪ੍ਰਣਾਲੀ ਅਤੇ ਜਵਾਬਦੇਹ ਪ੍ਰਬੰਧਨ ਵਰਗੇ ਕਦਮ ਅਜਿਹੇ ਵਿਵਾਦਾਂ ਨੂੰ ਘਟਾਉਣ ਵਿੱਚ ਮਦਦਗਾਰ ਹੋ ਸਕਦੇ ਹਨ।

ਅਯੋਧਿਆ ਦਾ ਵਿਕਾਸ ਕੇਵਲ ਸ਼ਾਨਦਾਰ ਮੰਦਰਾਂ, ਸੜਕਾਂ ਅਤੇ ਇਮਾਰਤਾਂ ਨਾਲ ਨਹੀਂ ਮਾਪਿਆ ਜਾਣਾ ਚਾਹੀਦਾ। ਅਸਲ ਮਾਇਨੇ ਵਿੱਚ ਉਹ ਤਦੋਂ ਇੱਕ ਆਦਰਸ਼ ਧਾਰਮਿਕ ਨਗਰੀ ਬਣੇਗੀ, ਜਦੋਂ ਉੱਥੇ ਪਾਰਦਰਸ਼ੀ ਪ੍ਰਬੰਧ, ਇਮਾਨਦਾਰੀ, ਸੇਵਾ, ਸਮਾਜਿਕ ਨਿਆਂ ਅਤੇ ਲੋਕ-ਕਲਿਆਣ ਦੀ ਭਾਵਨਾ ਵੀ ਉਸੇ ਤਰ੍ਹਾਂ ਮਜ਼ਬੂਤ ਹੋਵੇਗੀ, ਜਿਵੇਂ ਭਗਤਾਂ ਦੀ ਆਸਥਾ ਮਜ਼ਬੂਤ ਹੈ।

ਇਸ ਮਾਮਲੇ ਦੀ ਅੰਤਿਮ ਸੱਚਾਈ ਜਾਂਚ ਅਤੇ ਅਦਾਲਤੀ ਕਾਰਵਾਈ ਤੋਂ ਬਾਅਦ ਹੀ ਸਾਹਮਣੇ ਆਵੇਗੀ। ਪਰ ਇਹ ਘਟਨਾ ਇੱਕ ਮਹੱਤਵਪੂਰਨ ਸੰਦੇਸ਼ ਜ਼ਰੂਰ ਦਿੰਦੀ ਹੈ ਕਿ ਆਸਥਾ ਜਿੰਨੀ ਪਵਿੱਤਰ ਹੁੰਦੀ ਹੈ, ਉਸ ਨਾਲ ਜੁੜੀਆਂ ਸੰਸਥਾਵਾਂ ਦੀ ਜਵਾਬਦੇਹੀ ਵੀ ਉੱਨੀ ਹੀ ਉੱਚੀ ਹੋਣੀ ਚਾਹੀਦੀ ਹੈ। ਜਦੋਂ ਪਾਰਦਰਸ਼ਤਾ ਅਤੇ ਭਰੋਸਾ ਇਕੱਠੇ ਚੱਲਦੇ ਹਨ, ਤਦੋਂ ਹੀ ਧਾਰਮਿਕ ਸੰਸਥਾਵਾਂ ਦੀ ਮਰਿਆਦਾ ਅਤੇ ਸਮਾਜ ਦਾ ਵਿਸ਼ਵਾਸ ਲੰਬੇ ਸਮੇਂ ਤੱਕ ਕਾਇਮ ਰਹਿੰਦਾ ਹੈ।



ਗੁਰਭਿੰਦਰ ਗੁਰੀ

# ਮਨਰੇਗਾ ਮਜ਼ਦੂਰਾਂ ਉੱਪਰ ਡਾਂਗਾਂ ਅਤੇ ਅੱਥਰੂ ਗੈਸ ਦੇ ਗੋਲੇ ਦਾਗਣੇ ਸਰਕਾਰ ਦੀ ਅਸਫਲ ਕਾਰਜਪ੍ਰਣਾਲੀ ਦਾ ਪ੍ਰਤੱਖ ਪ੍ਰਮਾਣ : ਕਮਲ ਧਾਲੀਵਾਲ

**ਅਮਰਗੜ੍ਹ 16 ਜੁਲਾਈ (ਕੁਲਵੰਤ ਸਿੰਘ ਮੁਹਾਲੀ)** ਖੰਨਾ ਵਿੱਚ ਆਪਣੀਆਂ ਹੱਕੀ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਮਜ਼ਦੂਰਾਂ ਉੱਪਰ ਅੰਨੇਵਾਹ ਡਾਂਗਾਂ ਵਰਾਉਣੀਆਂ ਅਤੇ ਅੱਥਰੂ ਗੈਸ ਦੇ ਗੋਲੇ ਦਾਗਣੇ ਪੰਜਾਬ ਸਰਕਾਰ ਦੀ ਬੇਹੱਦ ਨਿੰਦਣਯੋਗ ਕਾਰਵਾਈ ਹੈ ਅਤੇ ਸਰਕਾਰੀ ਤੰਤਰ ਦੀ ਨਾਲਾਇਕੀ ਦਾ ਪ੍ਰਤੱਖ ਪ੍ਰਮਾਣ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਅਮਰਗੜ੍ਹ ਦੇ ਸਰਗਰਮ ਕਾਂਗਰਸ ਆਗੂ ਕਮਲ ਧਾਲੀਵਾਲ ਵੱਲੋਂ ਅਮਰਗੜ੍ਹ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਹਨਾਂ ਕਿਹਾ ਕਿ ਆਪਣੀ ਹੱਕੀ ਕਮਾਈ ਅਤੇ ਖੂਨ-ਪਸੀਨੇ ਦੀ ਮਨਰੇਗਾ ਦਿਹਾੜੀ ਦੀ ਮਜਦੂਰੀ ਮੰਗ ਰਹੇ ਗਰੀਬ ਮਜ਼ਦੂਰਾਂ ਦਾ ਕਸੂਰ ਸਿਰਫ਼ ਇੰਨਾ ਸੀ ਕਿ ਉਹ ਸ਼ਾਂਤੀਪੂਰਵਕ ਹੱਥ ਜੋੜ ਕੇ 'ਸਤਿਨਾਮ ਵਾਹਿਗੁਰੂ' ਦਾ ਜਾਪ ਕਰ ਰਹੇ ਸਨ, ਪਰ ਮੌਜੂਦਾ ਸਰਕਾਰ ਵੱਲੋਂ ਉਨ੍ਹਾਂ ਦੀ ਫਰਿਆਦ ਸੁਣਨ ਦੀ ਬਜਾਏ, ਤਾਨਾਸ਼ਾਹੀ ਰਵੱਈਆ ਅਪਣਾਉਂਦਿਆਂ ਉਨ੍ਹਾਂ ਉਪਰ ਅੱਥਰੂ ਗੈਸ ਦੇ ਗੋਲੇ ਦਾਗ ਦਿੱਤੇ ਅਤੇ ਬੇਤਿਹਾਸ਼ੀਆਂ ਡਾਂਗਾਂ ਵਰ੍ਹਾ ਦਿੱਤੀਆਂ।



ਉਨ੍ਹਾਂ ਕਿਹਾ ਕਿ ਜਦੋਂ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਨ ਵਾਲੇ ਕਿਰਤੀਆਂ 'ਤੇ ਪ੍ਰਸ਼ਾਸਨ ਇਸ ਤਰ੍ਹਾਂ ਜ਼ੁਲਮ ਢਾਹੁੰਦਾ ਹੈ, ਤਾਂ ਇਹ ਗੱਲ ਸ਼ੀਸ਼ੇ ਵਾਂਗ ਸਾਫ਼ ਹੋ ਜਾਂਦੀ ਹੈ, ਕਿ ਇਸ ਸਰਕਾਰ ਦੇ ਨਕਸ਼ੇ ਵਿੱਚ ਗਰੀਬਾਂ ਅਤੇ ਲੋੜਵੰਦਾਂ ਲਈ ਕੋਈ ਥਾਂ ਨਹੀਂ ਹੈ।ਉਨ੍ਹਾਂ ਕਿਹਾ ਪ੍ਰਸ਼ਾਸਨ ਦੀ ਇਹ ਕਾਰਵਾਈ ਬੇਹੱਦ ਨਿੰਦਣਯੋਗ ਅਤੇ ਸ਼ਰਮਨਾਕ ਹੈ। ਇਨ੍ਹਾਂ ਰੋਸ ਧਰਨਿਆਂ ਤੋਂ ਸੱਤਾ ਤੱਕ ਦਾ ਸਫ਼ਰ ਕਰਨ ਵਾਲੀ ਆਮ ਆਦਮੀ ਪਾਰਟੀ ਅੱਜ ਆਪਣੀਆਂ ਹੀ ਕਦਰਾਂ-ਕੀਮਤਾਂ ਨੂੰ ਭੁੱਲ ਚੁੱਕੀ ਹੈ।ਮਨਰੇਗਾ ਮਜ਼ਦੂਰ ਜੋ ਆਪਣੀਆਂ ਜਾਇਜ਼ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਆਪਣੀ ਆਵਾਜ਼ ਉਠਾ ਰਹੇ ਸਨ, ਪ੍ਰੰਤੂ ਭਗਵੰਤ ਮਾਨ ਸਰਕਾਰ ਨੇ ਗੱਲਬਾਤ ਕਰਨ ਦੀ ਬਜਾਏ ਲਾਠੀਚਾਰਜ ਦਾ ਰਾਹ ਚੁਣਿਆ।ਸਰਕਾਰ ਦਾ ਅਜਿਹਾ ਰਵੱਈਆ ਲੋਕਤੰਤਰ ਦੀ ਭਾਵਨਾ ਅਤੇ ਲੋਕਾਂ ਦੇ ਸੰਵਿਧਾਨਕ ਹੱਕਾਂ ਦੇ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਮਨਰੇਗਾ ਮੁਲਾਜ਼ਮਾਂ ਅਤੇ ਹਰ ਉਸ ਨਾਗਰਿਕ ਦੇ ਨਾਲ ਖੜ੍ਹੀ ਹੈ ਜੋ ਆਪਣੇ ਹੱਕਾਂ ਲਈ ਲੋਕਤੰਤਰਿਕ ਢੰਗ ਨਾਲ ਆਵਾਜ਼ ਉਠਾ ਰਿਹੈ।ਇਸ ਮੌਕੇ ਪ੍ਰਧਾਨ ਭੁਪਿੰਦਰ ਸਿੰਘ ਲਾਂਗੜੀਆ, ਚੇਤੰਨ ਸਿੰਘ ਚੌਂਦਾ, ਸਾਬਕਾ ਚੇਅਰਮੈਨ ਹਰਜਿੰਦਰ ਸਿੰਘ ਕਾਕਾ ਨੱਥੂਮਾਜਰਾ, ਬਲਾਕ ਕਾਂਗਰਸ ਸ਼ਹਿਰੀ ਪ੍ਰਧਾਨ ਮਹਿੰਦਰ ਸਿੰਘ, ਪ੍ਰਧਾਨ ਪ੍ਰਿੰਸ ਜੋਸ਼ੀ ਰੌਕੀ, ਸਾਬਕਾ ਸੰਮਤੀਮੈਂਬਰ ਦੀਪਾ ਲਸੋਈ, ਗੁਰਪ੍ਰੀਤ ਸਿੰਘ ਬਾਬਾ ਸੂਬਾ ਜਨਰਲ ਸਕੱਤਰ ਐਸਸੀ ਵਿੰਗ, ਹਰਪ੍ਰੀਤ ਸੋਹੀ ਬਾਗੜੀਆਂ,ਹਲਕਾ ਯੂਥ ਪ੍ਰਧਾਨ ਬਬਲੂ ਮਾਹੋਰਾਣਾ,ਅਮਰਿੰਦਰ ਭੁੱਲਰ,ਲਖਵੀਰ ਸਿੰਘ ਨਿੱਕਾ,ਬਲਵੰਤ ਸਿੰਘ ਭੱਟੀ, ਹਰਪ੍ਰੀਤ ਸਿੰਘ ਫੌਜੀ ਭੱਟੀਆਂ, ਧਰਮਾਂ ਬਾਗੜੀਆਂ ਤੇ ਭੁਪਿੰਦਰ ਸਿੰਘ ਤੋਂ ਇਲਾਵਾ ਹੋਰ ਵੀ ਕਾਂਗਰਸ ਵਰਕਰ ਹਾਜ਼ਰ ਸਨ।

Samaj Weekly
ਸਮਾਜ ਵੀਕਲੀ
Punjabi, Hindi & English Newspaper - UK & EU Edition


# ਸਾਡੇ DIGITAL MEDIA ਨਾਲ ਜੁੜੋ

ਸਾਨੂੰ ਫੇਸਬੁੱਕ ਤੇ ਲਾਇਕ ਕਰੋ

facebook
samajweekly

ਸਾਨੂੰ ਐਕਸ ਤੇ ਫੌਲੋ ਕਰੋ

X @samajweekly

## ਸਾਡੇ ਵਟਸਅੱਪ ਨਾਲ ਜੁੜੋ ਅਤੇ ਪਾਓ ਸਾਹਿਤ ਜਗਤ ਅਤੇ ਦੇਸ਼ ਦੁਨੀਆ ਨਾਲ ਜੁੜੀਆਂ ਬੇਹਤਰੀਨ ਖਬਰਾਂ



ਨਾਲ ਹੀ ਪਾਓ ਸਮਾਜ ਵੀਕਲੀ ਅਖਬਾਰ ਦਾ ਰੋਜਾਨਾ PDF ਉਹ ਵੀ ਬਿਲਕੁਲ ਮੁੱਫਤ

ਅਖਬਾਰ ਵਿੱਚ ਇਸ਼ਤਿਹਾਰ ਦੇਣ ਲਈ ਅਤੇ ਵੈਬਸਾਈਟ ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ।

**+44 7878 456484**

**email:-Samajweekly@gmail.com**